@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Thursday, 5 September 2024

ਨਵੀਂ ਦਿੱਲੀ: ਵੀਰਵਾਰ 5 ਸਤੰਬਰ 2024, 20 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

VISIT: www.qaumipatrika.org
Email: qpatrika@gmail.com

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 42, ਅੰਕ 300, qpatrika@gmail.com ਫੋਨ : 9971359517 www.qaumipatrika.org

ਵਿਧਾਨ ਸਭਾ ਚੋਣਾਂ ਨਹੀਂ ਲੜਨਗੇ ਗੁਲਾਮ ਨਬੀ ਆਜਾਦ

ਨੈਸ਼ਨਲ ਡੈਸਕ 4 ਸਤੰਬਰ। ਡੈਮੋਕ੍ਰੇਟਿਕ ਪ੍ਰੋਗਰੈਸਿਵ ਆਜਾਦ ਪਾਰਟੀ (ਡੀ.ਪੀ.ਏ.ਪੀ.) ਦੇ ਪ੍ਰਧਾਨ ਗੁਲਾਮ ਨਬੀ ਆਜਾਦ ਸਿਹਤ ਕਾਰਨਾਂ ਕਰਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨਹੀਂ ਲੜਨਗੇ ਪਰ ਪਾਰਟੀ ਜੰਮੂ-ਕਸ਼ਮੀਰ ਦੀਆਂ ਚੋਣਵੀਆਂ ਸੀਟਾਂ 'ਤੇ ਚੋਣ ਲੜੇਗੀ। ਪਾਰਟੀ ਦੇ ਮੁੱਖ ਬੁਲਾਰੇ ਸਲਮਾਨ ਨਿਜਾਮੀ ਨੇ ਇਥੇ ਪ੍ਰੈੱਸ ਕਾਨਫਰੰਸ ਦੌਰਾਨ ਐਲਾਨ ਕੀਤਾ ਕਿ ਆਜਾਦ ਪਹਿਲਾਂ ਡੋਡਾ ਖੇਤਰ ਤੋਂ ਚੋਣ ਲੜਨ ਵਾਲੇ ਸਨ ਪਰ ਸਿਹਤ ਖਰਾਬ ਹੋਣ ਕਾਰਨ

ਉਨ੍ਹਾਂ ਨੇ ਹੁਣ ਆਪਣੇ ਉਮੀਦਵਾਰਾਂ ਲਈ ਚੋਣ ਪ੍ਰਚਾਰ ਕਰਨ 'ਤੇ ਧਿਆਨ ਦੇਣ ਦਾ ਫੈਸਲਾ ਕੀਤਾ ਹੈ। ਨਿਜਾਮੀ ਨੇ ਕਿਹਾ ਕਿ ਡੀ.ਪੀ.ਏ.ਪੀ. ਚੋਣ ਦੌੜ ਤੋਂ ਪਿੱਛੇ ਨਹੀਂ ਹਟੀ, ਜਿਵੇਂ ਕਿ ਅਫਵਾਹ ਸੀ ਅਤੇ ਇਸ ਦੀ ਬਜਾਏ ਸੀਮਤ ਸੀਟਾਂ 'ਤੇ ਚੋਣ ਲੜੇਗੀ, ਜਿੱਥੇ ਉਸ ਦੇ ਉਮੀਦਵਾਰ ਮਜਬੂਤ ਹਨ। ਉਨ੍ਹਾਂ ਨੇ ਪਾਰਟੀ ਵਰਕਰਾਂ, ਸਮਰਥਕਾਂ ਅਤੇ ਸੁਭਚਿੰਤਕਾਂ ਨੂੰ ਭਰੋਸਾ ਦਿਵਾਇਆ ਕਿ ਦਿੱਲੀ ਦੇ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ (ਏਮਜ) ਵਿਚ ਹਾਲ ਹੀ ਵਿਚ ਦਾਖਲ ਹੋਣ ਤੋਂ ਬਾਅਦ ਆਜਾਦ ਦੀ ਸਿਹਤ ਵਿਚ ਸੁਧਾਰ ਹੋ ਰਿਹਾ ਹੈ। ਉਨ੍ਹਾਂ ਕਿਹਾ, 'ਆਜਾਦ ਜਲਦੀ ਹੀ ਆਪਣੇ ਉਮੀਦਵਾਰਾਂ ਲਈ ਚੋਣ ਪ੍ਰਚਾਰ ਸ਼ੁਰੂ ਕਰਨਗੇ।'

ਔਰਤਾਂ ਦੇ ਪ੍ਰਤੀ ਰਵੱਈਆ ਬਦਲਣ ਦੀ ਜਰੂਰਤ : ਰਾਸ਼ਟਰਪਤੀ ਮੁਰਮੂ

ਮੁੰਬਈ 4 ਸਤੰਬਰ। ਰਾਸਟਰਪਤੀ ਦ੍ਰੌਪਦੀ ਮੁਰਮੂ ਨੇ ਮੰਗਲਵਾਰ ਨੂੰ ਔਰਤਾਂ ਪ੍ਰਤੀ ਰਵੱਈਏ 'ਚ ਬਦਲਾਅ ਦੀ ਜਰੂਰਤ 'ਤੇ ਜੋਰ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦੇ ਸਮਾਜਿਕ-ਆਰਥਿਕ ਅਤੇ ਵਿਦਿਅਕ ਵਿਕਾਸ ਤੋਂ ਬਿਨਾਂ ਦੇਸ ਦੀ ਤਰੱਕੀ ਪੂਰੀ ਤਰ੍ਹਾਂ ਨਾਲ ਨਹੀਂ ਹੋ

ਸਕਦੀ। ਮੁੰਬਈ ਵਿੱਚ ਮਹਾਰਾਸਟਰ ਵਿਧਾਨ ਪ੍ਰੀਸਦ ਦੇ ਸਤਾਬਦੀ ਸਮਾਗਮ ਨੂੰ ਸੰਬੋਧਨ ਕਰਦਿਆਂ ਮੁਰਮੂ ਨੇ ਕਿਹਾ ਕਿ ਭਾਰਤ ਦੀ ਅੱਧੀ ਆਬਾਦੀ ਔਰਤਾਂ ਦੀ ਹੈ ਅਤੇ ਦੇਸ ਨੂੰ ਅੱਗੇ ਲਿਜਾਣ ਲਈ ਵੱਖ-ਵੱਖ ਖੇਤਰਾਂ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਜਰੂਰੀ ਹੈ। ਉਨ੍ਹਾਂ ਕਿਹਾ, "ਔਰਤਾਂ ਦੀ ਸਮਾਜਿਕ-ਆਰਥਿਕ ਅਤੇ ਵਿਦਿਅਕ ਤਰੱਕੀ ਤੋਂ ਬਿਨਾਂ, ਦੇਸ ਦਾ ਵਿਕਾਸ ਨਹੀਂ ਹੋ ਸਕਦਾ, ਜਿਵੇਂ ਕਿ ਇਹ ਹੋਣਾ ਚਾਹੀਦਾ ਹੈ।" ਰਾਸਟਰਪਤੀ ਨੇ ਜੋਰ ਦੇ ਕੇ ਕਿਹਾ, "ਔਰਤਾਂ ਪ੍ਰਤੀ ਸਾਡੇ ਰਵੱਈਏ ਨੂੰ ਬਦਲਣ ਦੀ ਲੋੜ ਹੈ।" ਉਨ੍ਹਾਂ ਦੀਆਂ ਟਿੱਪਣੀਆਂ ਔਰਤਾਂ ਵਿਰੁੱਧ ਅਪਰਾਧਾਂ ਦੇ ਹਾਲ ਹੀ ਦੇ ਮਾਮਲਿਆਂ ਦੇ ਪਿਛੋਕੜ ਵਿੱਚ ਆਈਆਂ ਹਨ। ਇਨ੍ਹਾਂ ਵਿੱਚ ਕੋਲਕਾਤਾ ਦੇ ਇੱਕ ਸਰਕਾਰੀ ਹਸਪਤਾਲ ਵਿੱਚ ਇੱਕ ਜੂਨੀਅਰ ਮਹਿਲਾ ਡਾਕਟਰ ਨਾਲ ਬਲਾਤਕਾਰ ਅਤੇ ਕਤਲ ਦੀ ਘਟਨਾ ਵੀ ਸਾਮਲ ਹੈ, ਜਿਸ ਨੇ ਵਿਆਪਕ ਰੋਸ ਫੈਲਾ ਦਿੱਤਾ ਹੈ। ਉਨ੍ਹਾਂ ਨੇ ਮਰਾਠਾ ਸਾਮਰਾਜ ਦੇ ਸੰਸਥਾਪਕ ਅਤੇ ਮਹਾਨ ਯੋਧੇ ਛਤਰਪਤੀ ਸ਼ਿਵਾਜੀ ਮਹਾਰਾਜ ਦੀ ਬਹਾਦਰ ਮਾਂ ਜੀਜਾਬਾਈ ਅਤੇ ਔਰਤਾਂ ਦੀ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸਮਾਜ ਸੁਧਾਰਕ ਸਾਵਿਤਰੀਬਾਈ ਫੂਲੇ ਦੇ ਯੋਗਦਾਨ ਦੀ ਵੀ ਸਲਾਘਾ ਕੀਤੀ।

ਬੀਮਾ ਕੰਪਨੀ ਦੇ ਦਫਤਰ 'ਚ ਲੱਗੀ ਭਿਆਨਕ ਅੱਗ

ਤਿਰੂਵਨੰਤਪੁਰਮ 4 ਸਤੰਬਰ। ਕੇਰਲ ਦੀ ਰਾਜਧਾਨੀ ਤਿਰੂਵਨੰਤਪੁਰਮ ਵਿੱਚ ਪੱਪਨਮਕੋਡ ਨੇੜੇ ਇੱਕ ਬੀਮਾ ਕੰਪਨੀ ਦੇ ਦਫਤਰ ਵਿੱਚ ਮੰਗਲਵਾਰ ਨੂੰ ਅੱਗ ਲੱਗਣ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ। ਇਸ ਘਟਨਾ ਦੀ ਜਾਣਕਾਰੀ ਪੁਲਸ ਵਲੋਂ ਦਿੱਤੀ ਗਈ ਹੈ। ਪੁਲਸ ਅਨੁਸਾਰ, 'ਮੈਡੀਕਲ ਕਾਲਜ ਅਤੇ ਹਸਪਤਾਲ ਤੋਂ ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕਾਂ ਦੀ ਪਛਾਣ ਇਕ ਪੁਰਸ ਅਤੇ ਇਕ ਔਰਤ ਦੇ ਰੂਪ ਵਿਚ ਹੋਈ ਹੈ। ਫਿਲਹਾਲ ਇਸ ਸਮੇਂ ਕੋਈ ਹੋਰ ਜਾਣਕਾਰੀ ਉਪਲਬਧ ਨਹੀਂ ਹੈ। ਘਟਨਾ ਸਥਾਨ 'ਤੇ ਮੌਜੂਦ ਸਥਾਨਕ ਲੋਕਾਂ ਮੁਤਾਬਕ ਅੱਗ ਇਮਾਰਤ ਦੀ ਦੂਜੀ ਮੰਜਿ਼ਲ 'ਤੇ ਲੱਗੀ ਹੈ, ਜਿੱਥੇ ਬੀਮਾ ਕੰਪਨੀ ਦਾ ਫਰੈਂਚਾਈਜ ਦਫਤਰ ਚੱਲ ਰਿਹਾ ਸੀ। ਫਾਇਰ ਵਿਭਾਗ ਦੇ ਕਰਮਚਾਰੀਆਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਅੱਗ 'ਤੇ ਕਾਬੂ ਪਾ ਲਿਆ। ਇਸ ਦੌਰਾਨ ਉਹਨਾਂ ਨੇ ਦੋ ਗੰਭੀਰ ਰੂਪ ਨਾਲ ਝੁਲਸੇ ਹੋਏ ਵਿਅਕਤੀਆਂ ਨੂੰ ਫਰਸ 'ਤੇ ਪਏ ਹੋਏ ਦੇਖਿਆ।

ਅਮਿਤ ਸ਼ਾਹ ਦੀ ਮੌਜੂਦਗੀ 'ਚ 2 ਕੱਟੜਪੰਥੀ ਸਮੂਹਾਂ ਵਿਚਾਲੇ ਹੋਇਆ ਸ਼ਾਂਤੀ ਸਮਝੌਤਾ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 4 ਸਤੰਬਰ। ਤ੍ਰਿਪੁਰਾ 'ਚ ਹਿੰਸਾ ਖਤਮ ਕਰਨ ਅਤੇ ਸ਼ਾਂਤੀ ਲਿਆਉਣ ਲਈ ਬੁੱਧਵਾਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੌਜੂਦਗੀ 'ਚ ਕੇਂਦਰ, ਪ੍ਰਦੇਸ਼ ਸਰਕਾਰ ਅਤੇ ਰਾਜ ਦੇ 2 ਕੱਟੜਪੰਥੀ ਸਮੂਹਾਂ ਵਿਚਾਲੇ ਸ਼ਾਂਤੀ ਸਮਝੌਤੇ 'ਤੇ ਦਸਤਖਤ ਕੀਤੇ ਗਏ। ਸਮਝੌਤਾ ਮੰਗ ਪੱਤਰ 'ਤੇ ਦਸਤਖਤ ਦੌਰਾਨ ਨੈਸ਼ਨਲ ਲਿਬਰੇਸ਼ਨ ਫਰੰਟ ਆਫ ਤ੍ਰਿਪੁਰਾ (ਐੱਨ.ਐੱਲ.ਐੱਫ.ਟੀ.) ਅਤੇ ਆਲ ਤ੍ਰਿਪੁਰਾ ਟਾਈਗਰਜ ਫੋਰਸ (ਏ.ਟੀ.ਟੀ.ਐੱਫ.) ਦੇ ਪ੍ਰਤੀਨਿਧੀਆਂ ਨਾਲ ਤ੍ਰਿਪੁਰਾ ਦੇ ਮੁੱਖ ਮੰਤਰੀ ਮਾਣਿਕ ਸਾਹਾ ਅਤੇ ਗ੍ਰਹਿ ਮੰਤਰਾਲਾ ਤੇ ਰਾਜ ਸਰਕਾਰ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਗ੍ਰਹਿ ਮੰਤਰੀ ਸ਼ਾਹ ਨੇ ਇਸ ਮੌਕੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮੋਦੀ ਸਰਕਾਰ ਨੇ ਪੂਰਬ-ਉੱਤਰ ਖੇਤਰ 'ਚ ਸ਼ਾਂਤੀ ਅਤੇ ਵਿਕਾਸ ਨੂੰ ਸਰਵਉੱਚ ਪਹਿਲ ਦਿੱਤੀ ਹੈ। ਉਨ੍ਹਾਂ ਕਿਹਾ,"ਸਰਕਾਰ ਨੇ ਪੂਰਬ-ਉੱਤਰ 'ਚ ਦਸਤਖਤ ਕੀਤੇ ਸਾਰੇ ਸ਼ਾਂਤੀ

ਸਮਝੌਤਿਆਂ ਨੂੰ ਲਾਗੂ ਕੀਤਾ ਹੈ।" ਗ੍ਰਹਿ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਐਲਾਨ 2,500 ਕਰੋੜ ਰੁਪਏ ਦੇ ਵਿਕਾਸ ਪੈਕੇਜ ਨੂੰ ਪੂਰਬ-ਉੱਤਰ 'ਚ ਲਾਗੂ ਕੀਤਾ ਗਿਆ ਹੈ। ਸਮਝੌਤਾ ਮੰਗ ਪੱਤਰ 'ਤੇ ਭਾਰਤ ਸਰਕਾਰ, ਤ੍ਰਿਪੁਰਾ ਸਰਕਾਰ ਅਤੇ ਐੱਨ.ਐੱਲ.ਐੱਫ.ਟੀ. ਅਤੇ ਏ.ਟੀ.ਟੀ.ਐੱਫ. ਦੇ ਪ੍ਰਤੀਨਿਧੀਆਂ ਨੇ ਦਸਤਖਤ ਕੀਤੇ। ਸ਼ਾਹ ਨੇ ਕਿਹਾ ਕਿ ਅੱਤਵਾਦ, ਹਿੰਸਾ ਅਤੇ ਸੰਘਰਸ਼ ਤੋਂ ਮੁਕਤ ਵਿਕਸਿਤ ਪੂਰਬ-ਉੱਤਰ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੁਫਨੇ ਨੂੰ ਪੂਰਾ ਕਰਨ ਲਈ ਗ੍ਰਹਿ ਮੰਤਰਾਲਾ ਅਥੱਕ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਸਰਕਾਰ ਨੇ ਪੂਰਬ-ਉੱਤਰ ਖੇਤਰ 'ਚ ਸ਼ਾਂਤੀ ਅਤੇ ਖੁਸ਼ਹਾਲੀ ਲਿਆਉਣ ਲਈ 12 ਅਹਿਮ ਸਮਝੌਤਿਆਂ 'ਤੇ ਦਸਤਖਤ ਕੀਤੇ ਹਨ, ਜਿਨ੍ਹਾਂ 'ਚੋਂ ਤਿੰਨ ਤ੍ਰਿਪੁਰਾ ਨਾਲ ਸੰਬੰਧਤ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਝੌਤਿਆਂ ਕਾਰਨ ਕਰੀਬ 10,000 ਲੋਕ ਹਥਿਆਰ ਛੱਡ ਕੇ ਮੁੱਖ ਧਾਰਾ 'ਚ ਸ਼ਾਮਲ ਹੋ ਗਏ ਹਨ।

ਮਕਾਨ 'ਤੇ ਕਬਜਾ ਕਰਨ ਦੇ ਮਾਮਲੇ 'ਚ ਆਜਮ ਖਾਨ ਦੀ ਜਮਾਨਤ ਪਟੀਸ਼ਨ ਖਾਰਜ

ਪ੍ਰਯਾਗਰਾਜ 4 ਸਤੰਬਰ। ਇਲਾਹਾਬਾਦ ਹਾਈ ਕੋਰਟ ਨੇ 2016 ਵਿਚ ਰਾਮਪੁਰ ਦੇ ਡੂੰਗਰਪੁਰ ਟਾਊਨਸ਼ਿਪ ਵਿਚ ਇਕ ਮਕਾਨ 'ਤੇ ਕਬਜਾ ਕਰਨ ਅਤੇ ਬੁਲਡੋਜਰ ਨਾਲ ਢਾਹੁਣ ਦੇ ਅਪਰਾਧਿਕ ਮਾਮਲੇ ਵਿਚ ਸਮਾਜਵਾਦੀ ਪਾਰਟੀ ਦੇ ਨੇਤਾ ਆਜਮ ਖਾਨ, ਸਾਬਕਾ ਪੁਲਸ ਅਧਿਕਾਰੀ ਆਲੇ ਹਸਨ ਅਤੇ 2 ਹੋਰਾਂ ਦੀ ਸਜਾ ਨੂੰ ਮੁਅੱਤਲ ਕਰਨ ਅਤੇ ਜਮਾਨਤ ਦੇਣ ਦੀ ਬੇਨਤੀ ਵਾਲੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ। ਦੋਸ ਹੈ ਕਿ ਇਨ੍ਹਾਂ ਮੁਲਜਮਾਂ ਨੇ ਡੂੰਗਰਪੁਰ ਟਾਊਨਸ਼ਿਪ ਖਾਲੀ ਕਰਨ ਦੀ ਕੋਸ਼ਿਸ ਕੀਤੀ ਅਤੇ ਅਪਰਾਧੀ ਅਨਸਰਾਂ ਨੂੰ ਭੜਕਾ ਕੇ ਸ਼ਿਕਾਇਤਕਰਤਾ ਦੇ ਘਰ ਨੂੰ ਢਾਹ ਦਿੱਤਾ। ਆਜਮ ਖਾਨ, ਆਲੇ ਹਸਨ ਅਤੇ 2 ਹੋਰ ਦੋਸੀਆਂ ਨੇ 18 ਮਾਰਚ, 2024 ਨੂੰ ਰਾਮਪੁਰ ਦੇ ਵਧੀਕ ਸੈਸਨ ਜੱਜ/ਵਿਸੇਸ ਜੱਜ (ਐੱਮਪੀ/ਐੱਮਐੱਲਏ) ਡਾ. ਵਿਜੇ ਕੁਮਾਰ ਦੁਆਰਾ ਦਿੱਤੇ ਫੈਸਲੇ ਨੂੰ ਚੁਣੌਤੀ ਦਿੰਦੇ ਹੋਏ ਇਲਾਹਾਬਾਦ ਹਾਈ ਕੋਰਟ ਵਿਚ ਇਕ ਅਪੀਲ ਦਾਇਰ ਕੀਤੀ ਸੀ। ਹੇਠਲੀ ਅਦਾਲਤ ਨੇ ਮੁਹੰਮਦ ਆਜਮ ਖਾਨ, ਆਲੇ ਹਸਨ ਖਾਨ, ਬਰਕਤ ਅਲੀ ਠੇਕੇਦਾਰ ਉਰਫ ਫਕੀਰ ਮੁਹੰਮਦ ਅਤੇ ਅਜਹਰ ਖਾਨ ਨੂੰ ਭਾਰਤੀ ਦੰਡਾਵਲੀ (ਆਈਪੀਸੀ) ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸੀ ਠਹਿਰਾਇਆ ਸੀ। ਜਸਟਿਸ ਰਾਜੀਵ ਮਿਸਰਾ ਨੇ ਸਨੀਵਾਰ ਨੂੰ ਦਿੱਤੇ ਆਪਣੇ ਫੈਸਲੇ 'ਚ ਸਜਾ ਨੂੰ ਮੁਅੱਤਲ ਕਰਨ ਅਤੇ ਜਮਾਨਤ ਦੇਣ ਦੀ ਮੰਗ ਵਾਲੀ ਪਟੀਸਨ ਨੂੰ ਰੱਦ ਕਰ ਦਿੱਤਾ। ਰਾਮਪੁਰ ਦੀ ਸੰਸਦ ਮੈਂਬਰ/ਵਿਧਾਇਕ ਅਦਾਲਤ ਨੇ ਆਜਮ ਖਾਨ ਨੂੰ ਮਕਾਨ ਕਬਜੇ (ਆਈਪੀਸੀ ਧਾਰਾ 452) ਅਤੇ ਅਪਰਾਧਿਕ ਸਾਜਿ਼ਸ (ਆਈਪੀਸੀ ਧਾਰਾ 120ਬੀ) ਦੇ ਦੋਸਾਂ ਤਹਿਤ 7 ਸਾਲ ਦੀ ਸਖਤ ਕੈਦ ਦੀ ਸਜਾ ਸੁਣਾਈ ਸੀ।

ਪ੍ਰਸ਼ਾਂਤ ਕਿਸ਼ੋਰ ਕਦੇ 'ਬੁਲਡੋਜਰ' ਅਤੇ 'ਮੌਬ ਲਿੰਚਿੰਗ' 'ਤੇ ਨਹੀਂ ਬੋਲਦੇ

ਨਵੀਂ ਦਿੱਲੀ 4 ਸਤੰਬਰ। ਰਾਸਟਰੀ ਜਨਤਾ ਦਲ (ਰਾਜਦ) ਦੇ ਰਾਜ ਸਭਾ ਮੈਂਬਰ ਮਨੋਜ ਝਾਅ ਨੇ ਪਾਰਟੀ ਨੇਤਾ ਤੇਜਸਵੀ ਯਾਦਵ ਨੂੰ ਲੈ ਕੇ ਦਿੱਤੇ ਬਿਆਨ ਲਈ ਚੋਣ ਰਣਨੀਤੀਕਾਰ ਪ੍ਰਸ਼ਾਂਤ ਕਿਸੋਰ 'ਤੇ ਨਿਸਾਨਾ ਵਿੰਨ੍ਹਿਆ ਅਤੇ 'ਮੌਬ ਲਿੰਚਿੰਗ' ਅਤੇ 'ਬੁਲਡੋਜਰ' ਵਰਗੇ ਮੁੱਦਿਆਂ ਨੂੰ ਲੈ ਕੇ ਉਨ੍ਹਾਂ ਦੀ ਚੁੱਪ 'ਤੇ ਸਵਾਲ ਚੁੱਕਿਆ। ਕੁਝ ਮਹੀਨੇ ਪਹਿਲਾਂ ਆਪਣੀ 'ਜਨ ਸੁਰਾਜ ਪਾਰਟੀ' ਦੀ ਸਥਾਪਨਾ ਕਰਨ ਵਾਲੇ ਕਿਸ਼ੋਰ ਨੇ ਬਿਹਾਰ ਦੇ ਭੋਜਪੁਰ 'ਚ ਇਕ ਸਭਾ 'ਚ ਰਾਜ ਦੇ ਸਾਬਕਾ ਉੱਪ ਮੁੱਖ ਮੰਤਰੀ ਯਾਦਵ ਦੀ ਯੋਗਤਾ 'ਤੇ ਸਵਾਲ ਚੁੱਕਿਆ ਸੀ। ਕਿਸ਼ੋਰ ਨੇ ਕਿਹਾ ਸੀ ਕਿ 'ਇਕ ਨੌਵੀਂ ਫੇਲ' ਬਿਹਾਰ ਦਾ ਵਿਕਾਸ ਕਰ ਰਿਹਾ ਹੈ। ਝਾਅ ਨੇ ਕਿਹਾ,"ਪ੍ਰਸ਼ਾਂਤ ਕਿਸ਼ੋਰ ਕਹਿੰਦੇ ਹਨ ਕਿ ਤੇਜਸਵੀ ਜੀ ਦਾ ਕੋਈ ਮਹੱਤਵ ਨਹੀਂ ਹੈ ਪਰ ਜਦੋਂ ਉਹ 2 ਘੰਟੇ ਤੱਕ ਬੋਲਦੇ ਹਨ ਤਾਂ ਉਸ 'ਚੋਂ ਇਕ ਘੰਟਾ 54 ਮਿੰਟ ਤੇਜਸਵੀ ਬਾਰੇ ਬੋਲਦੇ ਹਨ।" ਉਨ੍ਹਾਂ ਕਿਹਾ,"ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ 11ਵਾਂ ਸਾਲ ਹੈ ਅਤੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ ਕੁਮਾਰ ਲਗਭਗ 19 ਸਾਲਾਂ ਤੋਂ ਇਸ ਅਹੁਦੇ 'ਤੇ ਹਨ ਪਰ ਉਨ੍ਹਾਂ ਨੂੰ ਤੇਜਸਵੀ ਜੀ ਨਾਲ ਸਮੱਸਿਆ ਹੈ। ਉਨ੍ਹਾਂ ਦੇ (ਕਿਸੋਰ ਦੇ) ਬਿਆਨਾਂ 'ਚ ਵੀ ਪੱਖਪਾਤ ਹੈ।" ਅਗਲੇ ਬਿਹਾਰ ਵਿਧਾਨ ਸਭਾ ਚੋਣਾਂ 'ਚ ਮੁਸਲਿਮ ਉਮੀਦਵਾਰਾਂ ਨੂੰ ਪ੍ਰਮੁੱਖਤਾ ਨਾਲ ਮੌਕਾ ਦਿੱਤੇ ਜਾਣ ਦੇ ਕਿਸ਼ੋਰ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਝਾਅ ਨੇ ਕਿਹਾ,"ਉਹ ਮੁਸਲਮਾਨਾਂ ਬਾਰੇ ਗੱਲ ਕਰਦੇ ਹਨ ਪਰ ਮੈਂ ਉਨ੍ਹਾਂ ਨੂੰ ਕਦੇ ਬੁਲਡੋਜਰ 'ਤੇ ਗੱਲ ਕਰਦੇ ਨਹੀਂ ਸੁਣਿਆ, ਜਦੋਂ ਮੁਸਲਮਾਨਾਂ ਦੇ ਘਰ ਸੁੱਟੇ ਜਾਂਦੇ ਹਨ। ਕਦੇ ਉਨ੍ਹਾਂ ਨੂੰ ਮੁਸਲਮਾਨਾਂ ਦੀ ਸੁਰੱਖਿਆ 'ਤੇ ਜਾਂ ਮੌਬ ਲਿੰਚਿੰਗ 'ਤੇ ਗੱਲ ਕਰਦੇ ਨਹੀਂ ਸੁਣਿਆ।" ਤੇਜਸਵੀ ਯਾਦਵ ਨੇ ਦਿੱਲੀ ਦੇ ਆਰ.ਕੇ. ਪੁਰਮ ਸਥਿਤ ਦਿੱਲੀ ਪਬਲਿਕ ਸਕੂਲ ਤੋਂ ਪੜ੍ਹਾਈ ਕੀਤੀ ਸੀ ਅਤੇ ਖੇਡ 'ਚ ਕਰੀਅਰ ਬਣਾਉਣ ਲਈ 10ਵੀਂ ਜਮਾਤ ਦੀ ਪ੍ਰੀਖਿਆ ਨਹੀਂ ਦਿੱਤੀ ਸੀ। ਉਨ੍ਹਾਂ ਦੀ ਚੋਣ ਦਿੱਲੀ ਦੀ ਅੰਡਰ-17 ਅਤੇ ਅੰਡਰ-19 ਕ੍ਰਿਕਟ ਟੀਮ 'ਚ ਹੋ ਗਈ ਸੀ ਅਤੇ ਉਹ ਅੰਡਰ-19 ਵਿਸ਼ਵ ਕੱਪ ਜਿੱਤਣ ਵਾਲੀ ਭਾਰਤੀ ਕ੍ਰਿਕਟ ਟੀਮ 'ਚ ਵੀ ਖਿਡਾਰੀ ਵਜੋਂ ਚੁਣੇ ਗਏ ਸਨ। ਕਿਸ਼ੋਰ ਨੇ ਐਤਵਾਰ ਨੂੰ ਕਿਹਾ ਸੀ ਕਿ ਉਨ੍ਹਾਂ ਦੀ ਪਾਰਟੀ 243 ਮੈਂਬਰੀ ਬਿਹਾਰ ਵਿਧਾਨ ਸਭਾ 'ਚ ਘੱਟੋ-ਘੱਟ 40 ਮੁਸਲਮਾਨਾਂ ਨੂੰ ਮੌਕਾ ਦੇਵੇਗੀ।

ਸਰਕਾਰ ਨੇ ਮੁਲਾਜਮਾਂ ਨੂੰ ਦਿੱਤੀ ਵੱਡੀ ਰਾਹਤ

ਏਜੰਸੀਆਂ

ਲਖਨਊ 4 ਸਤੰਬਰ। ਉੱਤਰ ਪ੍ਰਦੇਸ ਸਰਕਾਰ ਨੇ ਆਪਣੀ ਜਾਇਦਾਦ ਦਾ ਵੇਰਵਾ ਨਾ ਦੇਣ ਵਾਲੇ 2.44 ਲੱਖ ਕਰਮਚਾਰੀਆਂ ਨੂੰ ਇੱਕ ਹੋਰ ਮੌਕਾ ਦਿੱਤਾ ਹੈ। ਸਰਕਾਰ ਨੇ ਸਰਕਾਰੀ ਮੁਲਾਜਮਾਂ ਨੂੰ ਆਪਣੀ ਜਾਇਦਾਦ ਦਾ ਵੇਰਵਾ ਦੇਣ ਲਈ ਸਮਾਂ ਦਿੱਤਾ ਹੈ। ਇਸ ਤੋਂ ਪਹਿਲਾਂ ਸਰਕਾਰ ਨੇ ਕਿਹਾ ਸੀ ਕਿ ਅਗਸਤ ਮਹੀਨੇ ਦੀ ਤਨਖਾਹ ਰੋਕ ਦਿੱਤੀ ਜਾਵੇਗੀ ਪਰ ਮੁਲਾਜਮਾਂ ਵਲੋਂ ਸਮਾਂ ਮੰਗਿਆ ਗਿਆ। ਜਿਸ ਤੋਂ ਬਾਅਦ ਸਰਕਾਰ ਨੇ ਸਮਾਂ ਵਧਾ ਦਿੱਤਾ ਹੈ। ਇਸ ਤੋਂ ਪਹਿਲਾਂ ਮੁੱਖ ਸਕੱਤਰ ਨੇ 31 ਅਗਸਤ ਤੱਕ ਮਾਨਵ ਸੰਪਦਾ ਪੋਰਟਲ 'ਤੇ ਚੱਲ-ਅਚੱਲ ਜਾਇਦਾਦ ਦੇ ਵੇਰਵੇ ਦੇਣ ਦੇ ਨਿਰਦੇਸ ਦਿੱਤੇ ਸਨ। ਦੱਸ ਦੇਈਏ ਕਿ ਸਰਕਾਰ ਵਲੋਂ ਤੈਅ ਤਰੀਖ ਤੱਕ ਰਾਜ ਸਰਕਾਰ ਦੇ ਸਿਰਫ 74 ਫੀਸਦੀ ਸਰਕਾਰੀ ਮੁਲਾਜਮਾਂ ਨੇ ਹੀ ਆਪਣੀ ਜਾਇਦਾਦ ਦਾ ਖੁਲਾਸਾ ਕੀਤਾ ਸੀ, ਜਦੋਂ ਕਿ 2.44 ਲੱਖ ਮੁਲਾਜਮਾਂ ਨੇ ਜਾਇਦਾਦ ਦਾ ਵੇਰਵਾ ਨਹੀਂ ਦਿੱਤਾ। ਯੂਪੀ ਸਰਕਾਰ ਨੇ ਅਜੇ ਤੱਕ ਉਨ੍ਹਾਂ ਮੁਲਾਜਮਾਂ ਦੀਆਂ ਤਨਖਾਹਾਂ ਨਹੀਂ

ਰੋਕੀਆਂ, ਜਿਨ੍ਹਾਂ ਨੇ ਜਾਇਦਾਦ ਦਾ ਵੇਰਵਾ ਨਹੀਂ ਦਿੱਤਾ। ਫਿਰ ਵੀ ਜੇਕਰ ਕਰਮਚਾਰੀ ਨਿਰਧਾਰਤ ਸਮੇਂ ਅੰਦਰ ਜ

ਈ-ਨੀਲਾਮੀ ਦੇ ਪਹਿਲੇ ਦਿਨ ਥੋਕ ਖਪਤਕਾਰਾਂ ਨੂੰ 8.88 ਲੱਖ ਟਨ ਕਣਕ ਵੇਚੀ

ਨਵੀਂ ਦਿੱਲੀ 4 ਸਤੰਬਰ। ਸਰਕਾਰੀ ਮਲਕੀਅਤ ਵਾਲੇ ਭਾਰਤੀ ਖੁਰਾਕ ਨਿਗਮ (ਐੱਫ. ਸੀ. ਆਈ.) ਨੇ 22 ਸੂਬਿਆਂ 'ਚ ਈ-ਨੀਲਾਮੀ ਦੇ ਪਹਿਲੇ ਦਿਨ ਆਟਾ ਚੱਕੀ ਮਾਲਕਾਂ ਵਰਗੇ ਥੋਕ ਖਪਤਕਾਰਾਂ ਨੂੰ 8.88 ਲੱਖ ਟਨ ਕਣਕ ਵੇਚੀ ਹੈ। ਖੁਰਾਕ ਮੰਤਰਾਲਾ ਨੇ ਇਹ ਜਾਣਕਾਰੀ ਦਿੱਤੀ। ਐੱਫ. ਸੀ. ਆਈ. ਨੇ ਕਣਕ ਦੀ ਘਰੇਲੂ ਉਪਲਬਧਤਾ ਨੂੰ ਵਧਾਉਣਾ ਅਤੇ ਵਧਦੀਆਂ ਕੀਮਤਾਂ 'ਤੇ ਰੋਕ ਲਾਉਣ ਲਈ ਥੋਕ ਖਪਤਕਾਰਾਂ ਨੂੰ ਕਣਕ ਵੇਚਣ ਦੇ ਟੀਚੇ

ਨਾਲ ਮੁਕਤ ਬਾਜਾਰ ਵਿਕਰੀ ਯੋਜਨਾ (ਓ. ਐੱਮ. ਐੱਸ. ਐੱਸ.) ਦੇ ਤਹਿਤ ਇਕ ਫਰਵਰੀ ਨੂੰ ਕਣਕ ਦੀ ਈ-ਨੀਲਾਮੀ ਸ਼ੁਰੂ ਕੀਤੀ। ਪਹਿਲੇ ਦਿਨ ਇਸ ਨੇ ਓ. ਐੱਮ. ਐੱਸ. ਐੱਸ. ਦੇ ਤਹਿਤ ਨਿਰਧਾਰਤ 25 ਲੱਖ ਟਨ ਦੇ ਮੁਕਾਬਲੇ ਲਗਭਗ 22 ਲੱਖ ਟਨ ਕਣਕ ਦੀ ਵਿਕਰੀ ਦੀ ਪੇਸ਼ਕਸ਼ ਕੀਤੀ। ਮੰਤਰਾਲਾ ਨੇ ਕਿਹਾ ਕਿ ਪਹਿਲੀ ਈ-ਨੀਲਾਮੀ 'ਚ ਹਿੱਸਾ ਲੈਣ ਲਈ 1,100 ਤੋਂ ਵੱਧ ਬੋਲੀ ਲਾਉਣ ਵਾਲੇ ਅੱਗੇ ਆਏ। ਈ-ਨੀਲਾਮੀ ਦੇ ਪਹਿਲੇ ਦਿਨ 22 ਸੂਬਿਆਂ 'ਚ 8.88 ਲੱਖ ਟਨ ਕਣਕ ਦੀ ਵਿਕਰੀ ਕੀਤੀ ਗਈ। ਕਣਕ ਦੀ ਅੱਗੇ ਦੀ ਵਿਕਰੀ ਹਰੇਕ ਬੁੱਧਵਾਰ ਨੂੰ ਪੂਰੇ ਦੇਸ਼ 'ਚ ਈ-ਨੀਲਾਮੀ ਦੇ ਮਾਧਿਅਮ ਰਾਹੀਂ 15 ਮਾਰਚ ਤੱਕ ਜਾਰੀ ਰਹੇਗੀ। ਕਣਕ ਨੂੰ 2,350 ਰੁਪਏ ਪ੍ਰਤੀ ਕੁਇੰਟਲ ਦੇ ਰਾਖਵੇਂ ਮੁੱਲ ਅਤੇ ਢੁਆਈ ਫੀਸ ਦੇ ਨਾਲ ਪੇਸ਼ ਕੀਤਾ ਜਾ ਰਿਹਾ ਹੈ। ਇਕ ਖਰੀਦਦਾਰ ਵੱਧ ਤੋਂ ਵੱਧ 3,000 ਟਨ ਅਤੇ ਘੱਟ ਤੋਂ ਘੱਟ 10 ਟਨ ਲਈ ਬੋਲੀ ਲਾ ਸਕਦਾ ਹੈ।

ਪਿੰਡ ਕੋਟ ਧਰਮ ਚੰਦ ਕਲਾ ਵਿਖੇ ਹੋਏ ਗੁੰਡਾਗਰਦੀ ਦੇ ਨਾਚ ਤੋਂ ਬਾਅਦ ਪੁਲਸ ਆਈ ਹਰਕਤ ਵਿਚ

ਝਬਾਲ 4 ਸਤੰਬਰ। ਬੀਤੇ ਕੱਲ ਪਿੰਡ ਕੋਟ ਧਰਮੂ ਚੰਦ ਕਲਾ ਵਿਖੇ ਦੋ ਧੜਿਆਂ ਵਿਚਕਾਰ ਹੋਈ ਲੜਾਈ ਦੌਰਾਨ ਗੁੰਡਾਗਰਦੀ ਦੇ ਹੋਏ ਨਾਚ ਵਿਚ ਅੱਧੀ ਦਰਜਨ ਤੋਂ ਵੱਧ ਮੋਟਰਸਾਈਕਲ ਸਾੜਨ ਅਤੇ ਘਰਾਂ ਦੇ ਸਮਾਨ ਦੀ ਹੋਈ ਭੰਨਤੋੜ ਤੋਂ ਬਾਅਦ ਪੁਲਸ ਨੇ ਕੁਝ ਵਿਅਕਤੀਆਂ ਨੂੰ ਮੌਕੇ 'ਤੇ ਫੜ ਕੇ ਕਾਰਵਾਈ ਕਰਦਿਆਂ ਦੋਵਾਂ ਧੜਿਆਂ ਦੇ ਕੋਈ ਤਿੰਨ ਦਰਜਨ ਦੇ ਕਰੀਬ ਵਿਅਕਤੀਆਂ ਖਿ?ਲਾਫ ਕੇਸ ਦਰਜ ਕਰ ਲਿਆ ਹੈ। ਇਸ ਸਬੰਧੀ ਥਾਣਾ ਝਬਾਲ ਵਿਖੇ ਬਿਆਨ ਦਰਜ ਕਰਵਾਉਂਦੇ ਹੋਏ ਮਨਤਏਜ ਪੁੱਤਰ ਬਲਜੀਤ ਸਿੰਘ ਵਾਸੀ ਕੋਟ ਧਰਮੂ ਚੰਦ ਨੇ ਦੱਸਿਆ ਕਿ ਕੁੱਝ ਦਿਨ ਪਹਿਲਾਂ ਉਸ ਦੇ ਭਰਾ ਚਰਨਜੀਤ ਸਿੰਘ ਨਾਲ ਪਿੰਡ ਦੇ ਜੱਜਬੀਰ ਸਿੰਘ ਨੇ ਝਗੜਾ ਕੀਤਾ ਸੀ। ਜਿਸ ਦਾ ਪਿੰਡ ਦੇ ਮੋਹਤਬਰ ਵਿਅਕਤੀ ਰਾਜੀਨਾਵਾਂ ਕਰਵਾਉਂਦੇ ਰਹੇ ਜੋ ਸਿਰੇ ਨਹੀਂ ਚੜ੍ਹ ਸਕਿਆ ਸੀ। ਜੋ ਇਸੇ ਰੰਜਿਸ ਕਾਰਨ ਕੱਲ ਮਿਤੀ 09.08.23 ਨੂੰ ਵਕਤ ਕਰੀਬ 11:15 ਸਾਮ ਪਰ ਜਜਬੀਰ ਸਿੰਘ ਨੇ ਇਕੱਠੇ ਹੋ ਕੇ ਆਪਣੇ ਰਿਸਤੇਦਾਰਾਂ ਜਿਨ੍ਹਾਂ ਵਿਚ ਵਿਸਾਲ ਸਿੰਘ ਪੁੱਤਰ ਗੁਰਜੀਤ ਸਿੰਘ ਸਮੇਤ ਮੁਸਲਾ ਦਸਤੀ ਹਥਿਆਰਾਂ ਨਾਲ ਇਕ ਸਲਾਹ ਹੋ ਕੇ ਘਰ ਦੇ ਮੇਨ ਦਰਵਾਜੇ ਨੂੰ ਧੱਕਾ ਮਾਰ ਕੇ ਅੰਦਰ ਦਾਖਲ ਹੋ ਗਏ। ਇਸ ਦੌਰਾਨ ਉਕਤ ਉਸ ਨੂੰ ਗਾਲੀ ਗਲੋਚ

ਕਰਨ ਲੱਗੇ ਅਤੇ ਉਸ ਦੇ ਭਰਾ ਚਰਨਜੀਤ ਸਿੰਘ ਭਤੀਜੇ ਜਰਮਨਜੀਤ ਸਿੰਘ ਅਤੇ ਸੁਰਜੀਤ ਸਿੰਘ ਦੇ ਸੱਟਾ ਮਾਰ ਕੇ ਜਖਮੀ ਕਰ ਦਿੱਤਾ। ਉਨ੍ਹਾਂ ਨੇ ਜਦੋਂ ਰੌਲਾ ਪਾਇਆ ਤਾਂ ਸਾਰੇ ਧਮਕੀਆਂ ਦਿੰਦੇ ਹੋਏ ਹਥਿਆਰਾਂ ਸਮੇਤ ਮੌਕਾ ਤੋਂ ਫਰਾਰ ਹੋ ਗਏ। ਇਸ 'ਤੇ ਕਾਰਵਾਈ ਕਰਦਿਆਂ ਥਾਣਾ ਝਬਾਲ ਪੁਲਸ ਨੇ ਦੋਵਾਂ ਧਿਰਾਂ ਦੇ ਤਿੰਨ ਦਰਜਨ ਵਿਅਕਤੀਆਂ ਜਿਨ੍ਹਾਂ ਵਿਚ ਜਜਬੀਰ ਸਿੰਘ, ਲਖਬੀਰ ਸਿੰਘ, ਜਸਬੀਰ ਸਿੰਘ, ਸੋਨੂੰ ਪੁੱਤਰਾਨ ਸੰਤੋਖ ਸਿੰਘ, ਜੋਬਨ ਪੁੱਤਰ ਸਾਹਿਬ ਸਿੰਘ ਵਾਸੀਆਨ ਕੋਟ ਧਰਮ ਚੰਦ ਕਲਾ, ਵਿਸਾਲ ਪੁੱਤਰ ਗੁਰਜੀਤ ਸਿੰਘ, ਹਰਪ੍ਰੀਤ ਸਿੰਘ ਪੁੱਤਰ ਸਰਪਰਿੰਦਰ ਸਿੰਘ, ਮਨਪ੍ਰੀਤ ਸਿੰਘ ਪੁੱਤਰ ਜੋਧਾ ਸਿੰਘ, ਕਰਨ ਸਿੰਘ ਪੁੱਤਰ ਗੁਰਬਖਸ਼ ਸਿੰਘ, ਕਰਨਜੀਤ ਸਿੰਘ ਪੁੱਤਰ ਕੁਲਵੰਤ ਸਿੰਘ, ਹਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਚਾਟੀਵਿੰਡ ਪੱਤੀ ਬਾਬਾ ਜੀਵਨ ਸਿੰਘ ਤਰਨਤਾਰਨ ਰੋਡ ਸਮੇਤ 7/8 ਅਣਪਛਾਤੇ ਵਿਅਕਤੀਆਂ ਖਿ?ਲਾਫ ਕੇਸ ਦਰਜ ਕੀਤਾ ਜਦੋਂ ਕਿ ਪੁਲਸ ਨੇ ਦੂਜੀ ਧਿਰ ਦੇ ਵਿਅਕਤੀਆਂ 'ਤੇ ਵੀ ਕਰਾਸ ਕੇਸ ਦਰਜ ਕੀਤਾ ਹੈ।

ਗੈਰ-ਟੈਰਿਫ ਰੁਕਾਵਟਾਂ ਕਾਰਨ ਕੱਪੜਾ ਵਪਾਰ ਹੋ ਰਿਹੈ ਪ੍ਰਭਾਵਿਤ

ਨਵੀਂ ਦਿੱਲੀ 4 ਸਤੰਬਰ। ਗੈਰ-ਟੈਰਿਫ ਰੁਕਾਵਟਾਂ (ਐੱਨ. ਟੀ. ਬੀ.) ਹੌਲੀ-ਹੌਲੀ ਜਾਇਜ ਕੱਪੜਾ ਵਪਾਰ ਨੂੰ ਨੁਕਸਾਨ ਪਹੁੰਚਾਉਣ ਅਤੇ ਇੱਥੋਂ ਤੱਕ ਕਿ ਪ੍ਰਭਾਵਿਤ ਕਰਨ ਲਈ ਇਕ ਸ਼ਕਤੀਸ਼ਾਲੀ ਉਪਕਰਨ ਵਜੋਂ ਉੱਭਰ ਰਹੀਆਂ ਹਨ। ਕੱਪੜਾ ਐਕਸਪੋਰਟ ਪ੍ਰਮੋਸ਼ਨ ਕੌਂਸਲ (ਏ. ਈ. ਪੀ. ਸੀ.) ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ ਹੈ। ਏ. ਈ. ਪੀ. ਸੀ. ਨੇ ਕਿਹਾ ਕਿ 2019 ਤੋਂ ਕੱਪੜਾ ਖੇਤਰ ਨਾਲ ਸਬੰਧਤ 131 ਐੱਨ. ਟੀ. ਬੀ. ਨੋਟੀਫਿਕੇਸ਼ਨਸ ਜਾਰੀ ਕੀਤੇ ਗਏ ਹਨ, ਜਿਸ 'ਚ 71 ਨੋਟੀਫਿਕੇਸ਼ਨਸ ਨਾਲ ਯੁਗਾਂਡਾ ਟੌਪ 'ਤੇ ਹੈ। ਇਸ ਤੋਂ ਬਾਅਦ ਇਕਵਾਡੋਰ (10), ਚੀਨ (8), ਤਾਈਵਾਨ (7), ਇਸਰਾਈਲ (5), ਅਮਰੀਕਾ (4) ਅਤੇ ਪੇਰੂ (3) ਦਾ ਸਥਾਨ ਹੈ। ਇਨ੍ਹਾਂ ਰੁਕਾਵਟਾਂ 'ਚ ਸਰਟੀਫਿਕੇਸ਼ਨ, ਨਿਰੀਖਣ, ਨਿਯਮ, ਮਾਪਦੰਡ, ਐੱਸ. ਪੀ. ਐੱਸ. (ਸਵੱਛਤਾ ਅਤੇ ਫਾਈਟੋ-ਸਵੱਛਤਾ-ਬੂਟਿਆਂ ਅਤੇ ਜਾਨਵਰਾਂ ਨਾਲ ਸਬੰਧਤ) ਉਪਾਅ ਅਤੇ ਵਪਾਰ 'ਚ ਤਕਨੀਕੀ ਰੁਕਾਵਟਾਂ (ਟੀ. ਬੀ. ਟੀ.) ਸ਼ਾਮਲ ਹਨ। ਇਹ ਉਪਾਅ ਕੁੱਲ ਮਿਲਾ ਕੇ ਵਿਸ਼ਵ ਵਪਾਰ ਸੰਗਠਨ (ਡਬਲਯੂ. ਟੀ. ਓ.) ਦੇ ਨਿਯਮਾਂ ਮੁਤਾਬਕ ਹਨ। ਪਰਿਸ਼ਦ ਨੇ ਕਿਹਾ ਕਿ ਜਦੋਂ ਇਨ੍ਹਾਂ ਉਪਾਅ ਦੀ ਗਲਤ ਤਰੀਕੇ ਨਾਲ ਵਰਤੋਂ ਕੀਤੀ ਜਾਂਦੀ ਹੈ ਤਾਂ ਇਹ ਜਾਇਜ ਵਪਾਰ ਵਿੱਚ ਰੁਕਾਵਟ ਬਣ ਜਾਂਦੇ ਹਨ। ਪਰਿਸ਼ਦ ਨੇ ਇਸ ਮੁੱਦੇ ਬਾਰੇ ਉਦਯੋਗ ਨੂੰ ਸੰਵੇਦਨਸ਼ੀਲ ਬਣਾਉਣ ਦੇ ਟੀਚੇ ਨਾਲ ਕੱਪੜਾ ਐਕਸਪੋਰਟ ਖੇਤਰ ਵਿੱਚ ਉੱਭਰਦੀਆਂ ਗੈਰ-ਟੈਰਿਫ ਰੁਕਾਵਟਾਂ 'ਤੇ ਇਕ ਵੈਬੀਨਾਰ ਦਾ ਆਯੋਜਨ ਕੀਤਾ। ਏ. ਈ. ਪੀ. ਸੀ. ਦੇ ਜਨਰਲ ਸਕੱਤਰ ਮਿਥੀਲੇਸ਼ਵਰ ਠਾਕੁਰ ਨੇ ਕਿਹਾ ਕਿ ਐੱਨ. ਟੀ. ਬੀ. ਹੌਲੀ-ਹੌਲੀ ਪਰ ਨਿਸ਼ਚਿਤ ਤੌਰ 'ਤੇ ਜਾਇਜ ਵਪਾਰ ਨੂੰ ਨੁਕਸਾਨ ਪਹੁੰਚਾਉਣ ਅਤੇ ਇੱਥੋਂ ਤੱਕ ਕਿ ਰੁਕਾਵਟ ਪਾਉਣ ਦੇ ਇਕ ਸ਼ਕਤੀਸ਼ਾਲੀ ਉਪਕਰਨ ਵਜੋਂ ਉੱਭਰੇ ਹਨ। ਉਨ੍ਹਾਂ ਨੇ ਕਿਹਾ ਕਿ ਹਾਲ ਹੀ 'ਚ ਯੂਰਪੀ ਸੰਘ ਵਰਗੀਆਂ ਵਿਕਸਿਤ ਅਰਥਵਿਵਸਥਾਵਾਂ ਵਲੋਂ ਵਿਕਾਸਸ਼ੀਲ ਦੇਸ਼ਾਂ ਤੋਂ ਇੰਪੋਰਟ ਨੂੰ ਸੀਮਤ ਕਰਨ ਲਈ ਨਵੇਂ ਤਰੀਕੇ ਲੱਭ ਰਹੇ ਹਨ।

ਕਣਕ ਦੇ ਖੇਤ 'ਚ ਡਿੱਗੀ ਬੱਚੇ ਦੀ ਚੱਪਲ, ਤੈਸ਼ 'ਚ ਆਏ ਠੇਕੇਦਾਰ ਨੇ ਦਿੱਤੀ ਦਿਲ ਝੰਜੋੜ ਦੇਣ ਵਾਲੀ ਸਜਾ

ਮਾਲੇਰਕੋਟਲਾ 4 ਸਤੰਬਰ। ਸਥਾਨਕ ਖੰਨਾ ਰੋਡ 'ਤੇ ਸਥਿਤ ਪਿੰਡ ਮੋਰਾਂਵਾਲੀ ਵਿਖੇ ਇਕ

ਵਿਅਕਤੀ ਵੱਲੋਂ ਅਨੁਸੂਚਿਤ ਪਰਿਵਾਰ ਨਾਲ ਸਬੰਧਤ ਨਾਬਾਲਿਗ ਬੱਚੇ ਨੂੰ ਡੰਡੇ ਮਾਰ ਕੇ ਬੇਰਹਿਮੀ ਨਾਲ ਕੁੱਟ-ਮਾਰ ਕਰਨ ਦੀ ਸੋਸ਼ਲ ਮੀਡੀਆ 'ਤੇ ਬੜੀ ਤੇਜ਼ੀ ਨਾਲ ਵਾਇਰਲ ਹੋਈ ਇਕ ਵੀਡੀਓ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਮਾਲੇਰਕੋਟਲਾ ਜ਼ਿਲ੍ਹਾ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਵੀਡੀਓ 'ਚ ਕੁੱਟਮਾਰ ਕਰਦੇ ਦਿਖਾਈ ਦਿੰਦੇ ਵਿਅਕਤੀ ਗੁਰਬੀਰ ਸਿੰਘ ਵਾਸੀ ਪਿੰਡ ਕਕਰਾਲਾ ਤਹਿਸੀਲ ਨਾਭਾ ਜ਼ਿਲਾ ਪਟਿਆਲਾ ਦੇ ਖਿਲਾਫ ਥਾਣਾ ਸਦਰ ਅਹਿਮਦਗੜ੍ਹ ਵਿਖੇ ਕੁੱਟ-ਮਾਰ ਕਰਨ ਅਤੇ ਧਮਕੀਆਂ ਦੇਣ ਦੀਆਂ ਧਾਰਾਵਾਂ ਸਮੇਤ ਐੱਸ.ਸੀ/ਐੱਸ.ਟੀ. ਐਕਟ ਦੇ ਤਹਿਤ ਮਾਮਲਾ ਦਰਜ ਕਰ ਕੇ ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ। ਪੀੜਤ ਬੱਚੇ ਦੀ ਨਾਨੀ ਰਾਜ ਕੌਰ ਪਤਨੀ ਭੋਲਾ ਸਿੰਘ ਵਾਸੀ ਪਿੰਡ ਮੋਰਾਂਵਾਲੀ ਨੇ ਪੁਲਸ ਨੂੰ ਦਰਜ ਕਰਵਾਏ ਆਪਣੇ ਬਿਆਨਾਂ 'ਚ ਦੱਸਿਆ ਕਿ ਉਸਦਾ 13 ਸਾਲਾ ਦੋਹਤਾ ਸਿਮਰਨ ਸਿੰਘ ਬਚਪਨ ਤੋਂ ਹੀ ਸਾਡੇ ਕੋਲ ਨਾਨਕੇ ਪਿੰਡ ਮੋਰਾਂਵਾਲੀ ਵਿਖੇ ਰਹਿੰਦਾ ਹੈ ਅਤੇ ਅੱਠਵੀਂ ਕਲਾਸ 'ਚ ਪੜ੍ਹਦਾ ਹੈ। ਲੰਘੀ 27 ਜਨਵਰੀ ਦੀ ਸ਼ਾਮ ਨੂੰ ਜਦੋਂ ਸਾਡਾ ਬੱਚਾ ਸਿਮਰਨ ਸਿੰਘ ਪਿੰਡ ਮੋਰਾਵਾਲੀ ਦੇ ਹੀ ਰਹਿਣ ਵਾਲੇ ਆਪਣੇ 14 ਸਾਲਾ ਦੋਸਤ ਸੋਨੂੰ ਪੁੱਤਰ ਰਜਿੰਦਰ ਸਿੰਘ ਨਾਲ ਸਰਕਾਰੀ ਸਕੂਲ ਦੇ ਸਾਹਮਣੇ ਵਾਲੇ ਗਰਾਊਂਡ 'ਚ ਇਕ-ਦੂਜੇ ਦੇ ਚੱਪਲਾਂ ਮਾਰ ਕੇ ਖੇਡ ਰਹੇ ਸਨ ਤਾਂ ਉਨ੍ਹਾਂ ਦੀ ਚੱਪਲ ਗਰਾਉਂਡ ਦੇ ਨਾਲ ਲੱਗਦੇ ਕਣਕ ਦੇ ਖੇਤ 'ਚ ਜਾ ਡਿੱਗੀ। ਉਕਤ ਖੇਤ ਵਾਲੀ ਜ਼ਮੀਨ ਕਥਿਤ ਦੋਸ਼ੀ ਗੁਰਬੀਰ ਸਿੰਘ ਨੇ ਪਿੰਡ ਦੇ ਸਰਦਾਰਾਂ ਪਾਸੋਂ ਕਾਫੀ ਅਰਸੇ ਤੋਂ ਠੇਕੇ 'ਤੇ ਲੈ ਕੇ ਕਣਕ ਬੀਜੀ ਹੋਈ ਹੈ। ਪੀੜਤ ਬੱਚਾ ਸਿਮਰਨ ਸਿੰਘ ਅਤੇ ਸੋਨੂੰ ਆਪਣੀ ਚੱਪਲ ਚੁੱਕਣ ਲਈ ਜਦੋਂ ਖੇਤ 'ਚ ਗਏ ਤਾਂ ਠੇਕੇਦਾਰ ਗੁਰਬੀਰ ਸਿੰਘ ਨੇ ਮੌਕੇ 'ਤੇ ਆ ਕੇ ਉਨ੍ਹਾਂ ਨੂੰ ਘੇਰ ਲਿਆ ਅਤੇ ਗਾਲੀ-ਗਲੋਚ ਕਰਦਾ ਹੋਇਆ ਆਪਣੇ ਹੱਥ 'ਚ ਫੜੇ ਡੰਡੇ ਨਾਲ ਬੱਚੇ ਸਿਮਰਨ ਨੂੰ ਬੁਰੀ ਤਰ੍ਹਾਂ ਕੁੱਟਣ ਲੱਗਾ। ਰਾਜ ਕੌਰ ਨੇ ਬਿਆਨਾਂ 'ਚ ਦੱਸਿਆ ਕਿ ਦਰਦ ਨਾਲ ਉੱਚੀ-ਉੱਚੀ ਰੋਂਦੇ-ਕੁਰਲਾਉਂਦੇ ਆਪਣੇ ਬੱਚੇ ਦੀਆਂ ਚੀਕਾਂ ਸੁਣ ਮੌਕੇ 'ਤੇ ਪੁੱਜ ਕੇ ਮੈਂ ਉਕਤ ਕਥਿਤ ਦੋਸ਼ੀ ਗੁਰਬੀਰ ਸਿੰਘ ਨੂੰ ਬੱਚਿਆਂ ਦੀ ਕੁੱਟ-ਮਾਰ ਕਰਨ ਤੋਂ ਰੋਕਣ ਲਈ ਕਾਫੀ ਮਿੰਨਤਾ-ਤਰਲੇ ਕੀਤੇ ਪਰ ਉਹ ਨਹੀਂ ਹਟਿਆ ਅਤੇ ਮੇਰੇ ਸਾਹਮਣੇ ਹੀ ਬੇਰਹਿਮੀ ਨਾਲ ਬੱਚੇ ਨੂੰ ਕੁੱਟਦਾ ਮਾਰਦਾ ਰਿਹਾ। ਜਿਸ ਨੇ ਤੈਸ਼ 'ਚ ਆ ਕੇ ਮੇਰੇ ਵੀ ਡੰਡਾ ਮਾਰਿਆ, ਫਿਰ ਮੈਨੂੰ ਅਤੇ ਬੱਚਿਆਂ ਨੂੰ ਸਾਡੀ ਜਾਤੀ ਪ੍ਰਤੀ ਅਪਸ਼ਬਦ ਬੋਲਦਾ ਹੋਇਆ ਧਮਕੀਆਂ ਦੇਣ ਲੱਗਾ ਕਿ ਜੇਕਰ ਅੱਗੇ ਤੋਂ ਮੇਰੀ ਕਣਕ 'ਚ ਵੜੇ ਤਾਂ ਜਾਨੋਂ ਮਾਰ ਦੇਵਾਂਗਾ। ਜਿਸ ਤੋਂ ਡਰਦੇ ਅਸੀਂ ਆਪਣੇ ਘਰ ਬੈਠ ਗਏ ਸੀ ਪਰ ਮੇਰੇ ਦੋਹਤੇ ਸਿਮਰਨ ਸਿੰਘ ਦੇ ਸੱਟਾਂ ਦੀ ਹੁਣ ਜ਼ਿਆਦਾ ਤਕਲੀਫ ਹੋਣ ਕਾਰਨ ਇਲਾਜ ਲਈ ਉਸ ਨੂੰ ਸਥਾਨਕ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ। ਉੱਧਰ, ਐੱਸ.ਐੱਸ.ਪੀ. ਮਾਲੇਰਕੋਟਲਾ ਅਵਨੀਤ ਕੌਰ ਸਿੱਧੂ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਬੱਚੇ ਦੀ ਬੇਰਹਿਮੀ ਨਾਲ ਕੁੱਟਮਾਰ ਕਰਨ ਵਾਲੇ ਕਥਿਤ ਦੋਸ਼ੀ ਖਿ?ਲਾਫ ਮਾਮਲਾ ਦਰਜ ਕਰ ਕੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਬੱਚੇ ਦੀ ਬੇਰਹਿਮੀ ਨਾਲ ਕੁੱਟਮਾਰ ਕਰਨ ਦੀ ਵੀਡੀਓ ਜਿਉਂ ਹੀ ਸਾਡੇ ਧਿਆਨ 'ਚ ਆਈ ਤਾਂ ਮਾਲੇਰਕੋਟਲਾ ਪੁਲਸ ਨੇ ਤੁਰੰਤ ਐਕਸ਼ਨ ਲੈਂਦਿਆਂ ਪੀੜਤ ਬੱਚੇ ਦੇ ਵਾਰਸਾਂ ਵੱਲੋਂ ਦਿੱਤੇ ਗਏ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਕੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ।

ਪੁੱਤਰ ਤੇ ਨੂੰਹ ਖਿਲਾਫ ਕੁੱਟਮਾਰ ਦੇ ਦੋਸ਼ 'ਚ ਮਾਮਲਾ ਦਰਜ

ਫਿਰੋਜ਼ਪੁਰ/ਮੱਲਾਂਵਾਲਾ 4 ਸਤੰਬਰ। ਫਿਰੋਜ਼ਪੁਰ ਦੇ ਪਿੰਡ ਕਾਮਲ ਵਾਲਾ ਦੇ ਰਹਿਣ ਵਾਲੇ ਵਿਅਕਤੀ ਨੂੰ ਉਸ ਦੇ ਪੁੱਤਰ ਅਤੇ ਨੂੰਹ ਵੱਲੋਂ ਕੁੱਟਮਾਰ ਕਰਨ ਦੇ ਦੋਸ਼ 'ਚ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ. ਐੱਸ. ਆਈ. ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੀ ਲਿਖਤੀ ਸ਼ਿਕਾਇਤ ਅਤੇ ਬਿਆਨਾਂ 'ਚ ਸ਼ਿਕਾਇਤਕਰਤਾ ਜੀਨਾ ਪਤਨੀ ਕੇਵਲ ਸਿੰਘ ਨੇ ਦੋਸ਼ ਲਾਇਆ ਕਿ ਉਸ ਦੇ ਪਤੀ ਕੇਵਲ ਸਿੰਘ ਨਾਲ ਉਸ ਦੇ ਪੁੱਤਰ ਕਮਲਜੀਤ ਸਿੰਘ ਅਤੇ ਉਸ ਦੀ ਪਤਨੀ ਜੱਸੀ ਨੇ ਕੁੱਟਮਾਰ ਕੀਤੀ ਹੈ। ਉਨ੍ਹਾਂ ਨੇ ਉਸ ਨੂੰ ਡਾਂਗਾਂ ਮਾਰ-ਮਾਰ ਕੇ ਬੁਰੀ ਤਰ੍ਹਾਂ ਜਖਮੀ ਕਰ ਦਿੱਤਾ ਹੈ, ਜਿਸ ਨੂੰ ਫਿਰੋਜ਼ਪੁਰ ਸ਼ਹਿਰ ਦੇ ਇਕ ਨਿੱਜੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ।

ਚੋਰਾਂ ਨੇ ਗੁਰੂ ਰਾਮਦਾਸ ਪੋਰਾ ਫ਼ੈਕਟਰੀ ਨੂੰ ਬਣਾਇਆ ਨਿਸ਼ਾਨਾ, ਚੌਕੀਦਾਰ ਸਣੇ 8 ਮਜਦੂਰਾਂ ਨੂੰ ਬਣਾਇਆ ਬੰਦੀ

ਚੋਗਾਵਾਂ/ਲੋਪੋਕੇ 4 ਸਤੰਬਰ। ਪੁਲਸ ਥਾਣਾ ਲੋਪੋਕੇ ਅਧੀਨ ਆਉਂਦੇ ਪਿੰਡ ਬਹਿੜਵਾਲ ਵਿਖੇ ਚੋਗਾਵਾਂ ਰੋਡ ਅਟਾਰੀ 'ਤੇ ਲੱਗੀ ਗੁਰੂ ਰਾਮਦਾਸ ਟਾਈਲ ਐਂਡ ਪੋਰਾ ਫ਼ੈਕਟਰੀ ਨੂੰ ਚੋਰਾਂ ਨੇ ਬੀਤੀ ਰਾਤ ਨਿਸ਼ਾਨਾ ਬਣਾਇਆ। ਇਸ ਸਬੰਧੀ ਫ਼ੈਕਟਰੀ ਮਾਲਕ ਕਾਬਲ ਸਿੰਘ ਵਾਸੀ ਬਹਿੜਵਾਲ ਨੇ ਦੱਸਿਆ ਕਿ 20 ਦੇ ਕਰੀਬ ਹਥਿਆਰਾਂ ਨਾਲ ਲੈਸ ਵਿਅਕਤੀ ਰਾਤ 2 ਵਜੇ ਦੇ ਕਰੀਬ ਫ਼ੈਕਟਰੀ ਵਿਚ ਦਾਖਲ ਹੋਏ ਅਤੇ ਆਉਂਦੇ ਸਾਰ ਫ਼ੈਕਟਰੀ ਵਿਚ ਲੱਗੇ ਕੈਮਰਿਆਂ ਨੂੰ ਉੱਪਰ ਵੱਲ ਚੁੱਕ ਦਿੱਤਾ। ਚੌਕੀਦਾਰ ਸਮੇਤ 8 ਪ੍ਰਵਾਸੀ ਮਜ਼ਦੂਰਾਂ ਨੂੰ ਬੰਨ੍ਹ ਕੇ ਇਕ ਕਮਰੇ ਵਿਚ ਬੰਦ ਕਰ ਦਿੱਤਾ ਅਤੇ ਉਨ੍ਹਾਂ ਦੇ ਫ਼ੋਨ ਖੋਹ ਲਏ। 5 ਵਿਅਕਤੀ ਹਥਿਆਰ ਲੈ ਕੇ ਉਨ੍ਹਾਂ ਦੇ ਕੋਲ ਖੜ੍ਹੇ ਰਹੇ। ਬੇਖ਼ੌਫ ਹੋ ਕੇ ਆਏ ਚੋਰਾਂ ਵੱਲੋਂ ਫ਼ੈਕਟਰੀ ਵਿਚ ਪਏ 170 ਦੇ ਕਰੀਬ ਲੋਹੇ ਦੇ ਰਿੰਗ, ਜਿਨ੍ਹਾਂ ਦੀ ਮਾਰਕੀਟ ਕੀਮਤ 15 ਲੱਖ ਦੇ ਕਰੀਬ ਬਣਦੀ ਹੈ। ਮਹਿੰਦਰਾ ਪਿੰਕ ਅੱਪ ਗੱਡੀਆਂ ਵਿਚ ਲੋਡ ਕੀਤੇ ਅਤੇ ਚੱਲਦੇ ਬਣੇ ਮੈਨੂੰ ਇਸ ਘਟਨਾ ਦੀ ਜਾਣਕਾਰੀ ਚੌਕੀਦਾਰ ਵੱਲੋਂ ਇਕ ਫ਼ੋਨ ਜੋ ਕਿ ਚੋਰਾਂ ਕੋਲੋਂ ਬਚ ਗਿਆ

ਸ

Punjab Land of Unlimited Opportunities

ਸਾਡੇ ਅਧਿਆਪਕ ਬਣਾਉਣਗੇ ਭਾਰਤ ਨੂੰ No.1

ਅਧਿਆਪਕ ਦਿਵਸ ਦੀਆਂ ਤਹਿ ਦਿਲੋਂ ਮੁਬਾਰਕਾਂ

ਪੰਜਾਬ ਸਿੱਖਿਆ ਪ੍ਰਣਾਲੀ ਦੀਆਂ ਮੁੱਖ ਪ੍ਰਾਪਤੀਆਂ

- ਅਧਿਆਪਕਾਂ ਨੂੰ ਵਿਸ਼ੇਸ਼ ਸਿਖਲਾਈ ਲਈ ਸਿੰਗਾਪੁਰ ਤੇ ਫ਼ਿਨਲੈਂਡ ਭੇਜਿਆ
- 12,710 ਅਧਿਆਪਕਾਂ ਨੂੰ ਪੱਕਾ ਕੀਤਾ ਅਤੇ 2 ਤੋਂ 4 ਗੁਣਾ ਤਨਖ਼ਾਹ ਵਧਾਈ
- 118 ਨਵੇਂ ਸਕੂਲ ਆਫ਼ ਐਮੀਨੈਂਸ ਦੀ ਸ਼ੁਰੂਆਤ
- ਹਜ਼ਾਰਾਂ ਬੱਚਿਆਂ ਦਾ ਰੁਝਾਨ ਪ੍ਰਾਈਵੇਟ ਸਕੂਲਾਂ ਤੋਂ ਸਰਕਾਰੀ ਸਕੂਲਾਂ ਵੱਲ ਵਧਿਆ
- ਵੱਡੇ ਪੱਧਰ 'ਤੇ ਸਰਕਾਰੀ ਯੂਨੀਵਰਸਿਟੀਆਂ ਤੇ ਸਕੂਲਾਂ ਵਿੱਚ ਦਾਖਲੇ ਹੋਏ

"ਮਾਤਾ-ਪਿਤਾ ਤੋਂ ਬਾਅਦ ਅਧਿਆਪਕ ਨੂੰ ਇੱਕ ਵਿਅਕਤੀ ਦੀ ਜ਼ਿੰਦਗੀ ਦਾ ਅਹਿਮ ਹਿੱਸਾ ਮੰਨਿਆ ਜਾਂਦਾ ਹੈ। ਅਧਿਆਪਕ ਦਿਵਸ ਮੌਕੇ ਮੈਂ ਦੇਸ਼ ਅਤੇ ਸਮਾਜ ਦਾ ਨਿਰਮਾਣ ਕਰਨ ਵਾਲੇ ਸਾਰੇ ਅਧਿਆਪਕਾਂ ਨੂੰ ਸਲਾਮ ਕਰਦਾ ਹਾਂ। ਇਸ ਮੌਕੇ ਸਾਰੇ ਅਧਿਆਪਕਾਂ ਨੂੰ ਮੇਰੀਆਂ ਦਿਲੀ ਸ਼ੁਭਕਾਮਨਾਵਾਂ।"

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

ਆਪਣੇ ਬੱਚੇ ਨੂੰ ਆਤਮ-ਵਿਸ਼ਵਾਸੀ ਬਣਾਓ

ਡਾ. ਨਿਸ਼ਾਨ ਸਿੰਘ



ਮੌਜੂਦਾ ਦੌਰ ਵਿਚ ਸਕੂਲੀ ਬੱਚੇ ਕਈ ਪ੍ਰਕਾਰ ਦੇ ਮਨੋਰੋਗਾਂ ਦੀ ਚਪੇਟ ਵਿਚ ਆ ਰਹੇ ਹਨ। ਬੱਚਿਆਂ ਵਿਚ ਤਣਾਓ ਵਧ ਰਿਹਾ ਹੈ। ਉਹ ਚਾਹੇ ਪੜ੍ਹਾਈ ਦਾ ਤਣਾਓ ਹੋਵੇ, ਆਪਣੇ ਨਾਲ ਵਾਪਰ ਰਹੀਆਂ ਘਟਨਾਵਾਂ ਦਾ ਹੋਵੇ ਜਾਂ ਸਰੀਰ ਵਿਚ ਹੋ ਰਹੇ ਪਰਿਵਰਤਨ ਦਾ ਹੋਵੇ। ਅਜੋਕੇ ਸਮੇਂ 5 ਤੋਂ 15 ਸਾਲ ਤੱਕ ਉਮਰ ਦੇ ਬੱਚੇ ਤਣਾਓ ਦਾ ਸ਼ਿਕਾਰ ਜ਼ਿਆਦਾ ਗਿਣਤੀ ਵਿਚ ਹੋ ਰਹੇ ਹਨ। ਇਸ ਤਣਾਓ ਦਾ ਸਭ ਤੋਂ ਵੱਡਾ ਪ੍ਰਭਾਵ ਇਹ ਪੈ ਰਿਹਾ ਹੈ ਕਿ ਬੱਚਿਆਂ ਵਿਚ ਆਤਮ-ਵਿਸ਼ਵਾਦ ਦੀ ਕਮੀ ਪੈਦਾ ਹੋਣੀ ਸ਼ੁਰੂ ਹੋ ਗਈ ਹੈ। ਆਤਮ-ਵਿਸ਼ਵਾਸ ਦੀ ਕਮੀ ਕਾਰਨ ਬੱਚਿਆਂ ਵਿਚ ਹੀਣ ਭਾਵਨਾ ਘਰ ਕਰ ਗਈ ਹੈ। ਇਸ ਲਈ ਮਾਤਾ-ਪਿਤਾ ਦੀ ਜ਼ਿੰਮੇਵਾਰੀ ਪਹਿਲਾਂ ਨਾਲੋਂ ਵਧੇਰੇ ਮਹੱਤਵਪੂਰਨ ਹੋ ਗਈ ਹੈ ਕਿ ਉਹ ਕਿਸ ਤਰ੍ਹਾਂ ਆਪਣੇ ਬੱਚੇ ਨੂੰ ਆਤਮ-ਵਿਸ਼ਵਾਸੀ ਬਣਾ ਸਕਦੇ ਹਨ?

ਬੱਚਿਆਂ ਦੇ ਮਾਤਾ-ਪਿਤਾ ਅਕਸਰ ਹੀ ਮਨੋਵਿਗਿਆਨੀਆਂ ਤੋਂ ਸਲਾਹ ਲੈਂਦੇ ਰਹਿੰਦੇ ਹਨ ਕਿ ਕਿਸ ਪ੍ਰਕਾਰ ਹੀਣ ਭਾਵਨਾ ਨਾਲ ਗ੍ਰਸਤ ਬੱਚੇ ਦਾ ਆਤਮ-ਵਿਸ਼ਵਾਸ ਮੁੜ ਤੋਂ ਵਧਾਇਆ ਜਾ ਸਕਦਾ ਹੈ? ਕਿਵੇਂ ਬੱਚੇ ਦੇ ਮਨ 'ਚੋਂ ਡਰ ਅਤੇ ਹੀਣ ਭਾਵਨਾ ਕੱਢੀ ਜਾਵੇ? ਅਜੋਕੇ ਸਮੇਂ ਵਿਚ ਜੇਕਰ ਮਾਤਾ-ਪਿਤਾ ਹੇਠ ਲਿਖੇ ਕੁਝ ਨਿਯਮਾਂ ਦਾ ਪਾਲਣ ਕਰਨ ਤਾਂ ਹੀਣ ਭਾਵਨਾ ਨਾਲ ਗ੍ਰਸਤ ਸਕੂਲੀ ਬੱਚਿਆਂ ਵਿਚ ਆਤਮ-ਵਿਸ਼ਵਾਸ ਦੀ ਭਾਵਨਾ ਮੁੜ ਤੋਂ ਪੈਦਾ ਕੀਤੀ ਜਾ ਸਕਦੀ ਹੈ। ਸਭ ਤੋਂ ਪਹਿਲਾਂ ਇਹ ਪਛਾਣ ਕਿਸ ਤਰ੍ਹਾਂ ਹੋਵੇ ਕਿ ਬੱਚਾ ਹੀਣ ਭਾਵਨਾ ਨਾਲ ਗ੍ਰਸਤ ਹੋ ਗਿਆ ਹੈ ਅਤੇ ਉਸ ਵਿਚ ਆਤਮ-ਵਿਸ਼ਵਾਸ ਦੀ ਕਮੀ ਹੈ। ਇਸ ਪਛਾਣ ਦੇ ਕੁਝ ਲੱਛਣ ਇਸ ਪ੍ਰਕਾਰ ਹਨ-

× ਬੱਚਾ ਘੱਟ ਬੋਲਣ ਲਗਦਾ ਹੈ। ਉਹ ਕਿਸੇ ਨਾਲ ਵੀ ਖੁੱਲ੍ਹ ਕੇ ਗੱਲ ਨਹੀਂ ਕਰਦਾ ਅਤੇ ਆਪਣੇ ਮਨ ਦੀ ਗੱਲ ਦੱਸਣ ਤੋਂ ਸੰਕੋਚ ਕਰਦਾ ਹੈ। × ਪੜ੍ਹਾਈ ਵਿਚ ਧਿਆਨ ਨਹੀਂ ਦੇਵੇਗਾ। × ਹੀਣ ਭਾਵਨਾ ਨਾਲ ਗ੍ਰਸਤ ਬੱਚਾ ਇਕੱਲਾ ਬੈਠਣਾ ਪਸੰਦ ਕਰੇਗਾ, ਜਿੱਥੇ ਪਰਿਵਾਰ ਦੇ ਮੈਂਬਰ ਬੈਠਣਗੇ, ਉਹ ਉਸ ਜਗ੍ਹਾ ਤੋਂ ਦੂਰ ਜਾਵੇਗਾ।

× ਆਪਣੇ ਕੱਪੜਿਆਂ ਦੀ ਸਾਫ਼-ਸਫ਼ਾਈ ਵੱਲ ਬਹੁਤਾ ਧਿਆਨ ਨਹੀਂ ਦੇਵੇਗਾ ਅਤੇ ਗੰਦੇ ਕੱਪੜੇ/ਬੂਟ ਆਦਿ ਪਾ ਕੇ ਰੱਖੇਗਾ। × ਉਹ ਆਪਣੇ ਕਮਰੇ ਵਿਚ ਹੀ ਬੈਠਣਾ ਪਸੰਦ ਕਰੇਗਾ, ਬਾਹਰ ਦੋਸਤਾਂ ਨਾਲ ਘੁੰਮਣ-ਫਿਰਨ ਤੋਂ ਗੁਰੇਜ਼ ਕਰੇਗਾ।

× ਅਜਿਹੇ ਬੱਚੇ ਜ਼ਿੱਦੀ ਸੁਭਾਅ ਦੇ ਹੋ ਜਾਂਦੇ ਹਨ। ਜੇਕਰ ਮਾਤਾ-ਪਿਤਾ ਕਿਸੇ ਕੰਮ ਤੋਂ ਮਨ੍ਹਾਂ ਕਰਦੇ ਹਨ ਤਾਂ ਇਹ ਉਸ ਕੰਮ ਨੂੰ ਕਰਦੇ ਹਨ, ਜਿਹੜਾ ਮਾਤਾ-ਪਿਤਾ ਨੇ ਮਨ੍ਹਾਂ ਕੀਤਾ ਹੁੰਦਾ ਹੈ।

ਆਤਮ-ਵਿਸ਼ਵਾਸ ਕਿਵੇਂ ਦਿਵਾਈਏ?

× ਬੱਚੇ ਵਿਚ ਹੀਣ ਭਾਵਨਾ ਪੈਦਾ ਹੋਣ ਦੇ ਕਾਰਨਾਂ ਦਾ ਪਤਾ ਕਰਨ ਦੀ ਕੋਸ਼ਿਸ਼ ਕਰੋ ਅਤੇ ਇਨ੍ਹਾਂ ਨੂੰ ਦੂਰ ਕਰਨ ਲਈ ਕਿਸੇ ਚੰਗੇ ਮਨੋਵਿਗਿਆਨੀ ਨਾਲ ਗੱਲਬਾਤ ਕਰੋ।

× ਬੱਚੇ ਨਾਲ ਦੋਸਤਾਂ ਵਾਂਗ ਪੇਸ਼ ਆਓ ਅਤੇ ਉਸ ਨਾਲ ਹਾਸਾ-ਮਜ਼ਾਕ ਕਰੋ, ਤਾਂ ਕਿ ਉਹ ਖੁਸ਼ ਹੋ ਸਕੇ।

× ਬੱਚੇ ਨਾਲ ਮਾਰ-ਕੁੱਟ ਜਾਂ ਗਾਲੀ-ਗਲੋਚ ਨਾ ਕਰੋ ਅਤੇ ਭੁੱਲ ਕੇ ਵੀ ਕਦੇ ਤਾਹਨੇ-ਮਿਹਣੇ ਨਾ ਮਾਰੋ। ਨਹੀਂ ਤਾਂ ਬੱਚਾ ਪਹਿਲਾਂ ਨਾਲੋਂ ਜ਼ਿਆਦਾ ਪ੍ਰੇਸ਼ਾਨ ਹੋ ਸਕਦਾ ਹੈ।

× ਬੱਚੇ ਨੂੰ ਖਾਣੇ ਵਿਚ ਉਸ ਦੀ ਪਸੰਦ ਪੁੱਛੋ ਅਤੇ ਉਸ ਲਈ ਵਿਸ਼ੇਸ਼ ਤੌਰ 'ਤੇ ਉਹ ਖਾਣਾ ਬਣਾਓ, ਜਿਹੜਾ ਉਸ ਨੂੰ ਪਸੰਦ ਹੈ।

× ਸਾਰੇ ਪਰਿਵਾਰਕ ਜੀਅ ਇਕੱਠੇ ਬੈਠ ਕੇ ਟੀ.ਵੀ. ਦੇਖੋ ਜਾਂ ਫ਼ਿਲਮ ਵਗੈਰਾ ਦੇਖੋ, ਤਾਂ ਕਿ ਉਹ ਤੁਹਾਡੇ ਨਾਲ ਖੁੱਲ੍ਹ ਕੇ ਗੱਲਬਾਤ ਕਰ ਸਕੇ।

× ਬੱਚੇ ਨਾਲ ਬਾਹਰ ਘੁੰਮਣ ਲਈ ਨਿਕਲੋ ਅਤੇ ਉਸ ਦੇ ਦੋਸਤਾਂ-ਮਿੱਤਰਾਂ ਦੇ ਘਰ ਜਾਓ।

× ਬੱਚੇ ਨੂੰ ਪਿਆਰ ਨਾਲ ਸਕੂਲ ਦਾ ਕੰਮ ਕਰਵਾਓ। ਉਸ ਨੂੰ ਪੜ੍ਹਾਈ ਦੀ ਅਹਿਮੀਅਤ ਬਾਰੇ ਜਾਣਕਾਰੀ ਦਿਓ।

× ਬੱਚੇ ਦੀਆਂ ਕਮੀਆਂ ਉਸ ਦੇ ਯਾਰਾਂ-ਦੋਸਤਾਂ ਦੇ ਸਾਹਮਣੇ ਨਾ ਦੱਸੋ।

× ਆਪਣੇ ਬੱਚੇ ਦੀ ਤੁਲਨਾ ਦੂਜੇ ਬੱਚਿਆਂ ਨਾਲ ਨਾ ਕਰੋ, ਕਿਉਂਕਿ ਹਰ ਬੱਚੇ ਦੇ ਸੋਚਣ ਅਤੇ ਕੰਮ ਕਰਨ ਦੀ ਯੋਗਤਾ ਵੱਖਰੀ-ਵੱਖਰੀ ਹੁੰਦੀ ਹੈ।

× ਸਕੂਲ ਵਿਚ ਜਾ ਕੇ ਉਸ ਦੇ ਅਧਿਆਪਕ ਨਾਲ ਗੱਲ ਕਰੋ ਅਤੇ ਉਨ੍ਹਾਂ ਨੂੰ ਮਦਦ ਲਈ ਬੇਨਤੀ ਕਰੋ।

× ਬੱਚੇ ਸਾਹਮਣੇ ਆਪਣੇ ਪਤੀ/ਪਤਨੀ ਨਾਲ ਲੜਾਈ-ਝਗੜਾ ਨਾ ਕਰੋ, ਨਹੀਂ ਤਾਂ ਬੱਚੇ ਦੇ ਮਨ 'ਤੇ ਬੁਰਾ ਪ੍ਰਭਾਵ ਪੈਂਦਾ ਹੈ।

× ਬੱਚੇ ਨੂੰ ਉਸ ਦੀਆਂ ਪਸੰਦ ਦੀਆਂ ਵਸਤਾਂ ਜਿਵੇਂ ਕੱਪੜੇ, ਬੂਟ, ਖਿਡੌਣੇ ਅਤੇ ਮਨੋਰੰਜਨ ਦੀਆਂ ਚੀਜ਼ਾਂ ਲੈ ਕੇ ਦਿਓ।

ਤੰਦਰੁਸਤ ਰਹਿਣ ਲਈ ਦਫ਼ਤਰ ਵਿਚ ਕਰੋ ਕੁਝ ਕਸਰਤ

ਅਕਸਰ ਜਦੋਂ ਫਿਟਨੈਸ ਦੀ ਗੱਲ ਆਉਂਦੀ ਹੈ ਤਾਂ ਜ਼ਿਆਦਾ ਲੋਕਾਂ ਦਾ ਕਹਿਣਾ ਹੁੰਦਾ ਹੈ ਕਿ ਕੀ ਕਰੀਏ, ਸਮਾਂ ਹੀ ਨਹੀਂ ਮਿਲਦਾ। ਇਹ ਆਮ ਸ਼ਿਕਾਇਤ ਨੌਕਰੀ ਕਰਨ ਵਾਲਿਆਂ ਅਤੇ ਘਰ ਵਿਚ ਰਹਿਣ ਵਾਲੀਆਂ ਔਰਤਾਂ ਦੀ ਹੁੰਦੀ ਹੈ। ਜੇਕਰ ਸੋਚ ਲਓ ਕਿ ਅਸੀਂ ਸਿਹਤਮੰਦ ਰਹਿਣਾ ਹੈ ਤਾਂ ਸਮਾਂ ਕੱਢਣਾ ਵੀ ਜ਼ਿਆਦਾ ਮੁਸ਼ਕਿਲ ਨਹੀਂ ਹੈ।

ਘੰਟਿਆਂ ਬੱਧੀ ਦਫ਼ਤਰ ਵਿਚ ਬੈਠ ਕੇ ਕੰਮ ਕਰਨ, ਕੋਈ ਵੀ ਸਰੀਰਕ ਕਿਰਿਆ ਨਾ ਕਰਨ ਨਾਲ ਸਾਡੀ ਸਿਹਤ 'ਤੇ ਕਾਫੀ ਅਸਰ ਪੈਂਦਾ ਹੈ। ਆਪਣੀ ਮੇਜ਼-ਕੁਰਸੀ ਦਾ ਸਹਾਰਾ ਲੈ ਕੇ ਅਸੀਂ ਕੁਝ ਆਸਾਨ ਕਸਰਤ ਕਰਕੇ ਆਪਣੇ ਸਰੀਰ ਨੂੰ ਫਿੱਟ ਰੱਖ ਸਕਦੇ ਹਾਂ।

× ਕੁਰਸੀ 'ਤੇ ਬੈਠੇ-ਬੈਠੇ ਦੋਵਾਂ ਨੂੰ ਸਿੱਧਾ ਸਟ੍ਰੇਚ ਕਰੋ, ਫਿਰ ਢਿੱਲਾ ਛੱਡੋ। ਇਸੇ ਤਰ੍ਹਾਂ 5 ਵਾਰ ਇਸ ਕਿਰਿਆ ਨੂੰ ਦੁਹਰਾ ਲਓ।

× ਕੁਰਸੀ 'ਤੇ ਬੈਠੇ ਹੋਏ ਦੋਵਾਂ ਪੈਰਾਂ ਦੀਆਂ ਉਂਗਲੀਆਂ ਖੋਲ੍ਹੋ, ਬੰਦ ਕਰੋ। ਇਸ ਤਰ੍ਹਾਂ 5 ਤੋਂ 10 ਵਾਰ ਕਰੋ। ਅਜਿਹਾ ਕਰਨ ਨਾਲ ਪੈਰਾਂ ਅਤੇ ਉਂਗਲੀਆਂ ਵਿਚ ਖੂਨ ਦਾ ਸੰਚਾਰ ਚੰਗੀ ਤਰ੍ਹਾਂ ਹੋਵੇਗਾ।

× ਕੁਰਸੀ 'ਤੇ ਬੈਠੇ ਫਿਰ ਦੋਵੇਂ ਪੈਰ ਮਿਲਾ ਕੇ ਦੋਵਾਂ ਨੂੰ ਸੱਜੇ ਪਾਸੇ, ਖੱਬੇ ਪਾਸੇ ਲੈ ਜਾਓ। ਉਨ੍ਹਾਂ ਨੂੰ ਗੋਲ-ਗੋਲ ਘੁਮਾਓ, 5 ਵਾਰ ਕਲਾਕ ਵਾਈਜ਼, 5 ਵਾਰ ਐਂਟੀ ਕਲਾਕ ਵਾਈਜ਼। ਗਿੱਟਿਆਂ ਵਿਚ ਖਿਚਾਅ ਮਹਿਸੂਸ ਹੋਵੇਗਾ।

× ਦੋਵਾਂ ਮੋਢਿਆਂ ਨੂੰ ਉੱਪਰ ਚੁੱਕਦੇ ਹੋਏ ਕੰਨਾਂ ਤੱਕ ਲੈ ਜਾਣ ਦੀ ਕੋਸ਼ਿਸ਼ ਕਰੋ, ਵਾਪਸ ਲਿਆਓ। 5 ਵਾਰ ਕਰੋ। ਦੋਵਾਂ ਮੋਢਿਆਂ ਤੋਂ ਬਾਹਾਂ ਨੂੰ ਗੋਲ ਘੁਮਾਓ, ਕਲਾਕ ਵਾਈਜ਼, ਐਂਟੀ ਕਲਾਕ ਵਾਈਜ਼। ਮੋਢੇ ਪ੍ਰਭਾਵਿਤ ਹੋਣਗੇ। ਉਨ੍ਹਾਂ ਵਿਚ ਫਲੈਕਸੀਬਿਲਟੀ ਵਧੇਗੀ।

× ਦੋਵੇਂ ਹੱਥਾਂ ਨੂੰ ਕੁਰਸੀ ਦੇ ਪਿੱਛੇ ਸਿੱਧੇ ਫੈਲਾਉਂਦੇ ਹੋਏ ਛੱਤ ਵੱਲ ਦੇਖੋ, ਰਿਲੈਕਸ ਕਰੋ। ਮੋਢੇ ਪ੍ਰਭਾਵਿਤ ਹੋਣਗੇ।

× ਵਾਰ-ਵਾਰ ਇੰਟਰਕਾਮ 'ਤੇ ਗੱਲ ਕਰਨ ਦੀ ਬਜਾਏ ਵਿਚ-ਵਿਚ ਉੱਠ ਕੇ ਸਹਿਕਰਮੀ ਦੇ ਕੋਲ ਜਾ ਕੇ ਗੱਲਬਾਤ ਕਰੋ।

× ਦਫ਼ਤਰ ਵਿਚ ਪੌੜੀਆਂ ਦੀ ਵਰਤੋਂ ਕਰੋ।

× ਦਫ਼ਤਰ ਵਿਚ ਥੋੜ੍ਹੀ ਦੇਰ ਲਈ ਆਪਣੀ ਸੀਟ 'ਤੇ ਖੜ੍ਹੇ ਹੋ ਕੇ ਕੰਮ ਕਰੋ।

× ਪੈਂਟ੍ਰੀ ਵਿਚ ਖੁਦ ਜਾ ਕੇ ਖਾਣ-ਪੀਣ ਦਾ ਸਾਮਾਨ ਲਿਆਓ।

× ਕੰਪਿਊਟਰ 'ਤੇ ਕੰਮ ਕਰਦੇ ਸਮੇਂ ਬਾਡੀ ਪਾਸ਼ਚਰ 'ਤੇ ਧਿਆਨ ਦਿਓ।

× ਖੱਬੇ ਪੈਰ 'ਤੇ ਸੱਜੇ ਪੈਰ ਨੂੰ ਕ੍ਰਾਸ ਕਰਕੇ ਰੱਖੋ ਅਤੇ ਪਿੱਠ ਨੂੰ ਸੱਜੇ ਪਾਸੇ ਮੋੜਨ ਦੀ ਕੋਸ਼ਿਸ਼ ਕਰੋ। ਇਸੇ ਤਰ੍ਹਾਂ ਇਹੀ ਕਿਰਿਆ ਪੈਰ ਬਦਲ ਕੇ ਕਰੋ।

× ਕੁਰਸੀ 'ਤੇ ਬੈਠੇ ਹੋਏ ਦੋਵੇਂ ਹਥੇਲੀਆਂ ਨੂੰ ਇੰਟਰਲਾਕ ਕਰਕੇ ਸਿਰ 'ਤੇ ਰੱਖੋ, ਫਿਰ ਸੱਜੇ ਪਾਸੇ ਕਮਰ ਤੋਂ ਝੁਕੋ। ਇਸੇ ਤਰ੍ਹਾਂ ਖੱਬੇ ਪਾਸੇ ਥੋੜ੍ਹਾ ਝੁਕੋ। 3-4 ਵਾਰ ਇਸ ਨੂੰ ਦੁਹਰਾਓ।

ਸਿਹਤ ਲਈ ਖ਼ਤਰਨਾਕ ਹੈ ਕੁਦਰਤ ਨਾਲ ਖਿਲਵਾੜ

ਦੀਪਕ ਲਾਲਵਾਨੀ

ਮਾਨਵਤਾ ਅਤੇ ਵਾਤਾਵਰਨ ਨਾਲ ਲਗਾਤਾਰ ਕੀਤੇ ਜਾ ਰਹੇ ਖਿਲਵਾੜ ਦੇ ਦੌਰ ਵਿਚ ਜੇ ਮਨੁੱਖ ਇਸ ਮਹੱਤਵ ਨੂੰ ਨਹੀਂ ਸਮਝ ਸਕਿਆ ਤਾਂ ਮਹਾਂਵਿਨਾਸ਼ ਨਿਸਚਿਤ ਸਮਝੋ। ਮਨੁੱਖੀ ਸਮਾਜ ਇਸ ਸਮੇਂ ਇਕ ਅਜਿਹੇ ਚੌਰਾਹੇ 'ਤੇ ਖੜ੍ਹਾ ਹੈ, ਜਿਥੇ ਉਸ ਨੇ ਤੈਅ ਕਰਨਾ ਹੈ ਕਿ ਧਾਰਮਿਕ ਕੱਟੜਤਾ, ਸਾਮਵਾਦੀ ਜਨੂੰਨ ਅਤੇ ਪੂੰਜੀਪਤੀਆਂ ਦੇ ਸ਼ੋਸ਼ਣ ਦੇ ਰਾਹ 'ਤੇ ਹੀ ਚਲਦੇ ਰਹਿਣਾ ਹੈ ਜਾਂ ਫਿਰ ਅਜਿਹਾ ਰਾਹ ਤਲਾਸ਼ ਕਰਨਾ ਹੈ ਜੋ ਮਨੁੱਖੀ ਜੀਵਨ ਅਤੇ ਵਾਤਾਵਰਨ ਨੂੰ ਤੰਦਰੁਸਤ, ਸੁੰਦਰ ਅਤੇ ਖੁਸ਼ਹਾਲ ਬਣਾਵੇ। ਜੋ ਲੋਕ ਇਹ ਸੋਚਦੇ ਹਨ ਕਿ ਅਸੀਂ ਦੂਜਿਆਂ ਦੀ ਹੋਂਦ ਮਿਟਾ ਕੇ ਹੀ ਸੁਖੀ ਰਹਿ ਸਕਦੇ ਹਾਂ ਜਾਂ ਆਪਣੀ ਸੱਤਾ ਕਾਇਮ ਕਰ ਸਕਦੇ ਹਾਂ, ਉਹ ਜ਼ਰਾ ਇਤਿਹਾਸ ਵਿਚ ਝਾਕ ਕੇ ਦੇਖਣ। ਹਿੰਸਕ ਸਮਾਜ ਆਪਣੀ ਹੋਂਦ ਖੁਦ ਖੋ ਬੈਠਦਾ ਹੈ। ਜਦੋਂ ਕਿ ਨਹੀਂ ਰਹੇਗਾ ਤਾਂ ਦੂਜਾ ਵੀ ਨਹੀਂ ਰਹੇਗਾ। ਸਾਰੇ ਇਕ-ਦੂਜੇ ਨਾਲ ਜੁੜੇ ਹਨ। ਧਰਤੀ 'ਤੇ ਰੁੱਖ ਨਹੀਂ ਰਹਿਣਗੇ ਤਾਂ ਬਾਕੀ ਹੋਰ ਕਿਸੇ ਦੇ ਬਚਣ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਅੱਜ ਹਾਲਾਤ ਇਹ ਹਨ ਕਿ ਮਨੁੱਖ ਹਰ ਤਰੀਕੇ ਨਾਲ ਵਾਤਾਵਰਨ ਨੂੰ ਨੁਕਸਾਨ ਪਹੁੰਚਾ ਕੇ ਇਹ ਸਮਝਦਾ ਹੈ ਕਿ ਉਹ ਬਚ ਜਾਵੇਗਾ। ਪਰ ਇਹ ਉਸ ਦੀ ਭੁੱਲ ਹੈ।

ਛੋਟੀਆਂ-ਮੋਟੀਆਂ ਬਿਮਾਰੀਆਂ ਦੀ ਇਕ ਪ੍ਰਮੁੱਖ ਵਜ੍ਹਾ ਹੈ ਹਰ ਪਾਸੇ ਫੈਲੀ ਗੰਦਗੀ, ਵਧਦਾ ਹੋਇਆ ਪ੍ਰਦੂਸ਼ਣ, ਦੂਸ਼ਿਤ ਪਾਣੀ ਅਤੇ ਘਟੀਆ ਪੱਧਰ ਦੀ ਖਾਧ ਸਮੱਗਰੀ ਦੀ ਖੁੱਲ੍ਹੇਆਮ ਵਿਕਰੀ। ਜਨਤਕ ਸਥਾਨਾਂ 'ਤੇ ਸਾਫ਼-ਸਫ਼ਾਈ ਦੀ ਲੋੜੀਂਦੀ ਵਿਵਸਥਾ ਦਾ ਨਾ ਹੋਣਾ ਵੀ



ਬਦਕਿਸਮਤੀ ਹੀ ਕਹੀ ਜਾ ਸਕਦੀ ਹੈ। ਵਾਤਾਵਰਨ ਅਤੇ ਕੁਦਰਤ ਦੇ ਨਾਲ ਖਿਲਵਾੜ ਸਮਝਦਾਰੀ ਨਹੀਂ ਹੈ। ਦਿਨ ਅਤੇ ਰਾਤ ਦੀਆਂ ਕਿਰਿਆਵਾਂ ਦਾ ਕੁਦਰਤ ਦੇ ਨਾਲ ਸਿੱਧਾ ਸਬੰਧ ਹੈ ਪਰ ਅੱਜਕਲ੍ਹ ਇਨ੍ਹਾਂ ਸਬੰਧਾਂ ਵਿਚ ਕਠੋਰਤਾ ਪੈਦਾ ਹੋ ਰਹੀ ਹੈ। ਵੱਡੇ-ਬਜ਼ੁਰਗ ਹੀ ਜਦੋਂ ਜੀਵਨ ਸ਼ੈਲੀ ਵਿਚ ਆਏ ਬਦਲਾਵਾਂ ਤੋਂ ਬੇਫਿਕਰ ਹੋ ਜਾਣ ਤਾਂ ਇਸ ਦਾ ਖਮਿਆਜ਼ਾ ਨਵੀਂ ਪੀੜ੍ਹੀ ਨੂੰ ਤਾਂ ਭੁਗਤਣਾ ਹੀ ਪਵੇਗਾ। ਕਈ ਫੈਕਟਰੀਆਂ ਦੀਆਂ ਚਿਮਨੀਆਂ ਜ਼ਹਿਰੀਲਾ ਧੂੰਆਂ ਛੱਡਦੀਆਂ ਰਹਿੰਦੀਆਂ ਹਨ, ਜਿਸ ਨਾਲ ਵਾਤਾਵਰਨ ਦਾ ਮਜ਼ਾਕ ਵੀ ਉਡਦਾ ਰਹਿੰਦਾ ਹੈ। ਚਿਮਨੀਆਂ ਵਿਚੋਂ ਨਿਕਲਣ ਵਾਲਾ ਜ਼ਹਿਰੀਲਾ ਧੂੰਆਂ ਅਤੇ ਪ੍ਰਦੂਸ਼ਤ ਪਾਣੀ ਨਦੀਆਂ ਅਤੇ ਨਾਲਿਆਂ ਵਿਚ ਵਹਾ ਦਿੱਤਾ ਜਾਂਦਾ ਹੈ, ਜਿਸ ਕਾਰਨ ਨਦੀਆਂ ਅਤੇ ਨਾਲਿਆਂ ਦੇ ਆਸ-ਪਾਸ ਦੇ ਖੇਤਰ ਵੀ ਪ੍ਰਦੂਸ਼ਿਤ ਹੁੰਦੇ ਜਾ ਰਹੇ ਹਨ।

ਵਾਤਾਵਰਨ ਦੇ ਨਾਲ ਹੋ ਰਿਹਾ ਇਹ ਖਿਲਵਾੜ ਕਰੋੜਾਂ ਲੋਕਾਂ ਲਈ ਖ਼ਤਰੇ ਦੀ ਘੰਟੀ ਹੈ। ਤੇਜ਼ੀ ਦੇ ਵਿਕਾਸ ਦੇ ਨਾਂਅ 'ਤੇ ਕਈ ਵਿਦੇਸ਼ੀ ਕੰਪਨੀਆਂ ਨੂੰ ਭਾਰਤ ਵਿਚ ਆਉਣ ਦੀ ਖੁੱਲ੍ਹ ਦੇ ਰੱਖੀ ਹੈ। ਇਥੇ ਬੇਰੁਜ਼ਗਾਰੀ ਦੇ ਨਾਂਅ ਦਾ ਡੰਕਾ ਵਜਾ ਕੇ ਵਿਦੇਸ਼ੀ ਕੰਪਨੀਆਂ ਨੂੰ ਖੁੱਲ੍ਹੀ ਛੁੱਟੀ ਦੇ ਕੇ ਧੜੱਲੇ ਨਾਲ ਜੰਗਲਾਂ ਦੀ ਕਟਾਈ ਕਰਕੇ ਆਪਣੇ ਕਾਰਖਾਨੇ ਖੋਲ੍ਹ ਰਹੇ ਹਨ। 'ਭਾਜ਼ ਮੇਂ ਜਾਏ ਜਨਤਾ, ਅਪਨਾ ਕਾਮ ਬਨਤਾ' ਕਹਾਵਤ ਨੂੰ ਚਰਿਤਾਰਥ ਕਰਕੇ ਵਿਦੇਸ਼ੀ ਕੰਪਨੀਆਂ ਇਥੋਂ ਧੰਨ ਕਮਾ ਕੇ ਆਪਣੇ ਦੇਸ਼ਾਂ ਵਿਚ ਲਿਜਾ ਕੇ ਜਮ੍ਹਾਂ ਕਰ ਰਹੀਆਂ ਹਨ ਅਤੇ ਆਮ ਆਦਮੀ ਦੀ ਸਿਹਤ ਨਾਲ ਖਿਲਵਾੜ ਕਰਕੇ ਵਾਤਾਵਰਨ ਲਈ ਖ਼ਤਰਾ ਪੈਦਾ ਕਰ ਰਹੀਆਂ ਹਨ, ਜਿਸ ਦਾ ਖਮਿਆਜ਼ਾ ਆਉਣ ਵਾਲੇ ਦਿਨਾਂ ਵਿਚ ਭਾਰਤ ਵਾਸੀਆਂ ਨੂੰ ਹੀ ਭੁਗਤਣਾ ਪਵੇਗਾ।

ਪਹਿਲਾਂ ਖਾਈ ਜਾਓ, ਫਿਰ ਪਛਤਾਈ ਜਾਓ

ਸੀਤੇਸ਼ ਕੁਮਾਰ

ਝਟ ਕੇ ਖਾਣ-ਪੀਣ ਦੀ ਪਰੰਪਰਾ ਜਿਹੀ ਚੱਲ ਪਈ ਹੈ। ਛੋਟੀ-ਵੱਡੀ ਸਫਲਤਾ ਮਿਲਣ ਅਤੇ ਖੁਸ਼ੀ ਹੋਣ 'ਤੇ ਲੋਕ ਖਾਣ ਅਤੇ ਖਵਾਉਣ ਲਈ ਤਿਆਰ ਮਿਲ ਜਾਂਦੇ ਹਨ। ਭੁੱਖ ਨਹੀਂ, ਭੁੱਖੇ ਨਹੀਂ, ਫਿਰ ਵੀ ਲੋਕ ਝਟ ਕੇ ਖਾਣੇ ਲਈ ਤਿਆਰ ਰਹਿੰਦੇ ਹਨ। ਪਾਰਟੀਆਂ ਦੇਣਾ, ਲੈਣਾ ਆਮ ਹੋ ਗਿਆ ਹੈ। ਖਾਈ ਜਾਓ, ਖਾਈ ਜਾਓ ਦਾ ਖ਼ਤਰਨਾਕ ਰਿਵਾਜ ਵਧ ਰਿਹਾ ਹੈ। ਲੋਕ ਬੇਪ੍ਰਵਾਹ ਹੋ ਕੇ ਭੋਜਨ ਕਰਨ ਲਈ ਤਤਪਰ ਰਹਿੰਦੇ ਹਨ।

ਪਾਰਟੀਆਂ ਵਗੈਰਾ ਵਿਚ ਲੋਕ ਝਟ ਕੇ ਖਾ ਰਹੇ ਹਨ। ਬੇਮੇਲ ਅਤੇ ਬੇਵਜ੍ਹਾ ਭੋਜਨ ਕਰ ਰਹੇ ਹਨ। ਘਰਾਂ ਵਿਚ ਟੀ. ਵੀ. ਦੇਖਦੇ ਸਮੇਂ ਖਾਣ ਦੀ ਆਦਤ ਪੈ ਗਈ ਹੈ। ਖਾਣੇ ਦਾ ਉਲਟਾ ਜਿਹਾ ਰਿਵਾਜ ਚੱਲਣ ਲੱਗਾ ਹੈ। ਰਾਤ ਨੂੰ ਜਦੋਂ ਦਿਨ ਦੇ ਮੁਕਾਬਲੇ ਘੱਟ ਖਾਣਾ ਚਾਹੀਦਾ ਹੈ, ਉਦੋਂ ਹੀ ਲੋਕ ਪਾਰਟੀ, ਸਮਾਗਮ ਵਿਚ ਜਾਂ ਟੀ. ਵੀ. ਦੇ ਸਾਹਮਣੇ ਝਟ ਕੇ ਜਾਂ ਤੁੰਨ-ਤੁੰਨ ਕੇ ਖਾ ਰਹੇ ਹੁੰਦੇ ਹਨ। ਇਸ ਤਰ੍ਹਾਂ ਵਾਧੂ ਖਾਣ ਨਾਲ ਮੋਟਾਪਾ ਅਤੇ ਬਿਮਾਰੀਆਂ ਦੀਆਂ ਸਮੱਸਿਆਵਾਂ ਵਧ ਰਹੀਆਂ ਹਨ। ਆਧੁਨਿਕ ਆਜੀਵਿਕਾ ਅਤੇ ਦੌੜ-ਭੱਜ ਵਾਲੀ ਜੀਵਨ ਸ਼ੈਲੀ ਨੇ ਖਾਣ-ਪੀਣ ਦੇ ਤਰੀਕੇ ਅਤੇ ਸਮੇਂ ਨੂੰ ਬਦਲ ਦਿੱਤਾ ਹੈ, ਜੋ ਅਜਿਹੀਆਂ ਮੁਸੀਬਤਾਂ ਨੂੰ ਵਧਾਉਣ ਵਿਚ ਸਹਾਇਕ ਸਿੱਧ ਹੋ ਰਿਹਾ ਹੈ।

ਬੇਪ੍ਰਵਾਹ ਖਾਣ-ਪੀਣ : ਪਾਰਟੀ, ਸਮਾਗਮ ਜਾਂ ਟੀ. ਵੀ. ਦੇ ਸਾਹਮਣੇ ਖਾਣ ਦੇ ਕਾਰਨ ਸਾਡਾ ਧਿਆਨ ਵੀ ਪਾਰਟੀ, ਸਮਾਗਮ ਜਾਂ ਟੀ.

ਬਦਲਦੇ ਮੌਸਮ ਤੋਂ ਬਚੋ

ਜਦੋਂ ਮੌਸਮ ਬਦਲਦਾ ਹੈ ਤਾਂ ਅਕਸਰ ਲੋਕਾਂ ਨੂੰ ਸਰੀਰ ਸਬੰਧੀ ਛੋਟੀਆਂ-ਮੋਟੀਆਂ ਪਰੇਸ਼ਾਨੀਆਂ ਆ ਜਾਂਦੀਆਂ ਹਨ, ਜਿਵੇਂ- ਐਲਰਜ਼ੀ, ਗਰਮੀ, ਅੱਖਾਂ 'ਚ ਖਾਰਿਸ਼, ਸਿਰ ਦਰਦ, ਜ਼ੁਕਾਮ ਆਦਿ ਹੋਣ ਦਾ ਖ਼ਤਰਾ ਰਹਿੰਦਾ ਹੈ। ਇਸ ਤਰ੍ਹਾਂ ਦੀਆਂ ਪਰੇਸ਼ਾਨੀਆਂ ਜਦੋਂ ਵਿਅਕਤੀ ਨੂੰ ਆਪਣੇ ਲਪੇਟ 'ਚ ਲੈ ਲੈਣ ਤਾਂ ਫਿਰ ਪਿੱਛਾ ਛੁਡਾਉਣ ਦਾ ਨਾਂ ਨਹੀਂ ਲੈਂਦੀਆਂ। ਇਨ੍ਹਾਂ ਤੋਂ ਬਚਣ ਲਈ ਲੋਕ ਵੱਖ-ਵੱਖ- ਦਵਾਈਆਂ ਖਾਂਦੇ ਹਨ। ਬਦਲਦੇ ਮੌਸਮ ਤੋਂ ਬਚਣ ਲਈ ਇਨ੍ਹਾਂ ਜ਼ਰੂਰੀ ਗੱਲਾਂ ਦਾ ਧਿਆਨ ਰੱਖੋ।

ਹੱਥਾਂ ਦੀ ਸਫ਼ਾਈ

ਜੇ ਤੁਸੀ ਬਾਹਰੋਂ ਆ ਰਹੇ ਹੋ ਤਾਂ ਆਪਣੇ ਹੱਥਾਂ ਨੂੰ ਚੰਗੀ ਤਰ੍ਹਾਂ ਸਾਫ਼ ਕਰੋ। ਐਲਰਜ਼ੀ ਤੋਂ ਬਚਣ ਲਈ ਇਸ ਨੂੰ ਆਪਣੀ ਆਦਤ ਪਾਓ।

ਦਵਾਈਆਂ 'ਤੇ ਨਿਰਭਰ ਨਾ ਰਹੋ

ਜੇ ਤੁਸੀ ਡਾਕਟਰ ਦੀ ਸਲਾਹ ਨਾਲ ਦਵਾਈ ਖਾਂਦੇ ਹੋ ਤਾਂ ਇਸ ਨੂੰ ਓਨੀ ਦੇਰ ਹੀ ਖਾਓ ਜਿੰਨੀ ਦੇਰ ਡਾਕਟਰ ਤੁਹਾਨੂੰ ਇਸ ਨੂੰ ਖਾਣ ਲਈ ਕਹਿੰਦਾ ਹੈ। ਸੈਲਫ ਮੈਡੀਕੇਸ਼ਨ ਤੋਂ ਬਚੋ, ਇਸ ਨਾਲ ਫ਼ਾਇਦੇ ਦੀ ਥਾਂ ਨੁਕਸਾਨ ਹੋਣ ਦਾ ਖ਼ਤਰਾ ਵਧੇਰੇ ਰਹਿੰਦਾ ਹੈ।

ਵਿਟਾਮਿਨ-ਸੀ ਵਾਲੇ ਫਲ

ਬਦਲਦੇ ਮੌਸਮ 'ਚ ਵੈਸੇ ਤਾਂ ਹਰ ਤਰ੍ਹਾਂ ਦੇ ਫਲ ਖਾਣੇ ਚਾਹੀਦੇ ਹਨ ਪਰ ਵਿਟਾਮਿਨ-ਸੀ ਨਾਲ ਭਰਪੂਰ ਫਲਾਂ ਨੂੰ ਆਪਣੀ ਖ਼ੁਰਾਕ 'ਚ ਉਚੇਚੇ ਤੌਰ 'ਤੇ ਸ਼ਾਮਲ ਕਰੋ, ਕਿਉਂਕਿ ਇਹ ਸਰੀਰ ਅੰਦਰ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ (ਇਮਿਊਨਿਟੀ) ਨੂੰ ਵਧਾਉਂਦੇ ਹਨ।•

ਖਿੜਕੀਆਂ-ਦਰਵਾਜ਼ੇ ਬੰਦ ਰੱਖੋ

ਜੇ ਤੁਹਾਨੂੰ ਹਰ ਮੌਸਮ ਨਾਲ ਐਲਰਜ਼ੀ ਰਹਿੰਦੀ ਹੈ ਤਾਂ ਆਪਣੇ ਘਰ ਦੀਆਂ ਖਿੜਕੀਆਂ-ਦਰਵਾਜ਼ੇ ਬੰਦ ਕਰ ਕੇ ਰੱਖੋ ਤੇ ਘਰ ਤੋਂ ਬਾਹਰ ਜਾਂਦੇ ਸਮੇਂ ਮੂੰਹ 'ਤੇ ਮਾਸਕ ਪਾ ਕੇ ਰੱਖੋ ਤਾਂ ਕਿ ਧੂੜ-ਮਿੱਟੀ ਤੋਂ ਬਚਿਆ ਜਾ ਸਕੇ।

ਵਧੀਆ ਨੀਂਦ ਲਈ ਕਰੋ ਇਹ ਕੰਮ

ਸਾਰਾ ਦਿਨ ਕੰਮ ਕਰਨ ਤੋਂ ਬਾਅਦ ਹਰ ਕਿਸੇ ਨੂੰ ਇੰਤਜ਼ਾਰ ਹੁੰਦਾ ਹੈ ਕਿ ਘਰ ਜਾਈਏ ਤੇ ਰਾਤ ਨੂੰ ਚੈਨ ਦੀ ਨੀਂਦ ਸੌਈਏ। ਵਧੀਆ ਨੀਂਦ ਚੰਗੇ ਸਰੀਰ ਦੀ ਨਿਸ਼ਾਨੀ ਹੁੰਦੀ ਹੈ। ਪਰ ਕਈ ਲੋਕਾਂ ਦੀ ਨੀਂਦ ਬਿਸਤਰੇ 'ਤੇ ਜਾ ਕੇ ਉੱਡ ਜਾਂਦੀ ਹੈ ਤੇ ਉਹ ਸਾਰੀ ਰਾਤ ਜਾਗਦੇ ਰਹਿੰਦੇ ਹਨ। ਜਿਸ ਕਾਰਨ ਸਾਰਾ ਦਿਨ ਥਕਾਵਟ ਤੇ ਸੁਸਤੀ ਪਈ ਰਹਿੰਦੀ ਹੈ। ਕੁਝ ਕੁ ਲੋਕ ਰਾਤ ਨੂੰ ਵਧੀਆ ਨੀਂਦ ਲਈ ਦਵਾਈਆਂ ਵੀ ਖਾਂਦੇ ਹਨ ਪਰ ਕੁਝ ਛੋਟੇ-ਛੋਟੇ ਉਪਾਅ ਦੀ ਮਦਦ ਨਾਲ ਵੀ ਨੀਂਦ ਆਉਣ ਦੀ ਪਰੇਸ਼ਾਨੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

ਸਾਫ਼ ਸੁਥਰਾ ਬਿਸਤਰਾ

ਘਰ ਭਾਵੇਂ ਛੋਟਾ ਹੋਵੇ ਜਾਂ ਵੱਡਾ ਪਰ ਬਿਸਤਰ ਹਮੇਸ਼ਾ ਸਾਫ਼ ਸੁਥਰਾ ਹੋਣਾ ਚਾਹੀਦਾ ਹੈ। ਕਮਰੇ 'ਚ ਰੀਦਗੀ ਹੋਣ ਨਾਲ ਵੀ ਨੀਂਦ ਨਹੀਂ ਆਉਂਦੀ। ਆਪਣੇ ਕਮਰੇ 'ਚ ਆਪਣੀ ਪਸੰਦ ਦੀ ਚਾਦਰ, ਸ਼ੋਅ ਪੀਸ ਤੇ ਲੈਂਪ ਰੱਖੋ ਇਸ ਨਾਲ ਕਮਰੇ ਦਾ ਮਾਹੌਲ ਵਧੀਆ ਹੋਵੇਗਾ ਤਾਂ ਨੀਂਦ ਵੀ ਵਧੀਆ ਆਵੇਗੀ।

ਲਾਈਫ ਸਟਾਈਲ ਬਦਲੋ

ਕਈ ਵਾਰ ਤੁਹਾਡੀਆਂ ਕੁਝ ਆਦਤਾਂ ਕਾਰਨ ਵੀ ਨੀਂਦ ਨਹੀਂ ਆਉਂਦੀ। ਸਮੇਂ ਦੀ ਕਮੀ ਹੋਣ ਕਾਰਨ ਜੇ ਤੁਸੀਂ ਯੋਗਾ ਨਹੀਂ ਕਰ ਸਕਦੇ ਤਾਂ ਸ਼ਾਮ ਨੂੰ ਜ਼ਰੂਰ ਕਸਰਤ ਕਰੋ।

ਹਲਕਾ ਖਾਣਾ ਖਾਓ

ਰਾਤ ਨੂੰ ਜ਼ਿਆਦਾ ਖਾਣਾ ਖਾਣ ਨਾਲ ਵੀ ਨੀਂਦ 'ਚ ਪਰੇਸ਼ਾਨੀ ਆਉਂਦੀ ਹੈ। ਰਾਤ ਦੇ ਸਮੇਂ ਹਲਕਾ ਫੁਲਕਾ ਭੋਜਨ ਖਾਣਾ ਚਾਹੀਦਾ ਹੈ ਜਿਸ ਨਾਲ ਪੇਟ 'ਚ ਗੈਸ ਨਹੀਂ ਬਣਦੀ।

ਅੱਖਾਂ ਨੂੰ ਦਿਉ ਅਰਾਮ

ਰਾਤ ਨੂੰ ਦੇਰ ਤਕ ਮੋਬਾਈਲ ਚਲਾਉਣ ਨਾਲ ਵੀ ਅੱਖਾਂ 'ਤੇ ਬੁਰਾ ਅਸਰ ਪੈਂਦਾ ਹੈ। ਯਾਦ ਰੱਖੋ ਕੀ ਜਿੰਨੇ ਆਰਾਮ ਦੀ ਜ਼ਰੂਰਤ ਤੁਹਾਨੂੰ ਹੈ ਓਨੀ ਹੀ ਜ਼ਰੂਰਤ ਹੈ ਕਿ ਰਾਤ ਨੂੰ ਦੇਰ ਤਕ ਮੋਬਾਇਲ ਦੀ ਵਰਤੋਂ ਨਾ ਕਰੋ।•

ਚਮੜੀ ਦੇ ਰੋਗਾਂ ਨੂੰ ਦੂਰ ਕਰਦਾ ਹੈ ਵੇਸਣ

ਵੇਸਣ ਤਾਂ ਹਰ ਘਰ 'ਚੋਂ ਅਸਾਨੀ ਨਾਲ ਮਿਲ ਜਾਂਦਾ ਹੈ। ਇਸ ਨਾਲ ਪਕੌੜੇ, ਸਬਜ਼ੀ ਤੇ ਮਿੱਠਾ ਬਣਾਇਆ ਜਾਂਦਾ ਹੈ। ਇਹ ਖਾਣ 'ਚ ਹੀ ਨਹੀਂ ਸਗੋਂ ਸੁੰਦਰਤਾ ਲਈ ਵਰਤਿਆ ਜਾਂਦਾ ਹੈ। ਚਿਹਰੇ 'ਤੇ ਵੇਸਣ ਲਗਾਉਣ ਨਾਲ ਮੂੰਹ ਸਾਫ਼ ਤੇ ਕੋਮਲ ਹੋ ਜਾਂਦਾ ਹੈ। ਆਓ ਜਾਣੀਏ ਵੇਸਣ ਦੇ ਫ਼ਾਇਦੇ।

ਤੇਲੀ ਚਮੜੀ : ਕੁਝ ਲੋਕਾਂ ਦੇ ਮੂੰਹ ਦੀ ਚਮੜੀ ਬਹੁਤ ਹੀ ਤੇਲ ਵਾਲੀ ਹੁੰਦੀ ਹੈ। ਜਿਸ ਨਾਲ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇ ਉਹ ਕਿਤੇ ਬਾਹਰ ਜਾਂਦੇ ਤਾਂ ਤੇਲੀ ਚਮੜੀ ਹੋਣ ਕਰਕੇ ਧੂੜ-ਮਿੱਟੀ ਜੰਮ ਜਾਂਦੀ ਹੈ, ਸਕਿਨ ਕਾਲੀ ਲੱਗਦੀ ਹੈ, ਪਸੀਨਾ ਜ਼ਿਆਦਾ ਆਉਣਾ ਆਦਿ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵੇਸਣ ਨਾਲ ਚਿਹਰੇ ਤੋਂ ਵਾਧੂ ਤੇਲ ਨਿਕਲ ਜਾਂਦਾ ਹੈ।

ਟੈਨਿੰਗ : ਧੁੱਪ 'ਚ ਬਾਹਰ ਜਾਣ ਨਾਲ ਚਿਹਰੇ 'ਤੇ ਟੈਨਿੰਗ ਹੋ ਜਾਂਦੀ ਹੈ। ਇਸ ਲਈ ਚਿਹਰੇ 'ਤੇ ਵੇਸਣ 'ਚ ਹਲਦੀ ਤੇ ਨਿੰਬੂ ਦਾ ਰਸ ਮਿਲਾ ਕੇ ਲੇਪ ਬਣਾ ਕੇ ਲਗਾਉ।

ਦਾਗ਼-ਧੱਬੇ : ਕਈ ਵਾਰ ਚਿਹਰੇ 'ਤੇ ਪਿੰਪਲ ਹੋਣ ਕਾਰਨ ਮੂੰਹ 'ਤੇ ਦਾਗ਼ ਧੱਬੇ ਰਹਿ ਜਾਂਦੇ ਹਨ। ਉਨ੍ਹਾਂ ਨੂੰ ਖ਼ਤਮ ਕਰਨ ਲਈ ਵੇਸਣ 'ਚ ਦਹੀ ਮਿਲਾ ਕੇ ਲੇਪ ਬਣਾ ਕੇ ਲਗਾਉ। ਇਸ ਨਾਲ ਦਾਗ਼ ਸਾਫ਼ ਹੋ ਜਾਣਗੇ ਤੇ ਮੂੰਹ ਨਿਖ਼ਰ ਜਾਵੇਗਾ।

ਗਰਦਨ ਦਾ ਕਾਲਾਪਨ : ਗਰਦਨ ਦੇ ਕਾਲੇਪਨ ਨੂੰ ਦੂਰ ਕਰਨ ਦੇ ਲਈ ਵੇਸਣ 'ਚ ਹਲਦੀ ਤੇ ਨਾਰੀਅਲ ਤੇਲ ਮਿਲਾ ਕੇ ਲਗਾਉ। ਹਫ਼ਤੇ 'ਚ 2-3 ਵਾਰ ਇਸਤੇਮਾਲ ਕਰਨ ਨਾਲ ਕਾਲਾਪਨ ਦੂਰ ਹੋ ਜਾਵੇਗਾ। ਇਸ ਲੇਪ ਨੂੰ ਗਰਦਨ, ਕੂਹਣੀਆਂ, ਗੋਡਿਆਂ 'ਤੇ ਵੀ ਲਗਾ ਸਕਦੇ ਹਾਂ।

ਝੁਰੜੀਆਂ : ਉਮਰ ਵਧਣ ਨਾਲ ਚਿਹਰੇ 'ਤੇ ਝੁਰੜੀਆਂ ਦੇ ਨਿਸ਼ਾਨ ਦਿਖਾਈ ਦੇਣ ਲੱਗ ਪੈਂਦੇ ਹਨ। ਤੁਸੀ ਵੇਸਣ ਦਾ ਤੇਲ ਲਗਾ ਸਕਦੇ ਹੋ। ਵੇਸਣ 'ਚ ਸ਼ਹਿਦ ਤੇ ਹਲਦੀ ਮਿਲਾ ਕੇ ਲੇਪ ਤਿਆਰ ਕਰੋ ਤੇ ਚਿਹਰੇ ਉੱਪਰ ਲਗਾਉ।•

9 ਸਤੰਬਰ 'ਵਰਲਡ ਫ਼ਸਟ ਏਡ ਡੇਅ' 'ਤੇ ਵਿਸ਼ੇਸ਼

ਮੁੱਢਲੀ ਸਹਾਇਤਾ ਦਾ ਮਹੱਤਵ

ਨਰੇਸ਼ ਪਠਾਣੀਆ

ਦੁਨੀਆ ਭਰ ਦੇ ਲੋਕਾਂ ਅੰਦਰ ਫ਼ਸਟ ਏਡ ਦੀ ਮਹੱਤਤਾ ਨੂੰ ਪ੍ਰਗਟ ਕਰਨ ਅਤੇ ਉਨ੍ਹਾਂ ਨੂੰ ਫ਼ਸਟ ਏਡ ਦਾ ਗਿਆਨ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨ ਵਜੋਂ ਮਨੁੱਖਤਾ ਭਲਾਈ ਲਈ ਕੰਮ ਕਰ ਰਹੀਆਂ ਸਿਸਥਾਵਾਂ ਇੰਟਰਨੈਸ਼ਨਲ ਫੈਡਰੇਸ਼ਨ ਆਫ਼ ਰੈੱਡ ਕਰਾਸ ਅਤੇ ਰੈੱਡ ਕਰੀਸੈਂਟ ਸੁਸਾਇਟੀਜ਼ ਵੱਲੋਂ ਹਰ ਸਾਲ ਸਤੰਬਰ ਮਹੀਨੇ ਦਾ ਦੂਜਾ ਸ਼ਨੀਵਾਰ "ਵਿਸ਼ਵ ਮੁੱਢਲੀ ਸਹਾਇਤਾ ਦਿਵਸ" ਵਜੋਂ ਮਨਾਉਣ ਦਾ ਐਲਾਨ ਕੀਤਾ ਹੋਇਆ ਹੈ ਤਾਂ ਜੋ ਹਾਦਸਿਆਂ ਦੌਰਾਨ ਲੱਗਣ ਵਾਲੀਆਂ ਘਾਤਕ ਸਰੀਰਕ ਅਤੇ ਮਾਨਸਿਕ ਸੱਟਾਂ ਦੇ ਅਸਰ ਨੂੰ ਘਟਾਇਆ ਜਾ ਸਕੇ ਅਤੇ ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ।

ਹਾਦਸੇ, ਸਾਡੀ ਜ਼ਿੰਦਗੀ ਦਾ ਹਿੱਸਾ ਬਣ ਚੁੱਕੇ ਹਨ। ਸੜਕਾਂ 'ਤੇ ਵਾਹਨਾਂ ਦੀ ਦਿਨੋਂ-ਦਿਨ ਵੱਧ ਰਹੀ ਆਵਾਜਾਈ ਅਤੇ ਸਾਡੀ ਤੇਜ਼ ਹੁੰਦੀ ਜਾ ਰਹੀ ਰਫ਼ਤਾਰ ਨੇ ਸਾਡੇ ਜੀਵਨ ਦੀ ਰਫ਼ਤਾਰ ਨੂੰ ਵੀ ਛੋਟਾ ਕਰ ਦਿੱਤਾ ਹੈ। ਇਹ ਸੜਕੀ ਹਾਦਸੇ ਪਲਾਂ ਵਿਚ ਹੀ ਕਿਸੇ ਹੱਸਦੀ-ਖੇਡਦੀ ਜ਼ਿੰਦਗੀ ਨੂੰ ਖ਼ਤਮ ਕਰ ਜਾਂਦੇ ਹਨ ਅਤੇ ਇਨ੍ਹਾਂ ਹਾਦਸਿਆਂ ਵਿਚੋਂ ਜ਼ਿੰਦਾ ਬਚੇ ਫੱਟੜ ਵਿਅਕਤੀ ਉਮਰ ਭਰ ਲਈ ਅਪਾਹਜਤਾ ਭਰੀ ਜ਼ਿੰਦਗੀ ਜਿਊਂਦੇ ਹੋਏ ਪਰਿਵਾਰ ਅਤੇ ਸਮਾਜ ਉੱਪਰ ਬੋਝ ਬਣ ਜਾਂਦੇ ਹਨ। ਰੋਡ ਸੇਫ਼ਟੀ ਫੈਕਟਸ਼ੀਟ ਅਨੁਸਾਰ ਭਾਰਤ ਵਿਚ ਸੜਕੀ ਦੁਰਘਟਨਾਵਾਂ ਕਾਰਨ ਹਰ ਚਾਰ ਮਿੰਟਾਂ ਮਗਰੋਂ ਇਕ ਵਿਅਕਤੀ ਦੀ ਜਾਨ ਜਾ ਰਹੀ ਹੈ। ਅੰਕੜੇ ਦੱਸਦੇ ਹਨ ਕਿ ਭਾਰਤ ਵਿਚ ਹੀ ਹਰ ਸਾਲ ਇੱਕ ਲੱਖ ਤੋਂ ਵੱਧ ਮੌਤਾਂ ਸੜਕੀ ਹਾਦਸਿਆਂ ਵਿਚ ਹੋ ਜਾਂਦੀਆਂ ਹਨ। ਇਨ੍ਹਾਂ ਹੀ ਹਾਦਸਿਆਂ ਦਾ ਇਕ ਦੁਖਦਾਈ ਪਹਿਲੂ ਇਹ ਵੀ ਹੈ ਕਿ ਇਨ੍ਹਾਂ ਸੜਕ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ ਵਿਚੋਂ 50 ਫੀਸਦੀ ਮੌਤਾਂ ਸਮੇਂ ਸਿਰ ਫ਼ਸਟ ਏਡ ਜਾਂ ਡਾਕਟਰੀ ਸਹਾਇਤਾ ਨਾ ਮਿਲਣ ਕਰ ਕੇ ਹੋ ਜਾਂਦੀਆਂ ਹਨ। ਹਾਦਸਿਆਂ ਦੇ ਕਾਰਨ ਭਾਵੇਂ ਕੁਝ ਵੀ ਰਹੇ ਹੋਣ ਪਰੰਤੂ ਹਾਦਸਿਆਂ ਦੇ ਸ਼ਿਕਾਰ ਹੋਏ ਫੱਟੜਾਂ ਨੂੰ ਜੇ ਸਮੇਂ ਸਿਰ ਮੁੱਢਲੀ ਸਹਾਇਤਾ ਮਿਲ ਸਕੇ ਤਾਂ ਜਿੰਥੇ ਉਨ੍ਹਾਂ ਦੇ ਦੁੱਖ ਦਰਦ ਨੂੰ ਘੱਟ ਕੀਤਾ ਜਾ ਸਕਦਾ ਹੈ, ਉੱਥੇ ਕਿਸੇ ਕੀਮਤੀ ਅਤੇ ਵੱਡਮੁੱਲੀ ਜਾਨ ਨੂੰ ਵੀ ਬਚਾਇਆ ਜਾ ਸਕਦਾ ਹੈ। ਅੱਜ ਜ਼ਿਆਦਾਤਰ ਕਾਨੂੰਨੀ ਝੰਜਟਾਂ ਤੋਂ ਡਰਦੇ ਹਮਦਰਦੀ ਹੁੰਦਿਆਂ ਵੀ ਸੜਕਾਂ 'ਤੇ ਪਏ ਜ਼ਖ਼ਮੀਆਂ ਜਾਂ ਰੋਗੀਆਂ ਨੂੰ ਹੱਥ ਨਹੀਂ ਪਾਉਂਦੇ ਪਰੰਤੂ ਮਾਨਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਮੁਤਾਬਕ ਹਾਦਸਿਆਂ ਵਿਚ ਸ਼ਿਕਾਰ ਹੋਏ ਲੋਕਾਂ ਦੀ ਮਦਦ ਕਰਨ ਵਾਲਿਆਂ ਨੂੰ ਕਾਨੂੰਨੀ ਝੰਜਟਾਂ ਵਿੱਚ ਨਹੀਂ ਪਾਇਆ ਜਾ ਸਕਦਾ ਬਲਕਿ ਕਿਸੇ ਜ਼ਖ਼ਮੀ ਜਾਂ ਫੱਟੜ ਦੀ ਮਦਦ ਕਰਨ ਵਾਲੇ ਨੂੰ ਸਨਮਾਨਿਤ ਕੀਤੇ ਜਾਣਾ ਦਾ ਕਰਾਰ ਦਿੱਤਾ ਗਿਆ ਹੈ। ਲੋੜ ਹੈ ਇਹ ਗੱਲ ਲੋਕਾਂ ਵਿਚ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਚਾਰਨ ਦੀ ਤਾਂ ਜੋ ਲੋਕ ਦੂਸਰਿਆਂ ਦੀ ਮਦਦ ਲਈ ਸਵੈ-ਇੱਛਾ ਨਾਲ ਅੱਗੇ ਆਉਣ। ਮੋਟਰ ਵਹੀਕਲ ਐਕਟ ਮੁਤਾਬਕ ਵਾਹਨਾਂ ਵਿੱਚ ਫ਼ਸਟ ਏਡ ਬਕਸੇ ਰੱਖਣੇ ਵੀ ਜ਼ਰੂਰੀ ਹਨ ਪ੍ਰੰਤੂ ਦੁੱਖ ਦੀ ਗੱਲ ਹੈ ਕਿ ਅੱਜ ਬਹੁਤੇ ਵਾਹਨਾਂ ਵਿਚ ਲੋੜ ਪੈਣ 'ਤੇ ਫ਼ਸਟ ਏਡ ਬਕਸੇ ਵੀ ਨਹੀਂ ਮਿਲਦੇ।

ਸਾਡੀ ਥੋੜ੍ਹੀ ਜਿਹੀ ਹੁਸ਼ਿਆਰੀ ਅਤੇ ਸਿਆਣਪ ਫੱਟੜ ਮਰੀਜ਼ ਨੂੰ ਇੱਕ ਨਵੀਂ ਜ਼ਿੰਦਗੀ ਬਖ਼ਸ਼ ਸਕਦੀ ਹੈ। ਐਕਸੀਡੈਂਟ ਜੇ ਸੜਕ ਵਿਚਕਾਰ ਹੋਇਆ ਹੈ ਤਾਂ ਪਹਿਲਾ ਕੰਮ ਫੱਟੜਾਂ/ਸੱਟੜਾਂ ਨੂੰ ਸੁਰੱਖਿਅਤ ਢੰਗ ਨਾਲ ਚੁੱਕ ਕੇ ਇੱਕ ਪਾਸੇ ਕਰ ਦਿਓ ਤਾਂ ਜੋ ਕਿਸੇ ਤੇਜ਼ ਆ ਰਹੇ ਵਾਹਨਾਂ ਨਾਲ ਤੁਹਾਡੀ ਜਾਂ ਮਰੀਜ਼ ਦੀ ਜਾਨ ਨੂੰ ਕੋਈ ਖ਼ਤਰਾ ਨਾ ਹੋਵੇ। ਪੀੜਤ ਵਿਅਕਤੀ ਦੀ ਦਿਲ ਦੀ ਧੜਕਣ ਅਤੇ ਸਾਹ ਕਿਰਿਆ ਚੈੱਕ ਕਰੋ। ਏਅਰਵੇਜ਼ ਭਾਵ ਸਾਹ ਲੈਣ ਵਾਲੇ ਰਸਤਿਆਂ ਨੰਕ ਅਤੇ ਮੂੰਹ ਨੂੰ ਚੈੱਕ ਕਰੋ। ਏਅਰਵੇਜ਼ ਵਿਚ ਕਿਸੇ ਕਿਸਮ ਦੀ ਰੁਕਾਵਟ ਹੋਵੇ ਤਾਂ ਦੂਰ ਕਰੋ। ਦਿਲ ਦੀ ਧੜਕਣ ਅਤੇ ਸਾਹ ਬੰਦ ਹੋਵੇ ਤਾਂ ਬਨਾਵਟੀ ਸਾਹ ਦੇਣ ਦੇ ਢੰਗ ਤਰੀਕੇ ਅਤੇ ਸੀ.ਪੀ.ਆਰ. ਮੈਥਡ ਫ਼ਸਟ ਏਡ ਟ੍ਰੇਨਿੰਗ ਦੌਰਾਨ ਸਿਖਾਏ ਜਾਂਦੇ ਹਨ। ਫ਼ਸਟ ਏਡ ਦੇ ਇਹ ਟ੍ਰੇਨਿੰਗ ਪ੍ਰੋਗਰਾਮ ਜ਼ਿਲ੍ਹਿਆਂ ਵਿਚ ਕੰਮ ਕਰਦੀਆਂ ਰੈੱਡ ਕਰਾਸ ਸੰਸਥਾਵਾਂ ਦੀ ਸਹਿਯੋਗੀ ਸੰਸਥਾ ਸੇਂਟ ਜੌਨ ਐਂਬੂਲੈਂਸ ਵੱਲੋਂ ਚਲਾਏ ਜਾਂਦੇ ਹਨ। ਦੇਖੋ ਕਿ ਪੀੜਤ ਵਿਅਕਤੀ ਹੋਸ਼ ਵਿੱਚ ਹੈ ਜਾਂ ਨਹੀਂ ਅਤੇ ਕਿਤੋਂ ਬਾਹਰੀ ਖ਼ੂਨ ਤਾਂ ਨਹੀਂ ਵਗ ਰਿਹਾ। ਹਾਦਸੇ ਮਗਰੋਂ ਮੌਤ ਦਾ ਇਕ ਵੱਡਾ ਕਾਰਨ ਸਰੀਰ ਵਿਚੋਂ ਬਹੁਤ ਜ਼ਿਆਦਾ ਮਾਤਰਾ ਵਿਚ ਖ਼ੂਨ ਵਹਿ ਜਾਣਾ ਵੀ ਹੁੰਦਾ ਹੈ। ਫੱਟਾਂ ਵਿੱਚੋਂ ਖ਼ੂਨ ਵਗ ਰਿਹਾ ਹੋਵੇ ਤਾਂ ਅੰਗ ਨੂੰ ਥੋੜ੍ਹਾ ਉੱਚਾ ਕਰਕੇ ਰੱਖੋ ਅਤੇ ਵਗਦੇ ਖ਼ੂਨ ਨੂੰ ਰੋਕਣ ਦੇ ਉਪਰਾਲੇ ਕਰੋ। ਖ਼ੂਨ ਵਗਣ ਵਾਲੀ ਜਗ੍ਹਾ 'ਤੇ ਸਾਫ਼ ਰੁਮਾਲ/ਕੱਪੜੇ ਜਾਂ ਪੱਟੀਆਂ ਆਦਿ ਨਾਲ ਦਬਾਅ ਬਣਾ ਕੇ ਰੱਖੋ। ਕਈ ਵਾਰ ਬਾਹਰੋਂ ਖ਼ੂਨ ਨਹੀਂ ਵਗ ਰਿਹਾ ਹੁੰਦਾ ਪ੍ਰੰਤੂ ਅੰਦਰੂਨੀ ਸੱਟਾਂ ਕਾਰਣ ਸਰੀਰ ਦੇ ਅੰਦਰ ਹੀ ਖ਼ੂਨ ਦਾ ਵਗਣਾ ਵੀ ਹੋ ਸਕਦਾ ਹੈ ਅਤੇ ਕੁੱਝ ਸਮੇਂ ਬਾਅਦ ਵਿਅਕਤੀ ਦੀ ਜਾਨ ਜਾ ਸਕਦੀ ਹੈ। ਅਜਿਹੀ ਹਾਲਤ ਵਿਚ ਜਾਂ ਬੇਹੋਸ਼ ਵਿਅਕਤੀ ਨੂੰ ਲੈ ਜਾਣ ਵੇਲੇ ਟੇਢਾ ਕਰਕੇ ਭਾਵ ਵੱਖੀ ਪਰਨੇ ਜਿਸ ਨੂੰ ਰਿਕਵਰੀ (ਪੁਜੀਸ਼ਨ ਕਹਿੰਦੇ ਹਨ) ਵਾਲੀ ਹਾਲਤ 'ਚ ਪਾ ਕੇ ਹਸਪਤਾਲ ਲੈ ਜਾਇਆ ਜਾਵੇ ਤਾਂ ਜੋ ਅੰਦਰੋਂ ਨਿਕਲਣ ਵਾਲਾ ਖ਼ੂਨ ਜਾਂ ਉਲਟੀ ਫੇਫੜਿਆਂ ਵਿਚ ਨਾ ਚਲੀ ਜਾਵੇ ਜੋ ਕਿ ਜਾਨਲੇਵਾ ਹੋ ਸਕਦੀ ਹੈ।

ਫੱਟੜ ਦੇ ਆਲੇ-ਦੁਆਲੇ ਜ਼ਿਆਦਾ ਭੀੜ ਇਕੱਠੀ ਨਾ ਹੋਣ ਦਿਓ ਕਿਉਂਕਿ ਮਰੀਜ਼ ਨੂੰ ਤਾਜ਼ੀ ਹਵਾ ਦੀ ਲੋੜ ਹੁੰਦੀ ਹੈ। ਭੀੜ ਤੋਂ ਕਿਸੇ ਵੀ ਕਿਸਮ ਦੀ ਮਦਦ ਲਈ ਜਾ ਸਕਦੀ ਹੈ। ਫੱਟੜਾਂ ਨੂੰ ਇਕਦਮ ਚੁੱਕਣ ਦੀ ਕਾਹਲ ਨਾ ਕਰੋ। ਕਈ ਵਾਰ ਲੋਕਾਂ ਦੀ ਭਾਵਨਾ ਹੁੰਦੀ ਹੈ ਕਿ ਪੀੜਤ ਵਿਅਕਤੀ ਨੂੰ ਛੇਤੀ ਹੀ ਖੜ੍ਹਾ ਕੀਤਾ ਜਾਵੇ ਜਾਂ ਬਿਠਾ ਕੇ ਕਿਸੇ ਵਹੀਕਲ ਵਿਚ ਪਾਇਆ ਜਾਵੇ। ਕਾਹਲ ਵਿਚ ਉਸ ਦੀ ਖਿੱਚ ਧੂਹ ਕੀਤੀ ਜਾਂਦੀ ਹੈ। ਹਾਦਸੇ ਵੇਲੇ ਪੀੜਤ ਵਿਅਕਤੀ ਦੀ ਰੀੜ੍ਹ ਦੀ ਹੱਡੀ ਖ਼ਾਸ ਕਰਕੇ ਧੌਣ ਵਿਚ ਸੱਟ ਲੱਗੀ ਹੋਵੇ ਤਾਂ ਫੱਟੜ ਨੂੰ ਬਹੁਤ ਹੀ ਤਰੀਕੇ ਨਾਲ ਸੰਭਾਲ ਕੇ ਚੁੱਕਣਾ ਚਾਹੀਦਾ ਹੈ ਕਿਉਂਕਿ ਰੀੜ੍ਹ ਦੀ ਹੱਡੀ ਵਿਚਕਾਰ ਸਪਾਈਨਲ ਕਾਰਡ ਹੁੰਦੀ ਹੈ ਇਸ ਦੀ ਸੱਟ ਨਾਲ ਵਿਅਕਤੀ ਦਾ ਕੋਈ ਵੀ ਸਰੀਰਕ ਹਿੱਸਾ ਸਦਾ ਲਈ ਅਪਾਹਜ ਹੋ ਸਕਦਾ ਹੈ। ਹੱਡੀਆਂ ਦੇ ਢਾਂਚੇ ਜਾਂ ਲੱਤਾਂ-ਬਾਹਾਂ, ਪੱਸਲੀਆਂ ਆਦਿ ਨੂੰ ਸੱਟ ਲੱਗਕੇ ਟੁੱਟੀਆਂ ਹੋ ਸਕਦੀਆਂ ਹਨ। ਇਸ ਹਾਲਤ ਵਿਚ ਪੀੜਤ ਵਿਅਕਤੀ ਨੂੰ ਚੁੱਕਣ ਤੋਂ ਪਹਿਲਾਂ ਇਹ ਜ਼ਰੂਰ ਵੇਖ ਲਓ ਕਿ ਕੋਈ ਹੱਡੀ ਤਾਂ ਨਹੀਂ ਟੁੱਟੀ। ਅੰਗ ਦੇ ਆਕਾਰ ਦਾ ਟੇੜਾ

ਸੰਪਾਦਕੀ

ਹਰਿਆਣਾ ਵਿਚ ਚੋਣ ਤਰੀਕ ’ਚ ਬਦਲਾਅ

ਭਾਰਤ ਦੇ ਚੋਣ ਕਮਿਸ਼ਨ (ਈਸੀਆਈ) ਵੱਲੋਂ ਹਰਿਆਣਾ ਦੀਆਂ ਵਿਧਾਨ ਸਭਾ ਚੋਣਾਂ ਦੀ ਤਰੀਕ ਪਹਿਲੀ ਅਕਤੂਬਰ ਤੋਂ ਬਦਲ ਕੇ 5 ਅਕਤੂਬਰ ਕਰਨ ਦਾ ਉਮੀਦ ਮੁਤਾਬਿਕ ਸੱਤਾਧਾਰੀ ਭਾਜਪਾ ਨੇ ਸਵਾਗਤ ਕੀਤਾ ਹੈ ਤੇ ਵਿਰੋਧੀ ਧਿਰ ਕਾਂਗਰਸ ਨੇ ਇਸ ਦੀ ਨਿਖੇਧੀ ਕੀਤੀ ਹੈ। ਵੋਟਾਂ ਲਈ ਪਹਿਲਾਂ ਰੱਖੀ ਗਈ ਤਰੀਕ ਦੇ ਅੱਗੇ-ਪਿੱਛੇ ਛੁੱਟੀਆਂ ਹੋਣ ਕਾਰਨ ਸਾਫ਼ ਤੌਰ ’ਤੇ ਭਾਜਪਾ ਅਤੇ ਇੰਡੀਅਨ ਨੈਸ਼ਨਲ ਲੋਕ ਦਲ ਨੂੰ ਘੱਟ ਵੋਟਾਂ ਪੈਣ ਦਾ ਡਰ ਸੀ ਤੇ ਉਨ੍ਹਾਂ ਚੋਣਾਂ ਦੀ ਤਰੀਕ ਬਦਲਣ ਦੀ ਮੰਗ ਕੀਤੀ ਸੀ। ਵਿਰੋਧੀ ਧਿਰ ਇੰਡੀਅਨ ਨੈਸ਼ਨਲ ਲੋਕ ਦਲ ਦੀ ਤਾਂ ਹੋਂਦ ਹੀ ਇਨ੍ਹਾਂ ਚੋਣਾਂ ਵਿੱਚ ਦਾਅ ਉੱਤੇ ਲੱਗੀ ਹੋਈ ਹੈ। ਬਿਸ਼ਨੋਈ ਸਮਾਜ ਨੇ ਵੀ ਰਾਜਸਥਾਨ ’ਚ ਆਪਣੇ ਮੋਢੀ, ਗੁਰੂ ਜੰਭੇਸ਼ਵਰ ਦੀ ਯਾਦ ਵਿੱਚ ਹੋਣ ਵਾਲੇ ਸਾਲਾਨਾ ਸਮਾਗਮ ਦਾ ਹਵਾਲਾ ਦਿੱਤਾ ਸੀ ਤੇ ਇਸ ਮੰਗ ਵਿੱਚ ਉਹ ਵੀ ਸ਼ਾਮਿਲ ਸੀ। ਕੋਈ ਹੈਰਾਨੀ ਵਾਲੀ ਗੱਲ ਨਹੀਂ ਕਿ ਇੱਥੇ ਭਾਜਪਾ ਤੇ ਕਾਂਗਰਸ ਇੱਕ-ਦੂਜੇ ਖ਼ਿਲਾਫ਼ ਖੜ੍ਹੇ ਹਨ, ਪਰ ਜਦ ਉਨ੍ਹਾਂ 2022 ਵਿੱਚ ਗੁਰੂ ਰਵਿਦਾਸ ਜੈਅੰਤੀ ਦੇ ਮੱਦੇਨਜ਼ਰ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਮੁਲਤਵੀ ਕਰਨ ਦੀ ਮੰਗ ਕੀਤੀ ਸੀ, ਉਦੋਂ ਅਜਿਹਾ ਨਹੀਂ ਸੀ (ਤੇ ਈਸੀਆਈ ਨੇ ਤਰੀਕ ਵਧਾਈ ਵੀ ਸੀ)। ਪਰ ਇਹ ਚਾਲ ਕਾਮਯਾਬ ਨਹੀਂ ਹੋ ਸਕੀ ਤੇ ਦੋਵੇਂ ਪਾਰਟੀਆਂ ਆਮ ਆਦਮੀ ਪਾਰਟੀ ਦੇ ਤੂਫ਼ਾਨ ਅੱਗੇ ਟਿਕ ਨਹੀਂ ਸਕੀਆਂ।

ਭਾਜਪਾ ਜੋ ਪਿਛਲੇ ਇੱਕ ਦਹਾਕੇ ਤੋਂ ਹਰਿਆਣਾ ਦੀ ਸੱਤਾ ’ਤੇ ਕਾਬਜ਼ ਹੈ, ਸੱਤਾ ਵਿਰੋਧੀ ਲਹਿਰ ਦੇ ਅਸਰਾਂ ਨੂੰ ਖੁੰਢਾ ਕਰਨ ਲਈ ਹੱਥ-ਪੈਰ ਮਾਰ ਰਹੀ ਹੈ। ਚੋਣਾਂ ਮੁਲਤਵੀ ਕਰਨ ਦੀ ਮੰਗ ਨੂੰ ਹੋਰ ਸਮਾਂ ਉਧਾਰ ਲੈਣ ਅਤੇ ਸੰਭਾਵੀ ਤੌਰ ’ਤੇ ਆਪਣੇ ਵਿਰੋਧੀਆਂ, ਖ਼ਾਸ ਤੌਰ ’ਤੇ ਮੁੜ ਉੱਭਰ ਰਹੀ ਕਾਂਗਰਸ ਦੀਆਂ ਗਿਣਤੀਆਂ-ਮਿਣਤੀਆਂ ਨੂੰ ਪਲਟਾਉਣ ਦੀ ਸਾਜ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ। ਕਾਂਗਰਸ ਨੇ ਇਸ ਸਾਲ ਸੂਬੇ ਵਿੱਚ ਲੋਕ ਸਭਾ ਦੀਆਂ ਪੰਜ ਸੀਟਾਂ ਜਿੱਤੀਆਂ ਹਨ, ਜਦੋਂਕਿ ਇਸ ਤੋਂ ਪਹਿਲਾਂ 2019 ਦੀਆਂ ਚੋਣਾਂ ਵਿੱਚ ਭਾਜਪਾ ਨੇ ਸਾਰੀਆਂ 10 ਸੀਟਾਂ ਉੱਤੇ ਹੂੰਝਾ ਫੇਰਿਆ ਸੀ। ਇਸ ਤਰ੍ਹਾਂ ਲੋਕ ਸਭਾ ਚੋਣਾਂ ਵਿੱਚ ਚੰਗੀ ਕਾਰਗੁਜ਼ਾਰੀ ਦਿਖਾ ਕੇ ਕਾਂਗਰਸ ਦਾ ਕੇਡਰ ਉਤਸ਼ਾਹਿਤ ਹੈ ਤੇ ਵਿਧਾਨ ਸਭਾ ਚੋਣਾਂ ਵਿੱਚ ਵੀ ਚੰਗੇ ਪ੍ਰਦਰਸ਼ਨ ਦੀ ਆਸ ਲੈ ਕੇ ਬੈਠਾ ਹੈ। ਭਗਵਾਂ ਪਾਰਟੀ ਨੇ ਇਸ ਸਾਲ ਮਨੋਹਰ ਲਾਲ ਖੱਟਰ ਦੀ ਥਾਂ ਨਾਇਬ ਸਿੰਘ ਸੈਣੀ ਨੂੰ ਮੁੱਖ ਮੰਤਰੀ ਬਣਾ ਕੇ ਆਪਣੀ ਡਿੱਗ ਰਹੀ ਸਾਖ਼ ਨੂੰ ਬਚਾਉਣ ਦਾ ਇੱਕ ਆਖ਼ਰੀ ਹੰਭਲਾ ਮਾਰਿਆ ਹੈ।

ਪ੍ਰਚਾਰ ਦੇ ਆਖ਼ਰੀ ਚਾਰ ਦਿਨ ਅਹਿਮ ਸਾਬਿਤ ਹੋ ਸਕਦੇ ਹਨ, ਖ਼ਾਸ ਤੌਰ ’ਤੇ ਜੇ ਚੋਣ ਮੁਕਾਬਲਾ ਸਖ਼ਤ ਰਹਿੰਦਾ ਹੈ। ਸੰਭਾਵੀ ਵੱਧ ਵੋਟ ਪ੍ਰਤੀਸ਼ਤ, ਚਾਹੇ ਕਿਸੇ ਵੀ ਪਾਰਟੀ ਨੂੰ ਮਿਲੇ, ਬੇਸ਼ੱਕ ਲੋਕਤੰਤਰ ਲਈ ਚੰਗੀ ਹੈ। ਹਾਲਾਂਕਿ, ਈਸੀਆਈ ਨੂੰ ਵੀ ਚਾਹੀਦਾ ਹੈ ਕਿ ਉਹ ਚੋਣਾਂ ਦੀ ਤਰੀਕ ਤੈਅ ਕਰਨ ਤੋਂ ਪਹਿਲਾਂ ਜ਼ਮੀਨੀ ਪੱਧਰ ’ਤੇ ਢੁੱਕਵੀਂ ਪੁਣ-ਛਾਣ ਕਰੇ, ਬਾਅਦ ’ਚ ਤਰੀਕਾਂ ਬਦਲਣ ’ਤੇ ਚੋਣ ਕਮਿਸ਼ਨ ਵੀ ਸਵਾਲਾਂ ਦੇ ਘੇਰੇ ਵਿੱਚ ਆ ਜਾਂਦਾ ਹੈ।

ਐੱਨਡੀਏ ’ਚ ਦਰਾਰ ?

ਜੰਮੂ ਕਸ਼ਮੀਰ ਵਿਧਾਨ ਸਭਾ ਚੋਣਾਂ (2024) ਦੇ ਨੇੜੇ ਆਉਣ ਦੇ ਮੱਦੇਨਜ਼ਰ ਜਨਤਾ ਦਲ (ਯੂਨਾਈਟਿਡ) ਨੇ ਵਾਅਦਾ ਕੀਤਾ ਹੈ ਕਿ ਉਹ ਪੱਥਰਬਾਜ਼ਾਂ ਤੇ ਰਾਜਨੀਤਕ ਕੈਦੀਆਂ ਦੀ ਰਿਹਾਈ ਲਈ ਯਤਨ ਕਰੇਗੀ। ਪਾਰਟੀ ਦੇ ਇਸ ਵਾਅਦੇ ਤੋਂ ਵਿਵਾਦ ਖੜ੍ਹਾ ਹੋ ਗਿਆ ਹੈ। ਜੇਡੀ(ਯੂ) ਦਾ ਇਹ ਕਦਮ ਸ਼ਾਂਤੀ ਤੇ ਸੁਲ੍ਹਾ ਦੀਆਂ ਕੋਸ਼ਿਸ਼ਾਂ ਨੂੰ ਉਤਸ਼ਾਹਿਤ ਕਰਨ ਵੱਲ ਸੇਧਿਤ ਹੈ, ਹਾਲਾਂਕਿ ਇਹ ਇਸ ਦੇ ਸਾਥੀ ਦਲ ਭਾਜਪਾ ਵੱਲੋਂ ਵਾਦੀ ’ਚ ਵੱਖਵਾਦ ਅਤੇ ਅਤਿਵਾਦ ਖ਼ਿਲਾਫ਼ ਅਪਣਾਈਆਂ ਸਖ਼ਤ ਨੀਤੀਆਂ ਦੇ ਬਿਲਕੁਲ ਉਲਟ ਹੈ। ਜੇਡੀ(ਯੂ) ਨੇ 800 ਤੋਂ ਵੱਧ ਪੱਥਰਬਾਜ਼ਾਂ ਦੀ ਸੂਚੀ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਸੌਂਪੀ ਹੈ ਤੇ ਉਨ੍ਹਾਂ ਦੀ ਰਿਹਾਈ ਮੰਗੀ ਹੈ। ਹਾਲਾਂਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਰੁਖ਼ ਵੱਖਵਾਦੀਆਂ ਦੇ ਖ਼ਿਲਾਫ਼ ਰਿਹਾ ਹੈ ਅਤੇ ਉਹ ਪੱਥਰਬਾਜ਼ਾਂ ਨਾਲ ਕੋਈ ਵੀ ਨਰਮੀ ਵਰਤਣ ਦੇ ਵਿਰੁੱਧ ਰਹੇ ਹਨ। ਕਾਬਿਲੇਗ਼ੌਰ ਹੈ ਕਿ ਜੰਮੂ ਕਸ਼ਮੀਰ ਵਿੱਚ ਪੱਥਰਬਾਜ਼ੀ ਦੇ ਦੋਸ਼ ਹੇਠ ਕਈਆਂ ਨੂੰ ਕੈਦ ਹੋਈ ਹੈ ਤੇ ਅਤੀਤ ਵਿੱਚ ਅਜਿਹੀਆਂ ਘਟਨਾਵਾਂ ਆਮ ਵਾਪਰਦੀਆਂ ਰਹੀਆਂ ਹਨ।

ਜਨਤਾ ਦਲ (ਯੂਨਾਈਟਿਡ) ਦੇ ਚੋਣ ਮੈਨੀਫੈਸਟੋ ਦਾ ਇੱਕ ਹੋਰ ਮੁੱਖ ਟੀਚਾ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਕਸ਼ਮੀਰ ਦਾ ਰਾਜ ਦਾ ਦਰਜਾ ਬਹਾਲ ਕਰਾਉਣਾ ਹੈ। ਇਸ ਤੋਂ ਇਲਾਵਾ ਵਿਸ਼ੇਸ਼ ਕਾਨੂੰਨ ਰਾਹੀਂ ਸਥਾਨਕ ਨੌਕਰੀਆਂ ਤੇ ਜ਼ਮੀਨੀ ਹੱਕਾਂ ਦੀ ਰਾਖੀ ਦਾ ਵਾਅਦਾ ਵੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪਾਰਟੀ ਸਰਗਰਮੀ ਨਾਲ ਖੇਤਰ ਵਿੱਚ ਵੱਖਵਾਦੀ ਨੇਤਾਵਾਂ ਤੇ ਇਸਲਾਮਿਕ ਵਿਦਵਾਨਾਂ ਨੂੰ ਮਿਲ ਰਹੀ ਹੈ ਅਤੇ ਖ਼ੁਦ ਨੂੰ ਇਨ੍ਹਾਂ ਗੁੱਟਾਂ ਤੇ ਕੇਂਦਰ ਸਰਕਾਰ ਦਰਮਿਆਨ ਪੁਲ਼ ਦੇ ਤੌਰ ’ਤੇ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਜੇਡੀ(ਯੂ) ਦੇ ਮੈਨੀਫੈਸਟੋ ਵਿਚਲੇ ਅਹਿਦ, ਭਾਜਪਾ ਦੀ ਅਗਵਾਈ ਵਾਲੇ ਕੌਮੀ ਲੋਕਤੰਤਰਿਕ ਗੱਠਜੋੜ (ਐੱਨਡੀਏ) ਵਿੱਚ ਪਈ ਗਹਿਰੀ ਫੁਟ ਨੂੰ ਉਭਾਰਦੇ ਹਨ। ਜੇਡੀ(ਯੂ) ਜਿੱਥੇ ਵਾਦੀ ਵਿੱਚ ਬਹੁਤਿਆਂ ਦੀਆਂ ਸ਼ਿਕਾਇਤਾਂ ਦਾ ਹੱਲ ਕੱਢ ਕੇ ਵੋਟਾਂ ਖਿੱਚਣ ਦੀ ਆਸ ਲਾਈ ਬੈਠੀ ਹੈ, ਉੱਥੇ ਭਾਜਪਾ ਆਪਣੇ ਉਸ ਕੱਟੜ ਰੁਖ਼ ਨੂੰ ਬਰਕਰਾਰ ਰੱਖਣ ਦੀ ਚੁਣੌਤੀ ਨਾਲ ਜੂਝ ਰਹੀ ਹੈ ਜੋ ਇਸ ਦੇ ਮੂਲ ਵੋਟ ਬੈਂਕ ਨੂੰ ਭਾਉਂਦਾ ਹੈ।

ਕੌਮੀ ਪੱਧਰ ’ਤੇ ਦੋ ਭਾਈਵਾਲ ਧਿਰਾਂ ਦੀ ਪਹੁੰਚ ਵਿਚਾਲੇ ਇਹ ਪ੍ਰਤੱਖ ਵਖਰੇਵਾਂ ਦੋਵਾਂ ਪਾਰਟੀਆਂ ਲਈ ਖ਼ਤਰਾ ਬਣ ਸਕਦਾ ਹੈ। ਜਨਤਾ ਦਲ ਵਾਸਤੇ ਇਹ ਜਾਂ ਤਾਂ ਇੱਕ ਅਜਿਹੇ ਖੇਤਰ ਵਿੱਚ ਵੋਟਾਂ ’ਚ ਬਦਲ ਸਕਦਾ ਹੈ ਜੋ ਸੁਲ੍ਹਾ ਲਈ ਸੰਘਰਸ਼ ਕਰ ਰਿਹਾ ਹੈ ਜਾਂ ਫੇਰ ਲੁਭਾਉਣੀ ਸਿਆਸਤ ਦੇ ਤੌਰ ’ਤੇ ਇਹ ਪਾਰਟੀ ਨੂੰ ਪੁੱਠਾ ਵੀ ਪੈ ਸਕਦਾ ਹੈ। ਜਦੋਂਕਿ ਭਾਜਪਾ ਲਈ ਇਹ ਵਾਅਦਾ ਇਸ ਦੇ ਸਮਰਥਕਾਂ ਨੂੰ ਇਸ ਤੋਂ ਦੂਰ ਕਰ ਸਕਦਾ ਹੈ ਜੋ ਸਮਝਦੇ ਹਨ ਕਿ ਕਸ਼ਮੀਰ ਵਿੱਚ ਮਜ਼ਬੂਤ ਸੁਰੱਖਿਆ ਬੰਦੋਬਸਤ ਸਥਿਰਤਾ ਬਹਾਲ ਕਰਨ ਲਈ ਜ਼ਰੂਰੀ ਹਨ।

ਇਸ ਤਰ੍ਹਾਂ ਐੱਨਡੀਏ ਇੱਕ ਗੁੰਝਲਦਾਰ ਪੜਾਅ ’ਚੋਂ ਲੰਘ ਰਹੀ ਹੈ। ਜੰਮੂ ਕਸ਼ਮੀਰ ਦੇ ਚੋਣ ਨਤੀਜੇ ਸ਼ਾਇਦ ਨਾ ਸਿਰਫ਼ ਖੇਤਰ ਦੇ ਸਿਆਸੀ ਭੂ-ਦ੍ਰਿਸ਼ ਨੂੰ ਨਵਾਂ ਰੂਪ ਦੇਣਗੇ ਬਲਕਿ ਦੇਸ਼ ਦੇ ਸਭ ਤੋਂ ਪ੍ਰਮੁੱਖ ਰਾਜਨੀਤਕ ਗੱਠਜੋੜਾਂ ਲਈ ਵੀ ਲਚਕਤਾ ਦੇ ਪੱਖ ਤੋਂ ਇਹ ਇੱਕ ਪਰਖ਼ ਦੀ ਘੜੀ ਹੋਵੇਗੀ।

ਭਾਰਤ ਦੀ ਬੱਝਵੀਂ ਕਾਰਗੁਜ਼ਾਰੀ ਦੇ ਪੰਜਾਹ ਸਾਲ

ਟੀ ਐਨ ਨੈਨਾਨ

ਉਦੋਂ ਸ਼ਾਇਦ ਇਸ ਨੂੰ ਇੰਝ ਨਹੀਂ ਸੀ ਲਿਆ ਗਿਆ ਪਰ 50 ਸਾਲ ਪਹਿਲਾਂ ਭਾਰਤ ਇੱਕ ਫ਼ੈਸਲਾਕੁਨ ਮੋੜ ’ਤੇ ਅੱਪੜ ਗਿਆ ਸੀ। ਉਦੋਂ ਇੱਕ ਪਾਸੇ ਆਰਥਿਕ ਸੰਕਟ ਅਤੇ ਦੂਜੇ ਪਾਸੇ ਸਿਆਸੀ ਘਮਸਾਣ ਚੱਲ ਰਿਹਾ ਸੀ। ਇਸ ਤੋਂ ਇੱਕ ਸਾਲ ਬਾਅਦ ਫ਼ੈਸਲਾਕੁਨ ਕਾਰਵਾਈ ਆਈ ਜਦੋਂ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਐਮਰਜੈਂਸੀ ਲਾਗੂ ਕਰ ਦਿੱਤੀ ਗਈ। ਉਂਝ, ਦੋ ਸਾਲ ਤੋਂ ਘੱਟ ਸਮੇਂ ਵਿੱਚ ਇਹ ਹਟਾ ਲਈ ਗਈ। ਪਰ ਜੋ ਗੱਲ ਜ਼ਿਆਦਾ ਦੇਰ ਬਾਅਦ ਸਾਬਿਤ ਹੋਈ ਉਸ ਵੱਲ ਉਦੋਂ ਕਿਸੇ ਦਾ ਧਿਆਨ ਹੀ ਨਹੀਂ ਗਿਆ ਸੀ-ਉਹ ਸੀ ਆਰਥਿਕ ਨੀਤੀ ਵਿੱਚ ਇੱਕ ਨਵੀਂ ਦਿਸ਼ਾ ਜੋ ਸ੍ਰੀਮਤੀ ਗਾਂਧੀ ਦੇ ਕੁਝ ਵਧੇਰੇ ਖੱਬੇ-ਪੱਖੀ ਪੜਾਅ ਨਾਲੋਂ ਹਟਵੀਂ ਸੀ। ਇਸ ਤੋਂ ਬਾਅਦ ਆਰਥਿਕ ਤੌਰ ’ਤੇ ਭਾਰਤ ਦੀ ਲੰਮੇ ਚਿਰ ਤੋਂ ਚੱਲੀ ਆ ਰਹੀ ਨੀਵੀਂ ਕਾਰਕਰਦਗੀ ਦਾ ਅੰਤ ਹੋਇਆ ਅਤੇ ਸਮਾਂ ਪਾ ਕੇ ਭਾਰਤ ਦੀ ਇੱਕ ਨਵੀਂ ਕਹਾਣੀ ਦਾ ਜਨਮ ਹੋਇਆ। 1970ਵਿਆਂ ਦੇ ਅੱਧ ਤੱਕ ਭਾਰਤ ਆਲਮੀ ਅਰਥਚਾਰੇ ਨਾਲੋਂ ਮੱਠੀ ਰਫ਼ਤਾਰ ਨਾਲ ਵਿਕਾਸ ਕਰ ਰਿਹਾ ਸੀ। 1970ਵਿਆਂ ਦੇ ਦੂਜੇ ਅੱਧ ਵਿੱਚ ਇਹ ਬਦਲਾਅ 15 ਸਾਲ ਦੇ ਅਰਸੇ ਤੋਂ ਬਾਅਦ ਆਇਆ ਸੀ ਜਿਸ ਦੌਰਾਨ ਜੰਗਾਂ, ਫ਼ਸਲੀ ਖਰਾਬੇ ਅਤੇ ਇੱਥੋਂ ਤੱਕ ਕਿ ਕਾਲ, ਰੁਪਏ ਦੀ ਕੀਮਤ ਵਿੱਚ ਤਰਾਸਦਿਕ ਗਿਰਾਵਟ ਅਤੇ ਤੇਲ ਦੀਆਂ ਕੀਮਤਾਂ ਦੇ ਦੋ ਵੱਡੇ ਝਟਕੇ ਦੇਖਣ ਨੂੰ ਮਿਲੇ ਸਨ। ਇਨ੍ਹਾਂ ’ਚੋਂ ਕਈ ਘਟਨਾਵਾਂ ਨੇ ਪ੍ਰਧਾਨ ਮੰਤਰੀ ਜਵਾਹਰਲਾਲ ਨਹਿਰੂ ਦੀ ਅਗਵਾਈ ਹੇਠਲੇ ਸ਼ੁਰੂਆਤੀ ਆਸ਼ਾਵਾਦ ਤੋਂ ਬਾਅਦ ਕੌਮੀ ਆਤਮ ਬਲ ਨੂੰ ਤੋੜਨ ਦਾ ਕੰਮ ਕੀਤਾ ਸੀ।

ਉਂਝ, ਜਦੋਂ ਇਕੇਰਾਂ ਅਰਥਚਾਰਾ ਸਥਿਰ ਹੋ ਗਿਆ ਤਾਂ ਅੱਧੀ ਸਦੀ ਤੱਕ ਇਸ ਵਿੱਚ ਸਾਵੀਂ ਅਤਿ ਕਾਰਗੁਜ਼ਾਰੀ ਦਾ ਦੌਰ ਚਲਦਾ ਆ ਰਿਹਾ ਹੈ। ਵਿਕਾਸ ਦਰ ਘੱਟ ਆਮਦਨ ਅਤੇ ਦਰਮਿਆਨੀ ਆਮਦਨ ਵਾਲੇ ਮੁਲਕਾਂ ਤੇ ਨਾਲ ਹੀ ਆਲਮੀ ਅਰਥਚਾਰੇ ਦੀ ਦਰ ਨਾਲੋਂ ਉੱਪਰ ਰਹੀ। ਨਤੀਜਤਨ ਅੱਜ ਦੇਸ਼ ਨੂੰ ਇੱਕ ਅਜਿਹਾ ਕੌਮਾਂਤਰੀ ਰੁਤਬਾ ਹਾਸਿਲ ਹੋ ਗਿਆ ਜੋ ਪਹਿਲਾਂ ਕਦੇ ਵੀ ਹਾਸਿਲ ਨਹੀਂ ਹੋ ਸਕਿਆ ਸੀ। ਫਿਰ ਵੀ ਸਮਾਜਿਕ-ਆਰਥਿਕ ਪੈਮਾਨਿਆਂ ਅਤੇ ਵਧਦੀ ਨਾਬਰਾਬਰੀ ਕਰ ਕੇ ਇਹ ਕੋਈ ਚਮਕਦਾਰ ਰਿਕਾਰਡ ਨਹੀਂ ਹੋ ਸਕਿਆ।

ਇਸ ਬਦਲਾਅ ਤੋਂ ਪਹਿਲਾਂ ਆਲਮੀ ਅਰਥਚਾਰੇ ਵਿੱਚ ਭਾਰਤ ਦੀ ਹਿੱਸੇਦਾਰੀ 1960 ਵਿੱਚ 2.7 ਫ਼ੀਸਦੀ ਤੋਂ 1975 ਵਿੱਚ 1.9 ਫ਼ੀਸਦੀ ਤੱਕ ਸੀ ਜੋ ਪਹਿਲਾਂ ਡਿੱਗੀ, ਫਿਰ ਸਥਿਰ ਹੋਈ ਅਤੇ ਅੰਤ ਨੂੰ ਸੁਧਰ ਗਈ। ਹਾਲਾਂਕਿ 2013 ਵਿੱਚ ਆਲਮੀ ਕੁੱਲ ਘਰੇਲੂ ਪੈਦਾਵਾਰ ਵਿੱਚ ਭਾਰਤ ਦੀ ਹਿੱਸੇਦਾਰੀ 1960 ਨਾਲੋਂ ਥੋੜ੍ਹੀ ਘੱਟ ਹੀ ਸੀ। ਹੁਣ 2024 ਵਿੱਚ ਇਹ 3.5 ਫ਼ੀਸਦੀ ਹੋ ਗਈ ਹੈ ਅਤੇ ਜਦੋਂ ਤੋਂ ਭਾਰਤੀ ਅਰਥਚਾਰੇ ਦੀ ਵਿਕਾਸ ਦਰ ਆਲਮੀ ਔਸਤ ਨਾਲੋਂ ਦੁੱਗਣੀ ਹੋਈ ਹੈ, ਭਾਰਤ ਆਲਮੀ ਵਿਕਾਸ ਦਰ ਵਿੱਚ ਸਭ ਤੋਂ ਵੱਧ ਯੋਗਦਾਨ ਦੇਣ ਵਾਲਾ ਤੀਜਾ ਸਭ ਤੋਂ ਵੱਡਾ ਮੁਲਕ ਬਣ ਗਿਆ ਹੈ। ਇਸੇ ਤਰ੍ਹਾਂ ਪ੍ਰਤੀ ਜੀਅ ਆਮਦਨ ਵਿੱਚ ਵੀ ਸੁਧਾਰ ਹੋਇਆ ਹੈ। 1960 ਵਿੱਚ ਇਸ ਦੀ ਪ੍ਰਤੀ ਜੀਅ ਆਮਦਨ ਆਲਮੀ ਔਸਤ ਦਾ 8.4 ਫ਼ੀਸਦੀ ਸੀ ਜੋ 1974 ਵਿੱਚ ਡਿੱਗ ਕੇ 6.4 ਫ਼ੀਸਦੀ ਰਹਿ ਗਈ ਸੀ। 2011 ਵਿੱਚ ਪ੍ਰਤੀ ਜੀਅ ਆਮਦਨ ਸੁਧਰ ਕੇ 13.5 ਫ਼ੀਸਦੀ ਹੋ ਗਈ ਸੀ ਅਤੇ 2023 ਵਿੱਚ ਇਹ 18.1 ਫ਼ੀਸਦੀ ਹੋ ਗਈ ਸੀ। ਪਿਛਲੇ ਪੰਜ ਦਹਾਕਿਆਂ ਵਿੱਚ ਇਸ ਕਰੀਬ ਤਿੰਨ ਗੁਣਾ ਵਾਧਾ ਹੋਇਆ ਹੈ। ਫਿਰ ਵੀ ਬਹੁਤ ਸਾਰੇ ਮੁਲਕਾਂ ਵਿੱਚ ਲੋਕ ਸਾਡੇ ਨਾਲੋਂ ਬਿਹਤਰ ਜ਼ਿੰਦਗੀ ਬਸਰ ਕਰ ਰਹੇ ਹਨ। ਦਰਅਸਲ, ਅਫ਼ਰੀਕਾ ਅਤੇ ਸਾਡੇ ਦੱਖਣੀ ਏਸ਼ਿਆਈ ਆਂਢ-ਗੁਆਂਢ ਤੋਂ ਬਾਹਰ ਸ਼ਾਇਦ ਹੀ ਕੋਈ ਅਜਿਹਾ ਦੇਸ਼ ਹੋਵੇ ਜਿਸ ਦੀ ਪ੍ਰਤੀ ਜੀਅ ਆਮਦਨ ਭਾਰਤ ਨਾਲੋਂ ਘੱਟ ਹੈ। ਇਸ ਮਾਮਲੇ ਵਿੱਚ ਅਜੇ ਬਹੁਤ ਲੰਮਾ ਪੈਂਡਾ ਤੈਅ ਕਰਨਾ ਹੈ। ਭਾਰਤ ਦੀ ਆਬਾਦੀ ਦੇ ਆਕਾਰ ਨੇ ਇਸ ਦੀ ਕਹਾਣੀ ਵਿੱਚ ਬਦਲਾਅ ਲਿਆਂਦਾ ਹੈ। ਪ੍ਰਤੀ ਜੀਅ ਆਮਦਨ ਬਹੁਤੀ ਨਹੀਂ ਹੈ ਪਰ ਜਦੋਂ ਇਸ ਨੂੰ 140 ਕਰੋੜ ਨਾਲ ਜ਼ਰਬ ਕੀਤਾ ਜਾਂਦਾ ਹੈ ਤਾਂ ਇਸ ਨਾਲ ਭਾਰਤੀ ਅਰਥਚਾਰਾ ਦੁਨੀਆ ਦਾ ਪੰਜਵਾਂ ਸਭ ਤੋਂ ਵੱਡਾ ਅਰਥਚਾਰਾ ਬਣ ਜਾਂਦਾ ਹੈ। ਭਾਰਤ ਪਹਿਲਾਂ ਹੀ ਮੋਬਾਈਲ ਫੋਨਾਂ ਅਤੇ ਮੋਟਰ ਸਾਈਕਲਾਂ/ਸਕੂਟਰਾਂ ਦੀ ਦੂਜੀ ਸਭ ਤੋਂ ਵੱਡੀ ਮੰਡੀ ਅਤੇ ਜਹਾਜ਼ਰਾਨੀ ਅਤੇ ਕਾਰਾਂ ਦੀ ਤੀਜੀ ਜਾਂ ਚੌਥੀ ਸਭ ਤੋਂ ਮੰਡੀ ਬਣ ਗਿਆ ਹੈ। ਇਨ੍ਹਾਂ ਉਤਪਾਦਾਂ ਅਤੇ ਸੇਵਾਵਾਂ ਦੀਆਂ ਮੰਡੀਆਂ ਵਿੱਚ ਵਿਕਾਸ ਨਾਲ ਮੱਧ ਵਰਗ ਦਾ ਫੈਲਾਅ ਹੁੰਦਾ ਰਿਹਾ ਹੈ। ਇਨ੍ਹਾਂ ਲਈ ਪੂਰਤੀ ਕਰਨ ਵਾਲੇ ਕਾਰੋਬਾਰਾਂ ਨੇ ਨਿਵੇਸ਼ਕਾਂ ਲਈ ਚੋਖੀ ਦੌਲਤ ਪੈਦਾ ਕੀਤੀ ਹੈ ਜਿਸ ਨਾਲ ਡਾਲਰ ਅਰਬਪਤੀਆਂ ਦੀ ਸੰਖਿਆ ਵਿੱਚ ਵਾਧਾ ਹੋ ਰਿਹਾ ਹੈ (ਇਸ ਵੇਲੇ 200 ਹੈ ਜੋ ਕਿ ਦੁਨੀਆ ਦੀ ਤੀਜਾ ਸਭ ਤੋਂ ਵੱਡਾ ਅੰਕੜਾ ਹੈ) ਜਦਕਿ ਮੰਡੀ ਪੂੰਜੀਕਰਨ ਦੇ ਲਿਹਾਜ਼ ਤੋਂ ਭਾਰਤੀ ਸਟਾਕ ਮਾਰਕਿਟ ਚੌਥੇ ਮੁਕਾਮ ’ਤੇ ਹੈ।

1970ਵਿਆਂ ਦੇ ਅੱਧ ਤੱਕ ਕਰੀਬ ਅੱਧੀ ਆਬਾਦੀ ਭੁੱਖ-ਨੰਗ ਵਾਲੀ ਗ਼ਰੀਬੀ ਰੇਖਾ ਤੋਂ ਹੇਠਾਂ ਰਹਿ ਰਹੀ ਸੀ। ਅੱਜ 10 ਫ਼ੀਸਦੀ ਤੋਂ ਵੀ ਘੱਟ ਆਬਾਦੀ ਸਰਕਾਰੀ ਤੌਰ ’ਤੇ ਗ਼ਰੀਬ ਗਿਣੀ ਜਾਂਦੀ ਹੈ। ਕੌਮਾਂਤਰੀ ਪੱਧਰ ’ਤੇ ਹੁਣ ਭਾਰਤ ਦਾ ਜ਼ਿਕਰ ਇੱਕ ਗ਼ਰੀਬ ਦੇਸ਼ ਨਾਲੋਂ ਇੱਕ ਉਭਰਦੀ ਹੋਈ ਸ਼ਕਤੀ ਦੇ ਤੌਰ ’ਤੇ ਜ਼ਿਆਦਾ ਕੀਤਾ ਜਾਂਦਾ ਹੈ। ਫਿਰ ਵੀ ਅਜੇ ਭਾਰਤ ਇਸ ਦੇ ਮਾਨਵੀ ਵਿਕਾਸ ਪੱਖੋਂ ਦਰਮਿਆਨੇ ਵਿਕਾਸ ਦੀ ਸ਼੍ਰੇਣੀ ਵਿੱਚ ਹੀ ਆ ਸਕਿਆ ਹੈ ਜਦੋਂਕਿ ਵੀਅਤਨਾਮ ਜਿਹੇ ਮੁਲਕਾਂ ਨੇ ਉੱਚ ਵਿਕਾਸ ਦਾ ਦਰਜਾ ਪਾ ਲਿਆ ਹੈ। ਅਗਲੇ ਇੱਕ ਦਹਾਕੇ ਜਾਂ ਇਸ ਤੋਂ ਵੀ ਵੱਧ ਅਰਸੇ ਤੱਕ ਭਾਰਤ ਦੇ ਉੱਚ ਵਿਕਾਸ ਦੇ ਦਰਜੇ ਤੱਕ ਪਹੁੰਚਣ ਦੇ ਆਸਾਰ ਘੱਟ ਹਨ ਹਾਲਾਂਕਿ ਇਸ ਤੋਂ ਵੀ ਪਾਰ ਵਿਕਸਤ ਦੇਸ਼ਾਂ ਦੀ ਇੱਕ ਬਹੁਤ ਹੀ ਉੱਚ ਵਿਕਾਸ ਦੀ ਸ਼੍ਰੇਣੀ ਹੈ, ਭਾਰਤ ਜਿਸ ਤੱਕ ਅੱਪੜਨ ਦੇ

ਡੀਸੀ ਮੁਹਾਲੀ ਨੇ ਨਗਰ ਕੌਂਸਲ ਨੂੰ ਸੁਖਨਾ ਚੋਅ 'ਤੇ ਟੁੱਟੇ ਪੁਲ ਦੀ ਮੁਰੰਮਤ ਕਰਵਾ ਡ੍ਰੇਨਜ ਵਿਭਾਗ ਨੂੰ ਪੁਲ ਦਾ ਨਵਾਂ ਡਿਜਾਇਨ ਤਿਆਰ ਕਰਨ ਦੇ ਦਿੱਤੇ ਹੁਕਮ

ਜ਼ੀਰਕਪੁਰ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਅਗਸਤ ਮਹੀਨੇ ਵਿੱਚ ਹੋਈ ਭਾਰੀ ਬਾਰਿਸ਼ ਕਾਰਨ ਬਣੀ ਹੜ੍ਹਾਂ ਵਰਗੀ ਸਥਿਤੀ ਕਾਰਨ ਸੁਖਨਾ ਚੋਅ 'ਤੇ ਬਣੇ ਪੁਲ ਦੇ ਨੁਕਸਾਨੇ ਜਾਣ ਤੋਂ ਬਾਅਦ ਬਲਟਾਣਾ ਖੇਤਰ ਦੇ ਯਾਤਰੀਆਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨੁਕਸਾਨੇ ਗਏ ਪੁਲ ਕਾਰਨ ਇਲਾਕੇ ਦੇ ਵਸਨੀਕਾਂ ਲਈ ਅਸੁਵਿਧਾ ਅਤੇ ਸਮੱਸਿਆ ਹੋਈ ਹੈ, ਜੋ ਰੋਜ਼ਾਨਾ ਸਫ਼ਰ ਲਈ ਇਸ 'ਤੇ ਨਿਰਭਰ ਕਰਦੇ ਹਨ। ਡੀਸੀ ਮੁਹਾਲੀ ਆਸ਼ਿਕਾ ਜੈਨ ਨੇ ਸਥਿਤੀ ਦਾ ਗੰਭੀਰ ਨੋਟਿਸ ਲੈਂਦਿਆਂ ਨਗਰ ਕੌਂਸਲ ਜ਼ੀਰਕਪੁਰ ਨੂੰ ਸੁਖਨਾ ਚੋਅ 'ਤੇ ਬਣੇ ਪੁਲ ਦੀ ਤੁਰੰਤ ਮੁਰੰਮਤ ਕਰਵਾ ਕੇ ਕਾਰਵਾਈ ਸੁਖਾਲੀ ਦੇ ਨਿਰਦੇਸ਼ ਦਿੱਤੇ ਹਨ। ਡੀਸੀ ਨੇ ਡਰੇਨੇਜ ਵਿਭਾਗ ਨੂੰ ਵੀ ਕਿਸੇ ਵੀ ਰੁਕਾਵਟ ਨੂੰ ਦੂਰ ਕਰਨ ਅਤੇ ਖੇਤਰ ਵਿੱਚ ਡਰੇਨੇਜ ਸਿਸਟਮ ਦੇ ਸਹੀ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਇਸ ਪੁਲ ਨੂੰ ਉੱਚਾ ਚੱਕ ਮੁੜ ਤੋਂ ਡਿਜ਼ਾਈਨ ਤਿਆਰ ਕਰਨ ਵੀ ਨਿਰਦੇਸ਼ ਦਿੱਤੇ ਹਨ ਤਾਂ ਜੋ ਸੁਖਨਾ ਚੋਅ ਵਿਚ ਵੱਧ ਪਾਣੀ ਆਉਣ ਕਾਰਨ ਹਰ ਸਾਲ ਹੋਣ ਵਾਲੇ ਨੁਕਸਾਨ ਤੋਂ ਬਚਾਇਆ ਜਾ ਸਕੇ।

ਟੁੱਟੇ ਪੁਲ ਕਾਰਨ ਬਲਟਾਣਾ ਖੇਤਰ ਦੇ ਵਸਨੀਕਾਂ ਦੇ ਰੋਜ਼ਾਨਾ ਜੀਵਨ ਵਿੱਚ ਭਾਰੀ ਵਿਘਨ ਪਾਇਆ ਹੈ। ਯਾਤਰੀਆਂ ਨੂੰ ਆਪਣੇ ਕੰਮ ਵਾਲੇ ਸਥਾਨਾਂ, ਸਕੂਲਾਂ ਅਤੇ ਹੋਰ ਮਹੱਤਵਪੂਰਨ ਸਥਾਨਾਂ 'ਤੇ ਪਹੁੰਚਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਕਾਰਨ ਯਾਤਰੀਆਂ ਲਈ ਆਵਾਜਾਈ ਦੀ ਭੀੜ ਅਤੇ ਸੁਰੱਖਿਆ ਚਿੰਤਾਵਾਂ ਦਾ ਵੀ ਕਾਰਨ ਹੈ।

ਜੀ ਬੀ ਪੀ ਰੋਜ਼ਵੁਡ 2 ਵਿੱਚ ਆਰ ਡਬਲਯੂ ਏ ਵਲੋ ਬਿਜਲੀ ਕੁਨੈਕਸ਼ਨ ਕੱਟਣ ਨੂੰ ਲੈਕੇ ਹੋਇਆ ਹੰਗਾਮਾ

ਡੇਰਾ ਬਸੀ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਜੀ ਬੀ ਪੀ ਰੋਜ਼ਵੁਡ 2 ਹਾਊਸਿੰਗ ਸੋਸਾਇਟੀ ਵਿੱਚ ਅੱਜ ਉਸ ਸਮੇਂ ਹੰਗਾਮਾ ਹੋ ਗਿਆ ਜਦੋਂ ਸੋਸਾਇਟੀ ਦੀ ਆਰ ਡਬਲਯੂ ਏ ਵਲੋ ਮੈਂਟੀਨੇਸ ਨਾ ਦੇਣ ਵਾਲੇ ਲੋਕਾਂ ਦੇ ਬਿਜਲੀ ਕੁਨੈਕਸ਼ਨ ਕੱਟਣੇ ਸ਼ੁਰੂ ਕਰ ਦਿੱਤੇ। ਇਸ ਦੌਰਾਨ ਸੋਸਾਇਟੀ ਵਾਸੀਆ ਅਤੇ ਆਰ ਡਬਲਯੂ ਏ ਵਿਚਾਲੇ ਝੜਪ ਵੀ ਹੋ ਗਈ। ਸੋਸਾਇਟੀ ਵਾਸੀਆਂ ਨੇ ਆਰ ਡਬਲਯੂ ਏ ਦੇ ਅਹੁਦੇਦਾਰਾਂ ਤੇ ਕੁੱਟਮਾਰ ਕਰਨ ਅਤੇ ਔਰਤਾਂ ਨਾਲ ਬਦਸਲੂਕੀ ਕਰਨ ਦੇ ਦੋਸ਼ ਲਾਏ ਹਨ।

ਦੂਜੇ ਪਾਸੇ ਆਰ ਡਬਲਯੂ ਏ ਦੇ ਪ੍ਰਧਾਨ ਅਜੈ ਸਿੰਘ ਮੁਤਾਬਕ ਕੁਝ ਲੋਕ ਕਈ ਮਹੀਨਿਆ ਤੋ ਮੈਂਟੀਨੇਸ ਦੇ ਪੈਸੇ ਨਹੀਂ ਦੇ ਰਹੇ ਜਿੰਨ੍ਹਾ ਦੇ ਬਿਜਲੀ ਦੀ ਕੁਨੈਕਸ਼ਨ ਕਟੇ ਹਨ। ਉਨ੍ਹਾ ਨੇ ਮਾਰਕੁੱਟ ਅਤੇ ਬਦਸਲੂਕੀ ਕਰਨ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ। ਉਨ੍ਹਾ ਕਿਹਾ ਹੈ ਕਿ ਲੱਖਾ ਰੁਪਏ ਖਰਚ ਹੁੰਦਾ ਹੈਂ, ਮੈਂਟੀਨੇਸ ਸਿਰਫ ਕੁਝ ਲੋਕ ਹੀ ਨਹੀਂ ਦਿੰਦੇ ਜੱਦਕਿ ਸੈਕੜੇ ਲੋਕ ਸਹਿਮਤ ਹਨ।

ਡੇਰਾਬੱਸੀ ਦੇ ਸਰਕਾਰੀ ਹਸਪਤਾਲ ਵਿਚ ਦਾਖਲ ਅਮਿਤ ਅਹੂਜਾ ਸਮੇਤ ਹੋਰਨਾਂ ਨੇ ਦੋਸ਼ ਲਾਉਂਦੇ ਕਿਹਾ ਹੈ ਕਿ ਆਰ ਡਬਲਯੂ ਏ ਦੇ ਅਹੁਦੇਦਾਰ ਪੂਰੀ ਸੁਵਿਧਾਵਾ ਨਹੀਂ ਦਿੰਦੇ ਜਿਸਦੇ ਚਲਦੇ ਉਹ ਮੈਂਟੀਨੇਸ ਨਹੀਂ ਦੇ ਰਹੇ।

ਉਨ੍ਹਾ ਦੋਸ਼ ਲਾਉਂਦੇ ਕਿਹਾ ਹੈ ਕਿ ਕੁਝ ਲੋਕ ਸਰੇਆਮ ਗੁੰਡਾਗਰਦੀ ਕਰਦੇ ਹਨ ਅਤੇ ਅੱਜ ਵੀ ਸਰਕਾਰੀ ਬਿਜਲੀ ਕੁਨੈਕਸ਼ਨ ਕੱਟਣ ਦਾ ਜਦੋਂ ਸੋਸਾਇਟੀ ਵਾਸੀਆਂ ਨੇ ਵਿਰੋਧ ਕੀਤਾ ਤਾਂ ਆਰ ਡਬਲਯੂ ਏ ਦੇ ਅਹੁਦੇਦਾਰ ਹੱਥੋਪਾਈ ਕਰਨ ਲੱਗ ਪਏ। ਉਨ੍ਹਾ ਦੋਸ਼ ਲਾਉਂਦੇ ਕਿਹਾ ਕਿ ਆਰ ਡਬਲਯੂ ਏ ਕੋਲ ਸਰਕਾਰੀ ਬਿਜਲੀ ਕੁਨੈਕਸ਼ਨ ਕੱਟਣ ਦਾ ਕੋਈ ਅਧਿਕਾਰ ਨਹੀਂ ਹੈ। ਗਰਮੀ ਵਿਚ ਛੋਟੇ ਛੋਟੇ ਬੱਚਿਆਂ, ਬਜੁਰਗਾਂ ਨਾਲ ਕਿਵੇ ਰਹਿਣਗੇ। ਲੋਕਾਂ ਨੇ ਕਿਹਾ ਹੈ ਕਿ ਅੱਜ ਅਹੁਦੇਦਾਰਾਂ ਨੇ ਕੁਝ ਲੋਕਾਂ ਨਾਲ ਹੱਥੋਪਾਈ ਵੀ ਕੀਤੀ ਹੈ ਅਤੇ ਬਜੁਰਗਾਂ ਨਾਲ ਬਦਸਲੂਕੀ ਵੀ ਕੀਤੀ ਹੈ। ਲੋਕਾਂ ਨੇ ਪ੍ਰਸ਼ਾਸ਼ਨਿਕ ਅਧਿਕਾਰੀਆ ਤੋ ਆਰ ਡਬਲਯੂ ਏ ਵਲੋ ਕੀਤੀ ਜਾਂਦੀ ਗੁੰਡਾ ਗਰਦੀ ਤੇ ਨਕੇਲ ਪਾਉਣ ਦੀ ਮੰਗ ਕੀਤੀ ਹੈ।

ਪਾਵਰਕਾਮ ਦੇ ਐਸ ਡੀ ਓ ਜਸਪਾਲ ਸਿੰਘ ਨੇ ਕਿਹਾ ਹੈ ਕਿ ਸਰਕਾਰੀ ਬਿਜਲੀ ਦੀ ਕੁਨੈਕਸ਼ਨ ਪ੍ਰਾਈਵੇਟ ਵਿਅਕਤੀ ਨਹੀਂ ਕੱਟ ਸਕਦਾ। ਉਨ੍ਹਾ ਕਿਹਾ ਹੈ ਜੇਕਰ ਆਰ ਡਬਲਯੂ ਏ ਵਲੋ ਇਸ ਬਿਜਲੀ ਵਿਭਾਗ ਦੇ ਕੁਨੈਕਸ਼ਨ ਕਟਵਾਏ ਗਏ ਹਨ ਤਾਂ ਗੈਰ ਕਾਨੂੰਨੀ ਹੈ, ਜੇਕਰ ਸੋਸਾਇਟੀ ਵਸਨੀਕ ਇਸਦੀ ਸ਼ਿਕਾਇਤ ਕਰਦੇ ਹਨ ਤਾਂ ਬਿਜਲੀ ਕੁਨੈਕਸ਼ਨ ਕੱਟਣ ਅਤੇ ਕਟਵਾਉਣ ਵਾਲਿਆ ਖ਼ਿਲਾਫ਼ ਕਾਨੂੰਨੀ ਕਾਰਵਾਈ ਹੋਵੇਗੀ।

ਡੇਰਾਬੱਸੀ ਥਾਣਾ ਮੁਖੀ ਮਨਦੀਪ ਸਿੰਘ ਨੇ ਦੱਸਿਆ ਕਿ ਮੌਕੇ ਦੀ ਵੀਡਿਓ ਸਾਹਮਣੇ ਆਈ ਹੈ। ਕੋਈ ਵੀ ਵਿਅੱਕਤੀ ਕਾਨੂੰਨ ਹੱਥ ਵਿਚ ਨਹੀਂ ਲੈ ਸਕਦਾ। ਜ਼ਖ਼ਮੀ ਦੇ ਬਿਆਨ ਲੈਣ ਉਪਰੰਤ ਜਾਂਚ ਕਰ ਦੋਸ਼ੀ ਖ਼ਿਲਾਫ਼ ਕਰਵਾਈ ਕੀਤੀ ਜਾਵੇਗੀ। ਬਿਜਲੀ ਕੁਨੈਕਸ਼ਨ ਕਟਣ ਬਾਰੇ ਜੇਕਰ ਬਿਜਲੀ ਵਿਭਾਗ ਕੋਈ ਸ਼ਿਕਾਇਤ ਦਿੰਦਾ ਹੈ ਤਾਂ ਉਸਦੇ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

ਸੋਸਾਇਟੀ ਵਾਸੀਆਂ ਨੇ ਰੋਸ਼ ਪ੍ਰਗਟ ਕਰਦੇ ਕਿਹਾ ਕਿ ਦਰਜਨ ਤੋਂ ਵੱਧ ਲੋਕਾਂ ਦੇ ਬਿਜਲੀ ਕੁਨੈਕਸ਼ਨ ਕੱਟ ਬਕਸੇ ਨੂੰ ਆਰ ਡਬਲਯੂ ਏ ਵਲੋ ਤਾਲੇ ਲਗਵਾ ਦਿੱਤੇ ਗਏ। ਵਿਰੋਧ ਕਰਨ ਵਾਲਿਆ ਨਾਲ ਕੁੱਟਮਾਰ ਕੀਤੀ ਗਈ, ਮੌਕੇ ਤੇ ਵੀਡਿਓ ਬਣੀ ਹੋਈ ਹੈ। ਸੋਸਾਇਟੀ ਵਾਸੀਆਂ ਨੇ ਦੋਸ਼ ਲਾਉਂਦੇ ਕਿਹਾ ਕਿ ਆਰ ਡਬਲਯੂ ਏ ਪ੍ਰਧਾਨ ਕਾਂਗਰਸੀ ਆਗੂ ਦਾ ਨਜਦੀਕੀ ਹੋਣ ਦੀ ਧਮਕੀ ਦਿੰਦਾ ਹੈ।

ਕੌਮੀ ਖੇਡ ਦਿਵਸ ਅੱਜ ਸੁਰਜੀਤ ਸਿੰਘ ਡੀਪੀ ਹਾਕੀ ਕਲੱਬ ਗੋਨਿਆਣਾ ਵਲੋ ਮਨਾਇਆ ਗਿਆ

ਗੋਨਿਆਣਾ 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੁਰਜੀਤ ਸਿੰਘ ਡੀਪੀ ਹਾਕੀ ਕਲੱਬ ਗੋਨਿਆਣਾ ਵੱਲੋਂ ਹਾਕੀ ਮੈਦਾਨ ਵਿੱਚ ਅੱਜ ਕੌਮੀ ਖੇਡ ਦਿਵਸ ਕਲੱਬ ਪ੍ਰਧਾਨ ਗੋਨੀ ਸਰਾਂ ਅਤੇ ਗੁਰਚਰਨ ਸਿੰਘ ਹਾਕੀ ਕੋਚ ਦੀ ਅਗਵਾਈ ਹੇਠ ਸਮੂਹ ਹਾਕੀ ਖਿਡਾਰੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ । ਐਮ ਐਲ ਏ ਭੁੱਚੋ ਜਗਸੀਰ ਸਿੰਘ ਨੇ ਮੁੱਖ ਮਹਿਮਾਨ ਅਤੇ ਪਰਮਿੰਦਰ ਸਿੰਘ ਜਿਲਾ ਖੇਡ ਅਫਸਰ ਬਠਿੰਡਾ ਅਤੇ ਕਸ਼ਮੀਰੀ ਲਾਲ ਪ੍ਰਧਾਨ ਨਗਰ ਕੌਂਸਲ ਗੋਨਿਆਨਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ । ਵਿਧਾਇਕ ਜਗਸੀਰ ਸਿੰਘ ਨੇ ਮੇਜਰ ਧਿਆਨ ਚੰਦ ਦੀਆਂ ਪ੍ਰਾਪਤੀਆਂ ਤੇ ਜੀਵਨ ਬਾਰੇ ਵੀ ਚਾਨਣਾ ਪਾਇਆ ਕਿਵੇਂ ਉਹਨਾਂ ਨੇ ਸੰਘਰਸ਼ ਕਰਕੇ ਆਪਣਾ ਨਾਮ ਬਣਾਇਆ ਸੀ । ਉਨਾ ਕਿਹਾ ਸਾਨੂੰ ਆਪਣੇ ਕਿਸੇ ਵੀ ਖੇਤਰ ਵਿੱਚ ਲਗਨ ਅਤੇ ਮਿਹਨਤ ਨਾਲ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਕਿ ਅਸੀਂ ਆਪਣੀਆਂ ਬੁਲੰਦੀਆਂ ਨੂੰ ਪੂਰਾ ਕਰ ਸਕੀਏ ।

ਉਨਾਂ ਪੰਜਾਬ ਸਰਕਾਰ ਵੱਲੋਂ ਮੁਹਈਆ ਕਰਾਈਆਂ ਗਈਆਂ ਹਾਕੀਆਂ, ਵਾਲੀਬਾਲ, ਨੈੱਟ ਅਤੇ ਹੋਰ ਖੇਡਾਂ ਦਾ ਸਮਾਨ ਬੱਚਿਆਂ ਨੂੰ ਵੰਡਿਆ ਗਿਆ । ਵਿਧਾਇਕ ਅਤੇ ਖੇਡ ਅਫਸਰ ਨੇ ਖੇਡ ਨਰਸਰੀ ਅਕੈਡਮੀ ਖੋਲਣ ਦੀ ਮਨਜੂਰੀ ਦਿੱਤੀ ਅਤੇ ਕਿਹਾ ਜਲਦ ਹੀ ਇਸ ਮੈਦਾਨ ਵਿੱਚ ਹਾਕੀ ਦਾ ਇੱਕ ਕੋਚ ਵੀ ਦਿੱਤਾ ਜਾਵੇਗਾ । ਗੁਰਪ੍ਰੀਤ ਸਿੰਘ ਡੀਪੀ ਸਰਕਾਰੀ ਸਕੂਲ ਨੇ ਸਟੇਜ ਸੈਕਟਰੀ ਦੀ ਭੂਮਿਕਾ ਨਿਭਾਈ । ਗੁਰਚਰਨ ਸਿੰਘ ਬਰਾੜ ਹਾਕੀ ਕੋਚ ਨੂੰ ਤਜਰਬਾ ਸਰਟੀਫਿਕੇਟ ਵੀ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਰਜਨੀਸ਼ ਰਾਜੂ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਡੀਪੀ ਸਰਕਾਰੀ ਸਕੂਲ, ਮਨੋਹਰ ਸਿੰਘ ਮੋਰੀ, ਕ੍ਰਿਸ਼ਨ ਕੁਮਾਰ ਕਾਲੂ ਸੀਨੀਅਰ ਹਾਕੀ ਪਲੇਅਰ, ਜਗਸੀਰ ਸਿੰਘ ਜੰਡਾਂਵਾਲਾ ਸਾਬਕਾ ਸਰਪੰਚ,ਸੰਦੀਪ ਸਿੰਘ ਸਾਬਕਾ ਸਰਪੰਚ ਬਲਾਹੜ੍ਹ ਵਿੰਝੂ, ਅਮਨ ਜਿੰਦਲ ਯੂਥ ਪ੍ਰਧਾਨ, ਪ੍ਰਦੀਪ ਸਿੰਘ ਬਰਾੜ ਸਕੱਤਰ, ਗੁਰਸੇਵਕ ਸਿੰਘ ਸਾਬਕਾ ਸਰਪੰਚ,ਕੁਲਵਿੰਦਰ ਸਿੰਘ ,ਬੇਅੰਤ ਸਿੰਘ, ਪ੍ਰਦੀਪ ਕੁਮਾਰ ਸੀਨੀਅਰ ਪਲੇਅਰ ,ਬਲਪ੍ਰੀਤ ਸਿੰਘ ਬੰਟੀ, ਗਗਨਦੀਪ ਸਿੰਘ ਬਰਾੜ, ਖੁਸ਼ਪ੍ਰੀਤ ਸਿੰਘ, ਗੁਰਪ੍ਰੀਤ ਡੋਗਰ, ਮਨੀਸ਼ ਕੁਮਾਰ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਕੀ ਖਿਡਾਰੀ ਹਾਜ਼ਰ ਸਨ ।

ਅਰੰਮਪੁਰ ਚੌਂਕ 'ਚ ਪਏ ਡੇਢ ਫੁੱਟ ਡੂੰਘੇ ਖੱਡੇ, ਪ੍ਰਸ਼ਾਸਨ ਸੁੱਤਾ

ਸ੍ਰੀ ਅਨੰਦਪੁਰ ਸਾਹਿਬ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੀ ਅਨੰਦਪੁਰ ਸਾਹਿਬ ਦੇ ਮੁੱਖ ਚੌਂਕ ਅਰੰਮਪੁਰ ਚੌਂਕ ਚ ਪਏ ਡੇਢ ਫੁੱਟ ਡੂੰਘੇ ਖੱਡੇ ਹਾਦਸਿਆਂ ਨੂੰ ਸ਼ਰੇਆਮ ਸੱਦਾ ਦੇ ਰਹੇ ਹਨ ਜਦੋਂ ਕਿ ਸਰਕਾਰ ਤੇ ਪ੍ਰਸ਼ਾਸਨ ਘੂਕ ਨੀਂਦ ਵਿਚ ਸੁੱਤਾ ਪਿਆ ਹੈ ਇਥੇ ਕੁਝ ਦਿਨਾਂ ਵਿਚ ਹੀ ਕਈ ਦਰਦਨਾਕ ਹਾਦਸੇ ਵਾਪਰ ਚੁੱਕੇ ਹਨ ਇੱਥੇ ਤਾਂ ਇਹ ਕਹਾਵਤ ਸਿੱਧ ਹੁੰਦੀ ਹੈ ÷ਲੋਕਾਂ ਦਾ ਕਿਹਾ ਸਿਰ ਮੱਥੇ ਪਰਨਾਲਾ ਉੱਥੇ ਦਾ ਉੱਥੇ÷ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵੀ ਤੇ ਭਾਜਪਾ ਆਗੂ ਬਲਰਾਮ ਪਰਾਸਰ ਵਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਅਰੰਮਪੁਰ ਚੌਂਕ ਚ' ਮੁੱਖ ਮਾਰਗ ਤੇ ਪਏ ਡੂੰਘੇ ਖੱਡਿਆਂ ਦਾ ਹਾਲ ਦਿਖਾਉਂਦਿਆਂ ਬਲਰਾਮ ਪਰਾਸਰ ਨੇ ਕਿਹਾ ਕਿ ਇਹ ਉਹ ਚੌਂਕ ਹੈ ਜੋ ਦੋ ਤਖਤਾਂ ਨੂੰ ਆਪਸ ਵਿੱਚ ਜੋੜਨ ਵਾਲਾ ਮੁੱਖ ਮਾਰਗ ਹੈ।

ਇਹੋ ਨਹੀਂ ਉੱਤਰੀ ਭਾਰਤ ਦੇ ਪ੍ਰਸਿੱਧ ਸ਼ਕਤੀ ਪੀਠ ਮਾਤਾ ਨੈਣਾ ਦੇਵੀ ਨੂੰ ਆਉਣ ਵਾਲੀ ਸੰਗਤ ਵੀ ਇਸ ਰਸਤੇ ਤੋਂ ਆਉਂਦੀ ਹੈ ਰੋਜ਼ਾਨਾ ਹਜ਼ਾਰਾਂ ਦੀ ਤਾਦਾਦ ਦੇ ਵਿੱਚ ਛੋਟੀਆਂ ਵੱਡੀਆਂ ਗੱਡੀਆਂ ਇਸ ਰਸਤੇ ਤੋਂ ਲੰਘਦੀਆਂ ਹਨ ਪਰ ਅਫਸੋਸ ਸਰਕਾਰਾਂ ਤੇ ਪ੍ਰਸ਼ਾਸਨ ਕਿੱਥੇ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਹੀਆਂ ਹਨ ਉਹਨਾਂ ਕਿਹਾ ਕਿ ਸ਼੍ਰੀ ਅਨੰਦਪੁਰ ਸਾਹਿਬ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਨਾਲ ਜੋੜਨ ਵਾਲੀ ਇਹ ਲਾਈਵ ਲਾਈਨ ਸੜਕ ਹੈ। ਪਰ ਹਰ ਸਾਲ ਇਸ ਸੜਕ ਦਾ ਇਹੋ ਹਾਲ ਹੁੰਦਾ ਹੈ।

ਉਹਨਾਂ ਕਿਹਾ ਕਿ ਪ੍ਰਸ਼ਾਸਨ ਵੀ ਹੋਲਾ ਮਹੱਲਾ ਤੋਂ ਪਹਿਲਾਂ ਲੇਪਾ ਪੋਚੀ ਕਰਕੇ ਡੰਗ ਟਪਾਊ ਕੰਮ ਕਰਦਾ ਹੈ ਜਦ ਕਿ ਇਸ ਪਰੇਸ਼ਾਨੀ ਦਾ ਪੱਕੇ ਤੌਰ ਤੇ ਹੱਲ ਕੀਤਾ ਜਾਣਾ ਚਾਹੀਦਾ ਹੈ ਉਹਨਾਂ ਕਿਹਾ ਕਿ ਮੌਜੂਦਾ ਸਰਕਾਰ ਵਿੱਚ ਇੱਥੋਂ ਦੇ ਵਿਧਾਇਕ ਵੀ ਕੇਵਲ ਬਿਆਨਬਾਜੀ ਕਰਦੇ ਹਨ ਜਦੋਂ ਕਿ ਜਮੀਨੀ ਪੱਧਰ ਤੇ ਕੰਮ ਜ਼ੀਰੋ ਹੈ ਉਹਨਾਂ ਕਿਹਾ ਕਿ ਸਰਕਾਰ ਨੂੰ ਇਸ ਪਰੇਸ਼ਾਨੀ ਦਾ ਜਲਦ ਹੱਲ ਕਰਕੇ ਲੋਕਾਂ ਦੀ ਜਾਨ ਮਾਲ ਦੀ ਹਿਫਾਜ਼ਤ ਕਰਨੀ ਚਾਹੀਦੀ ਹੈ। ਦੂਜੇ ਪਾਸੇ ਉਹਨਾਂ ਕਿਹਾ ਕਿ ਜਾਂ ਤਾਂ ਸਰਕਾਰ ਦਾ ਖਜ਼ਾਨਾ ਖਾਲੀ ਹੈ ਜਾਂ ਫਿਰ ਸਰਕਾਰ ਗੜਸ਼ੰਕਰ ਵਾਂਗ ਸੰਤਾਂ ਮਹਾਂਪੁਰਸ਼ਾਂ ਦੀ ਉਡੀਕ ਵਿੱਚ ਹੈ ਤਾਂ ਜੋ ਉਸੇ ਤਰਜ ਤੇ ਇਹ ਵੀ ਕੰਮ ਕੀਤਾ ਜਾ ਸਕੇ ਪਰ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਜਿਹੜੇ ਕੰਮ ਸਰਕਾਰਾਂ ਨੂੰ ਕਰਨੇ ਚਾਹੀਦੇ ਹਨ ਉਹ ਸੰਤ ਮਹਾਂਪੁਰਸ਼ ਕਰ ਰਹੇ ਹਨ।

ਸਾਬਕਾ ਐਮਸੀ ਸੰਦੀਪ ਚਲਾਣਾ ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਿਲ

ਫਾਜ਼ਿਲਕਾ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਫਾਜ਼ਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਦੀ ਅਗਵਾਈ ਵਿੱਚ ਫਾਜ਼ਲਕਾ ਦੇ ਸਾਬਕਾ ਐਮਸੀ ਸੰਦੀਪ ਚਲਾਣਾ ਭਾਜਪਾ ਨੂੰ ਛੱਡ ਕੇ ਆਪਣੇ ਪਰਿਵਾਰ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ!

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਅਰੁਣ ਵਧਵਾ, ਐਮ. ਸੀ ਕਾਕੂ ਡੋਗਰਾ, ਬਲਾਕ ਪ੍ਰਧਾਨ ਬੱਬੂ, ਸੱਤਪਾਲ ਵਾਟਸ, ਬਿੱਟੂ ਸੇਤੀਆ, ਨਰੇਸ਼ ਰਾਜਦੇਵ, ਕ੍ਰਿਸ਼ਨ ਕੰਬੋਜ,ਸੁਨੀਲ ਮੈਨੀ ਅਤੇ ਸਾਜਨ ਸ਼ਾਮਿਲ ਰਹੇ!

ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਮਰਾ ਨੇ ਕਿਹਾ ਕਿ ਪਰਿਵਾਰ ਨੂੰ ਪਾਰਟੀ ਵਿੱਚ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ ਤੇ ਵਿਕਾਸ ਦੇ ਕੰਮ ਨਾਲ ਲੈ ਕੇ ਨੇਪਰੇ ਚਾੜ੍ਹੇ ਜਾਣਗੇ! ਉਹਨਾਂ ਕਿਹਾ ਕਿ ਹਲਕੇ ਦੇ ਸਾਰੇ ਵਿਕਾਸ ਕਾਰਜ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਕੀਤੇ ਜਾ ਰਹੇ ਹਨ!

ਇਸ ਉਪਰੰਤ ਸਾਬਕਾ ਐਮ.ਸੀ ਸੰਦੀਪ ਚਲਾਣਾ ਨੇ ਕਿਹਾ ਕਿ ਉਹਨਾਂ ਨੂੰ ਬਹੁਤ ਖੁਸ਼ੀ ਹੋਈ ਹੈ ਕਿ ਉਹ ਫਾਜ਼ਿਲਕਾ ਦੇ ਵਿਧਾਇਕ ਸਰਦਾਰ ਨਰਿੰਦਰ ਪਾਲ ਸਿੰਘ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ!

ਰੂਪਨਗਰ ਪੁਲਿਸ ਵੱਲੋਂ ਸ੍ਰੀ ਚਮਕੌਰ ਸਾਹਿਬ ਦੇ ਖੇਡ ਸਟੇਡੀਅਮ ਵਿਖੇ ਲੜਕੇ ਅਤੇ ਲੜਕੀਆਂ ਦੇ ਕਬੱਡੀ ਮੈਚ ਦਾ ਆਯੋਜਨ ਕੀਤਾ ਗਿਆ

ਰੂਪਨਗਰ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਮਾਜ ਵਿੱਚੋਂ ਨਸ਼ੇ ਦੇ ਕੋਹੜ ਰੂਪੀ ਦੈਂਤ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਵੱਡੇ ਪੱਧਰ ਤੇ ਵਿਸ਼ੇਸ਼ ਮੁਹਿੰਮ ਆਰੰਭੀ ਗ

ਪਬਲਿਕ ਪਲਾਸਟਿਕ ਦੀ ਵਰਤੋ ਛੱਡ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰੇ: ਰੁਦਰਪ੍ਰਤਾਪ ਸਿੰਘ

ਪਟਿਆਲਾ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਪਾਵਰ ਹਾਊਸ ਯੂਥ ਕਲੱਬ, ਯੂਥ ਫੈਡਰੇਸ਼ਨ ਆਫ ਇੰਡੀਆ, ਯੂਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਯੂਥ ਆਗੂ ਰੁਦਰਪ੍ਰਤਾਪ ਸਿੰਘ ਵਲੋਂ ਆਪਣੀ ਟੀਮ ਨਾਲ ਨੇਚਰ ਪਾਰਕ ਨਾਭਾ ਰੋਡ ਪਟਿਆਲਾ ਨੂੰ ਪਲਾਸਟਿਕ ਮੁਕਤ ਪਾਰਕ ਕਰਨ ਲਈ ਮੁਹਿੰਮ ਚਲਾਈ ਗਈ। ਇਸ ਮੌਕੇ ਯੂਥ ਆਗੂ ਰੁਦਰਪ੍ਰਤਾਪ ਸਿੰਘ ਨੇ ਕਿਹਾ ਕਿ ਨੇਚਰ ਪਾਰਕ ਅਤੇ ਵੱਖ ਵੱਖ ਪਾਰਕਾਂ ਵਿਖੇ ਸੈਰ ਕਰਨ ਆਉਂਦੇ ਲੋਕ, ਜਾਨਵਰਾਂ ਨੂੰ ਦਾਣਾ ਪਾਉਣ ਵਾਲੇ ਲੋਕ ਅਤੇ ਪਿਕਨਿਕ ਮਨਾਉਣ ਲਈ ਆਉਂਦੇ ਲੋਕ ਇਥੇ ਹੀ ਵੱਖ-ਵੱਖ ਥਾਵਾਂ ਉਪਰ ਪਲਾਸਟਿਕ ਦੇ ਲਿਫ਼ਾਫ਼ਿਆਂ ਨੂੰ ਸੁੱਟ ਜਾਂਦੇ ਹਨ। ਉਹਨਾਂ ਕਿਹਾ ਕਿ ਇਕ ਪਲਾਸਟਿਕ ਦਾ ਲਿਫਾਫਾ ਤਿੰਨ ਸੌ ਸਾਲ ਤੱਕ ਨਹੀਂ ਗੱਲਦਾ। ਇਸ ਨਾਲ ਅਨੇਕਾਂ ਭਿਆਨਕ ਬੀਮਾਰੀਆਂ ਲੱਗ ਸਕਦੀਆਂ ਹਨ ਅਤੇ ਪਲਾਸਟਿਕ ਨਾਲ ਕੈਂਸਰ ਬਹੁਤ ਛੇਤੀ ਫੈਲਦਾ ਹੈ। ਉਹਨਾਂ ਪਬਲਿਕ ਨੂੰ ਅਪੀਲ ਕੀਤੀ ਕਿ ਉਹੋ ਪਲਾਸਟਿਕ ਦੀ ਵਰਤੋਂ ਨਾ ਕਰਨ ਸਗੋਂ ਜੂਟ ਜਾ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ ਤਾ ਹੀ ਅਸੀਂ ਆਪਣੇ ਵਾਤਾਵਰਨ ਨੂੰ ਸ਼ੁੱਧ ਰੱਖਣ ਵਿਚ ਕਾਮਯਾਬ ਹੋ ਸਕਾਂਗੇ। ਇਸ ਮੌਕੇ ਕਾਫੀ ਮਾਤਰਾ ਵਿੱਚ ਪਾਲਸਿਟਕ ਇੱਕਤਰ ਕੀਤਾ ਗਿਆ। ਉਹਨਾਂ ਕਿਹਾ ਕਿ ਸਾਡੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਸਟੇਟ ਐਵਾਰਡੀ ਰੁਪਿੰਦਰ ਕੌਰ ਦੀ ਅਗਵਾਈ ਹੇਠ ਸਾਡੀ ਟੀਮ ਸਮਾਜ ਸੇਵੀ ਕਾਰਜ ਕਰ ਰਹੀ ਹੈ। ਫੋਟੋ ਕੈਪਸਨ, ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੇ ਨੌਜਵਾਨ ਆਗੂ ਰੁਦਰਪ੍ਰਤਾਪ ਸਿਘ ਨੇਚਰ ਪਾਰਕ ਵਿਚੋਂ ਆਪਣੇ ਸਾਥੀਆਂ ਨਾਲ ਪਾਲਸਿਟਕ ਇੱਕਤਰ ਕਰਦੇ ਹੋਏ।

ਸਰਕਾਰੀ ਕਾਲਜ ਲੜਕੀਆਂ,ਪਟਿਆਲਾ ਵਿਖੇ ਡਾਂਸ ਵਿਭਾਗ ਵੱਲੋਂ ਪ੍ਰਤਿਭਾ ਖੋਜ ਮੁਕਾਬਲਿਆਂ ਦਾ ਆਯੋਜਨ

ਪਟਿਆਲਾ, 4 ਸਤੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਸਰਕਾਰੀ ਕਾਲਜ ਲੜਕੀਆਂ, ਪਟਿਆਲਾ ਵਿਖੇ ਪ੍ਰਿੰਸੀਪਲ ਰੇਨੂ ਦੀ ਯੋਗ ਅਗਵਾਈ ਹੇਠ ਡਾਂਸ ਵਿਭਾਗ ਵੱਲੋਂ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਲਗਭਗ 50 ਵਿਦਿਆਰਥਣਾਂ ਨੇ ਵੱਧ ਚੜ ਕੇ ਹਿੱਸਾ ਲਿਆ। ਇਹਨਾਂ ਮੁਕਾਬਲਿਆਂ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦੇ ਹੋਏ ਪ੍ਰਿੰਸੀਪਲ ਪ੍ਰੋ?. ਰੇਨੂ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਛੁਪੀ ਹੋਈ ਕਲਾ ਨੂੰ ਉਜਾਗਰ ਕਰਨ ਅਤੇ ਪਰਸਨੈਲਿਟੀ ਡਿਵੈਲਪਮੈਂਟ ਵਿੱਚ ਸਹਾਇਕ ਹੁੰਦੇ ਹਨ। ਡਾਂਸ ਵਿਭਾਗ ਦੇ ਮੁਖੀ ਡਾ. ਪੁਸ਼ਪਿੰਦਰ ਨੇ ਦੱਸਿਆ ਕੀ ਸਰਕਾਰੀ ਕਾਲਜ ਲੜਕੀਆਂ ਦਾ ਡਾਂਸ ਵਿਭਾਗ ਪੰਜਾਬ, ਹਰਿਆਣਾ ਅਤੇ ਹਿਮਾਚਲ ਦਾ ਪਹਿਲਾ ਵਿਭਾਗ ਹੈ ਜਿੱਥੋਂ ਕਿ ਪੋਸਟ ਗ੍ਰੈਜੂਏਸ਼ਨ ਕਰਕੇ ਵਿਦਿਆਰਥਣਾਂ ਅਨੇਕਾਂ ਕਾਲਜਾਂ, ਯੂਨੀਵਰਸਿਟੀਆਂ ਵਿੱਚ ਬਤੌਰ ਪ੍ਰੋਫੈਸਰ ਸੇਵਾ ਨਿਭਾ ਰਹੀਆਂ ਹਨ। ਇਸ ਮੌਕੇ ਵਿਦਿਆਰਥਣਾਂ ਨੇ ਸ਼ਾਸਤਰੀ ਨਿਰਤ ਤੋਂ ਇਲਾਵਾ ਹਰਿਆਣਵੀ, ਰਾਜਸਥਾਨੀ, ਪੰਜਾਬ, ਨੇਪਾਲ ਆਦਿ ਰਾਜਾਂ ਦੇ ਲੋਕ ਨਿਰਤ ਪੇਸ਼ ਕਰਕੇ ਹਾਲ ਦੇ ਵਿੱਚ ਮੌਜੂਦ ਸ਼ਰੋਤਿਆਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਵੱਖ ਵੱਖ ਡਾਂਸ ਮੁਕਾਬਲਿਆਂ ਵਿੱਚ ਊਸ਼ਾ ਥਾਪਾ, ਦੀਕਸ਼ਾ ਅਤੇ ਵੀਨਾ ਨੇ ਪਹਿਲਾ ਸਥਾਨ, ਰੀਨਾ ਅਤੇ ਲਵਦੀਪ ਨੇ ਦੂਸਰਾ ਸਥਾਨ, ਅਕਸ਼ਿਤਾ, ਭਾਵਿਕਾ ਅਤੇ ਸੁਮਨ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਹਨਾਂ ਜੇਤੂ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਰੇਨੂ ਨੇ ਆਪਣੇ ਕਰ ਕਮਲਾਂ ਨਾਲ ਇਨਾਮ ਤਕਸੀਮ ਕੀਤੇ। ਇਸ ਮੌਕੇ ਡਾਂਸ ਵਿਭਾਗ ਦੇ ਡਾ.ਕੁਲਵਿੰਦਰ, ਡਾ.ਸੀਮਾ ਸ਼ਰਮਾ, ਪ੍ਰੋ. ਜੈਸ਼ਮੀਨ ਤੋਂ ਇਲਾਵਾ ਪ੍ਰੋ.ਸੋਨੀਆ, ਪ੍ਰੋ. ਸੰਦੀਪ ਕੁਮਾਰ, ਸਮੂਹ ਸਟਾਫ ਮੈਂਬਰ ਅਤੇ ਭਾਰੀ ਗਿਣਤੀ ਵਿੱਚ ਵਿਦਿਆਰਥਣਾਂ ਮੌਜੂਦ ਰਹੀਆਂ।

ਕੋਟਕ ਨੇ UAE ਦੇ ਯਾਤਰੀਆਂ ਲਈ ਵਿਸ਼ੇਸ਼ ਤੌਰ 'ਤੇ ਫਾਲਕਨ ਫਾਰੇਕਸ ਕਾਰਡ ਪੇਸ਼ ਕੀਤਾ

ਪਟਿਆਲਾ, 4 ਸਤੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਕੋਟਕ ਮਹਿੰਦਰਾ ਬੈਂਕ ਲਿਮਿਟੇਡ ਨੇ ਅੱਜ ਸੰਯੁਕਤ ਅਰਬ ਅਮੀਰਾਤ (UAE) ਦੀ ਯਾਤਰਾ ਕਰਨ ਵਾਲੇ ਭਾਰਤੀਆਂ ਦੀ ਵੱਧ ਰਹੀ ਗਿਣਤੀ ਲਈ ਕੋਟਕ ਫਾਲਕਨ ਕਾਰਡ ਇੱਕ ਸਿੰਗਲ ਕਰੰਸੀ ਪ੍ਰੀਪੇਡ ਫਾਰੇਕਸ ਕਾਰਡ ਦਾ ਉਦਘਾਟਨ ਕੀਤਾ। ਕੋਟਕ ਫਾਲਕਨ ਕਾਰਡ ਦੀ USP ਸੁਰੱਖਿਆ ਅਤੇ ਸੁਵਿਧਾ ਹੈ ਅਤੇ 20,000* ਰੁਪਏ ਤੱਕ ਦੀ ਸੰਚਤ ਬੱਚਤ ਹੈ, ਜੋ ਇਸ ਨੂੰ ਅਭਿਲਾਸ਼ੀ ਭਾਰਤੀਆਂ ਲਈ ਲਾਹੇਵੰਦ ਬਣਾਉਂਦੀ ਹੈ। ਯੂਏਈ ਵਿੱਚ ਭੁਗਤਾਨ ਲਈ ਕੋਟਕ ਫਾਲਕਨ ਕਾਰਡ ਦੀ ਵਰਤੋਂ ਕਰਨ ਵਾਲੇ ਯਾਤਰੀਆਂ ਨੂੰ 100+ ਸੈਲਾਨੀ ਆਕਰਸ਼ਣਾਂ, ਸਾਹਸੀ ਖੇਡਾਂ, ਖਰੀਦਦਾਰੀ, ਖਾਣਾ ਖਾਣ ਅਤੇ ਵਿਲੱਖਣ ਅਨੁਭਵਾਂ 'ਤੇ ਤੁਰੰਤ ਛੋਟ ਮਿਲੇਗੀ। ਵਾਧੂ ਲਾਭਾਂ ਵਿੱਚ ਮੁਫਤ ਬੀਮਾ ਕਵਰ, 24*7 ਰੀਲੋਡ ਸੇਵਾ, ਤਤਕਾਲ ਰਿਫੰਡ, ਅਤੇ ਮੁਸ਼ਕਲ ਰਹਿਤ ਕਾਰਡ ਬਦਲਣਾ ਸ਼ਾਮਲ ਹੈ

ਕੋਟਕ ਫਾਲਕਨ ਕਾਰਡ ਨੂੰ ਮੁੰਬਈ ਵਿੱਚ ਗਲੋਬਲ ਫਿਨਟੈਕ ਫੈਸਟ ਵਿੱਚ ਰੋਹਿਤ ਭਸੀਨ, ਪ੍ਰੈਜ਼ੀਡੈਂਟ ਹੈੱਡ ਐਫਲੂਐਂਟ, ਐਨਆਰਆਈ, ਬਿਜ਼ਨਸ ਬੈਂਕਿੰਗ ਅਤੇ ਚੀਫ ਮਾਰਕੀਟਿੰਗ ਅਫਸਰ, ਕੋਟਕ ਮਹਿੰਦਰਾ ਬੈਂਕ ਮੁਜ਼ੱਫਰ ਹਾਮਿਦ, CEO, ਮਰਕਰੀ ਪੇਮੈਂਟਸ ਸਰਵਿਸਿਜ਼ ਅਤੇ NPCI ਦੇ ਪਤਵੰਤਿਆਂ ਦੁਆਰਾ ਅਨਾਊਂਸ ਕੀਤਾ ਗਿਆ।

UAE ਆਧੁਨਿਕਤਾ ਅਤੇ ਲਗਜ਼ਰੀ ਦੇ ਇੱਕ ਸ਼ਾਨਦਾਰ ਮਿਸ਼ਰਣ ਨੂੰ ਦਰਸਾਉਂਦਾ ਹੈ। ਇਹ ਇੱਕ ਏਕੀਕ੍ਰਿਤ ਵਿੱਤੀ ਅਤੇ ਡਿਜੀਟਲ ਭੁਗਤਾਨ ਪ੍ਰਣਾਲੀ ਦੇ ਨਾਲ ਭਾਰਤ ਦਾ ਤੀਜਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਵੀ ਹੈ। ਇਹ ਕੋਈ ਹੈਰਾਨੀ ਵਾਲੀ ਗੱਲ ਨਹੀਂ ਹੈ ਕਿ 2023 ਵਿੱਚ 2.46 ਮਿਲੀਅਨ ਰਾਤੋ ਰਾਤ ਯਾਤਰੀ ਦੁਬਈ ਆਏ - ਖਬਰਾਂ ਦੀਆਂ ਰਿਪੋਰਟਾਂ ਅਨੁਸਾਰ, ਕਿਸੇ ਵੀ ਦੇਸ਼ ਤੋਂ ਸਭ ਤੋਂ ਵੱਧ। ਵੱਡਾ ਭਾਰਤੀ ਡਾਇਸਪੋਰਾ, ਦੇਸ਼ ਭਰ ਦੇ ਕਈ ਸ਼ਹਿਰਾਂ ਤੋਂ ਸਿੱਧੀਆਂ ਉਡਾਣਾਂ ਅਤੇ ਪਹਿਲੀ ਵਿਦੇਸ਼ ਯਾਤਰਾ ਸਮੇਤ ਅੰਤਰਰਾਸ਼ਟਰੀ ਯਾਤਰਾ ਲਈ ਵਧਦੀ ਇੱਛਾ ਹਰ ਸਾਲ ਯੂਏਈ ਵੱਲ ਵਧੇਰੇ ਭਾਰਤੀਆਂ ਨੂੰ ਆਕਰਸ਼ਿਤ ਕਰਦੀ ਰਹਿੰਦੀ ਹੈ। ਰੋਹਿਤ ਭਸੀਨ ਨੇ ਕਿਹਾ, ਭਾਰਤੀਆਂ ਲਈ ਸਭ ਤੋਂ ਪਸੰਦੀਦਾ ਬੈਂਕ ਬਣਨ ਦੇ ਸਾਡੇ ਫੋਕਸ ਦੇ ਹਿੱਸੇ ਵਜੋਂ, ਅਸੀਂ ਇੱਕ ਮਜਬੂਤ ਮੁੱਲ ਪ੍ਰਸਤਾਵ - ਕੋਟਕ ਫਾਲਕਨ ਕਾਰਡ - "15 ਦੇ ਯਾਤਰੀਆਂ ਲਈ ਵਿਸ਼ੇਸ਼ ਤੌਰ 'ਤੇ ਪੇਸ਼ ਕਰਕੇ ਬਹੁਤ ਖੁਸ਼ ਹਾਂ। ਸਿੰਗਲ ਮੁਦਰਾ ਪ੍ਰੀਪੇਡ ਫਾਰੇਕਸ ਕਾਰਡ "15 ਦੀ ਯਾਤਰਾ ਕਰਨ ਵਾਲੇ ਭਾਰਤੀਆਂ ਦੀ ਵਧਦੀ ਗਿਣਤੀ ਲਈ ਇੱਕ ਵਿਲੱਖਣ ਪੇਸ਼ਕਸ਼ ਹੈ, ਜਿਸ ਵਿੱਚ ਪਹਿਲੀ ਵਾਰ ਅੰਤਰਰਾਸ਼ਟਰੀ ਯਾਤਰੀ ਸ਼ਾਮਲ ਹਨ ਅਤੇ ਉਹਨਾਂ ਨੂੰ ਯੂਏਈ ਵਿੱਚ ਕੀਤੇ ਭੁਗਤਾਨਾਂ 'ਤੇ ਸੁਰੱਖਿਆ ਅਤੇ ਸਹੂਲਤ ਪ੍ਰਦਾਨ ਕਰਦਾ ਹੈ ਅਤੇ ਮਨੋਰੰਜਨ ਗਤੀਵਿਧੀਆਂ ਲਈ ਭੁਗਤਾਨਾਂ 'ਤੇ ਸ਼ਾਨਦਾਰ ਬਚਤ ਪ੍ਰਦਾਨ ਕਰਦਾ ਹੈ।

ਪੋਸ਼ਣ ਮਾਹ: ਸੂਬੇ 'ਚ 1 ਤੋਂ 30 ਸਤੰਬਰ ਤੱਕ ਜਾਵੇਗਾ ਮਨਾਇਆ

ਪੋਸ਼ਨ ਮਾਹ ਦੌਰਾਨ ਸੂਬੇ ਵਿੱਚ 'ਇੱਕ ਪੌਦਾ ਆਪਣੀ ਮਾਂ ਦੇ ਨਾਮ' ਤੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ: ਡਾ. ਬਲਜੀਤ ਕੌਰ

ਚੰਡੀਗੜ੍ਹ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵਿਭਾਗ ਵੱਲੋਂ ਸਤੰਬਰ ਮਹੀਨੇ ਨੂੰ ਪੋਸ਼ਣ ਮਾਹ ਵਜੋਂ ਮਨਾਇਆ ਜਾ ਰਿਹਾ ਹੈ। ਪੋਸ਼ਨ ਮਾਹ ਦੌਰਾਨ ਸੂਬੇ ਵਿੱਚ 'ਇੱਕ ਪੌਦਾ ਆਪਣੀ ਮਾਂ ਦੇ ਨਾਮ' ਤੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਹਰਾ ਭਰਾ ਬਣਾਉਣ ਦੇ ਸੰਕਲਪ ਦੀ ਪ੍ਰੇਰਣਾ ਨਾਲ-ਇਕ ਪੌਦਾ ਆਪਣੀ ਮਾਂ ਦੇ ਨਾਮ- ਪੋਸ਼ਣ ਮਾਹ ਦੌਰਾਨ ਮੁੱਖ ਵਿਸ਼ਾ ਰੱਖਿਆ ਗਿਆ ਹੈ।

ਡਾ: ਬਲਜੀਤ ਕੌਰ ਨੇ ਦੱਸਿਆ ਕਿ ਗੰਧਲਾ ਹੋ ਰਿਹਾ ਵਾਤਾਵਰਨ ਅੱਜ ਪੂਰੀ ਮਨੁੱਖਤਾ ਲਈ ਇਕ ਵੱਡੀ ਚੁਣੌਤੀ ਹੈ ਅਤੇ ਇਸ ਨਾਲ ਕਾਦਰ ਦੀ ਕੁਦਰਤ ਵੱਲੋਂ ਸਾਜੀ ਇਸ ਧਰਤ ਸੁਹਾਵਣੀ ਤੇ ਮਾਨਵ ਜਾਤੀ ਦਾ ਭਵਿੱਖ ਅਸੁਰੱਖਿਅਤ ਹੋਣ ਲੱਗਿਆ ਹੈ। ਇਸ ਲਈ ਜਰੂਰੀ ਹੈ ਕਿ ਜਿਆਦਾ ਤੋਂ ਜਿਆਦਾ ਰੁੱਖ ਲਗਾਏ ਜਾਣ। ਰੁੱਖ ਸਿਰਫ ਲਗਾਏ ਹੀ ਨਾ ਜਾਣ ਸਗੋਂ ਉਨ੍ਹਾਂ ਨੂੰ ਸੰਭਾਲਿਆਂ ਵੀ ਜਾਵੇ। ਇਸ ਲਈ ਪੰਜਾਬ ਸਰਕਾਰ ਦੇ ਵਾਤਾਵਰਨ ਨੂੰ ਬਚਾਉਣ ਦੇ ਸੁਹਿਰਦ ਯਤਨਾਂ ਦੀ ਲੜੀ ਤਹਿਤ ਇਹ ਮੁਹਿੰਮ ਆਰੰਭ ਕੀਤੀ ਜਾ ਰਹੀ ਹੈ। ਜਿਕਰਯੋਗ ਹੈ ਕਿ ਪੋਸ਼ਣ ਮਾਹ ਇੱਕ ਸਤੰਬਰ ਤੋਂ 30 ਸਤੰਬਰ ਤੱਕ ਸੂਬੇ ਭਰ ਵਿੱਚ ਮਨਾਇਆ ਜਾ ਰਿਹਾ ਹੈ।

ਮੰਤਰੀ ਨੇ ਦੱਸਿਆ ਕਿ ਇਸ ਅਭਿਆਨ ਤਹਿਤ ਆਪਣੀ ਮਾਂ ਦੇ ਨਾਮ ਤੇ ਪੌਦੇ ਲਗਾਉਣ ਦੀ ਮੁਹਿੰਮ ਇਸ ਲਈ ਸ਼ੁਰੂ ਕੀਤੀ ਗਈ ਹੈ ਤਾਂ ਕਿ ਇਸ ਮੁਹਿੰਮ ਤਹਿਤ ਲਗਾਏ ਪੌਦਿਆਂ ਨਾਲ ਲਗਾਉਣ ਵਾਲਿਆਂ ਦੀ ਭਾਵਨਾਤਮਕ ਸਾਂਝ ਪਾਈ ਜਾ ਸਕੇ ਅਤੇ ਉਹ ਪੌਦਾ ਲਗਾਉਣ ਤੋਂ ਬਾਅਦ ਉਸਨੂੰ ਭੁੱਲ ਨਾ ਜਾਣ ਸਗੋਂ ਉਸਦੀ ਸਾਂਭ ਸੰਭਾਲ ਕਰਦੇ ਰਹਿਣ ਤਾਂ ਜੋ ਇਸ ਮੁਹਿੰਮ ਤਹਿਤ ਲਗਾਏ ਪੌਦੇ ਇਕ ਵੱਡੇ ਰੁੱਖ ਬਣਕੇ ਸਾਨੂੰ ਪ੍ਰਾਣ ਵਾਯੂ ਦੇ ਸਕਣ। ਉਨ੍ਹਾਂ ਨੇ ਇਸ ਮੁਹਿੰਮ ਨਾਲ ਹਰੇਕ ਪਰਿਵਾਰ ਨੂੰ ਜੁੜਨ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਜਨਭਾਗੀਦਾਰੀ ਨਾਲ ਅਸੀਂ ਇਸ ਨੂੰ ਸਫਲ ਕਰਾਂਗੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਮੁਹਿੰਮ ਸਿਰਫ ਸਰਕਾਰੀ ਉਪਰਾਲਾ ਨਹੀਂ, ਇਸ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦਾ ਸਟਾਫ ਆਂਗਣਵਾੜੀ ਵਰਕਰਾਂ, ਹੈਲਪਰਾਂ, ਸੁਪਰਵਾਈਜ਼ਰਾਂ ਅਤੇ ਸੀਡੀਪੀਓਜ਼ ਵੱਲੋਂ ਐਨ.ਜੀ.ਓਜ਼, ਆਸ਼ਾ ਵਰਕਰਾਂ, ਏਐਨਐਮਜ਼, ਖੇਤੀਬਾੜੀ ਸਭਾਵਾਂ, ਸਹਿਕਾਰੀ ਸਭਾਵਾਂ, ਸਵੈ-ਸਹਾਇਤਾ ਸਮੂਹਾਂ, ਯੂਥ ਕਲੱਬਾਂ ਆਦਿ ਨਾਲ ਮਿਲ ਕੇ ਕੰਮ ਕੀਤਾ ਜਾ ਰਿਹਾ ਹੈ।

ਮੰਤਰੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਅਨੀਮੀਆ ਅਤੇ ਢੁਕਵੀਂ ਸਾਫ-ਸਫਾਈ ਬਾਰੇ ਜਾਗਰੂਕਤਾ ਫੈਲਾਉਣ 'ਤੇ ਧਿਆਨ ਦਿੱਤਾ ਜਾਵੇਗਾ। ਇਸ ਦਾ ਉਦੇਸ਼ ਉਹਨਾਂ ਨੂੰ ਕਸਰਤ ਅਤੇ ਵਾਤਾਵਰਣ ਸੁਧਾਰ ਦੇ ਨਾਲ-ਨਾਲ ਸਿਹਤਮੰਦ ਅਤੇ ਪੌਸ਼ਟਿਕ ਖੁਰਾਕ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ।

ਏ.ਪੀ.ਐਸ. ਜਲੰਧਰ ਕੈਂਟ ਪੱਛਮੀ ਕਮਾਂਡ ਵਿੱਚ ਸਲਾਨਾ ਪ੍ਰਿੰਸੀਪਲ ਮੀਟਿੰਗ ਕਰਵਾਈ ਗਈ

ਜਲੰਧਰ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੱਛਮੀ ਕਮਾਂਡ ਦੀ ਸਾਲਾਨਾ ਪ੍ਰਿੰਸੀਪਲ ਮੀਟਿੰਗ 2024 ਆਰਮੀ ਪਬਲਿਕ ਸਕੂਲ, ਜਲੰਧਰ ਛਾਉਣੀ ਵਿਖੇ ਕਰਵਾਈ ਗਈ। ਇਸ ਸਮਾਗਮ ਦੀ ਪ੍ਰਧਾਨਗੀ ਲੈਫਟੀਨੈਂਟ ਜਨਰਲ ਐਮ ਕੇ ਕਟਿਆਰ, ਏਵੀਐਸਐਮ, ਆਰਮੀ ਕਮਾਂਡਰ ਪੱਛਮੀ ਕਮਾਂਡ ਨੇ ਕੀਤੀ। ਹੋਰ ਹਾਜ਼ਰੀਨ ਵਿੱਚ ਸਾਰੇ ਫਾਰਮੇਸ਼ਨ ਕਮਾਂਡਰ, ਆਰਮੀ ਵੈਲਫੇਅਰ ਐਜੂਕੇਸ਼ਨ ਸੋਸਾਇਟੀ (AWES) ਦੇ ਡਾਇਰੈਕਟਰ, ਪੱਛਮੀ ਕਮਾਂਡ ਦੇ ਸਾਰੇ ਆਰਮੀ ਪਬਲਿਕ ਸਕੂਲਾਂ ਦੇ ਚੇਅਰਮੈਨ ਅਤੇ ਪ੍ਰਿੰਸੀਪਲ ਅਤੇ ਦੇਸ਼ ਦੇ ਹੋਰ ਆਰਮੀ ਪਬਲਿਕ ਸਕੂਲਾਂ ਦੇ ਚੁਣੇ ਹੋਏ ਪ੍ਰਿੰਸੀਪਲ ਸ਼ਾਮਲ ਸਨ।

ਕਨਕਲੇਵ ਦਾ ਉਦੇਸ਼ ਆਰਮੀ ਪਬਲਿਕ ਸਕੂਲਾਂ ਦੇ ਅਕਾਦਮਿਕ ਮਾਪਦੰਡਾਂ ਨੂੰ ਉੱਚਾ ਚੁੱਕਣਾ, ਵਿਦਿਅਕ ਲੈਂਡਸਕੇਪ ਨੂੰ ਵਧਾਉਣ ਲਈ ਡਿਜੀਟਲ ਟੈਕਨਾਲੋਜੀ ਦੇ ਸਹਿਜ ਏਕੀਕਰਣ ਦੇ ਨਾਲ ਵਿਦਿਆਰਥੀਆਂ ਅਤੇ ਵਿਦਿਅਕ ਭਾਈਚਾਰੇ ਦੀ ਸੰਪੂਰਨ ਤੰਦਰੁਸਤੀ 'ਤੇ ਧਿਆਨ ਕੇਂਦਰਿਤ ਕਰਨਾ ਹੈ। ਫੋਰਮ ਨੇ NEP 2020 ਦੇ ਨਾਲ ਇਕਸਾਰਤਾ ਵਿੱਚ ਆਰਮੀ ਪਬਲਿਕ ਸਕੂਲਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਪ੍ਰਗਤੀ ਬਾਰੇ ਪ੍ਰਿੰਸੀਪਲਾਂ ਦੁਆਰਾ ਪੇਸ਼ਕਾਰੀਆਂ ਦੁਆਰਾ ਵਿਚਾਰਾਂ ਦੇ ਇੱਕ ਡੂੰਘਾਈ ਨਾਲ ਆਦਾਨ-ਪ੍ਰਦਾਨ ਦੀ ਸਹੂਲਤ ਦਿੱਤੀ। ਵਿਚਾਰ-ਵਟਾਂਦਰੇ ਵਧੀਆ ਅਭਿਆਸਾਂ ਅਤੇ ਨਵੀਨਤਾਕਾਰੀ ਵਿਦਿਅਕ ਰਣਨੀਤੀਆਂ ਨੂੰ ਸਾਂਝਾ ਕਰਨ ਲਈ ਤਿਆਰ ਸਨ।

ਮੁੱਖ ਪੇਸ਼ਕਾਰੀਆਂ ਵਿੱਚ ਵਿਦਿਅਕ ਉੱਤਮਤਾ, ÷ਡਿਜੀਟਲ ਸਿਟੀਜ਼ਨਸ਼ਿਪ ਅਤੇ ਔਨਲਾਈਨ ਸੁਰੱਖਿਆ÷ ਅਤੇ ÷ਆਰਮੀ ਪਬਲਿਕ ਸਕੂਲਾਂ ਵਿੱਚ ਰਾਸ਼ਟਰੀ ਕ੍ਰੈਡਿਟ ਫਰੇਮਵਰਕ ਦਾ ਲਾਗੂਕਰਨ ਅਤੇ ਪ੍ਰਭਾਵ÷ ਦੇ ਖੇਤਰ ਵਿੱਚ ਸੰਗਠਨ ਦੀਆਂ ਪਹਿਲਕਦਮੀਆਂ ਅਤੇ ਪ੍ਰਾਪਤੀਆਂ

ਪੰਜਾਬ ਵਿਧਾਨ ਸਭਾ ਵੱਲੋਂ ਨਾਜਾਇਜ਼ ਕਾਲੋਨੀਆਂ ਨੂੰ ਨਿਯਮਤ ਕਰਨ ਬਾਰੇ ਬਿਲ ਸਰਬ ਸੰਮਤੀ ਨਾਲ ਪਾਸ

ਸੂਬੇ ਵਿਚ ਕਰੀਬ 14 ਹਜ਼ਾਰ ਨਾਜਾਇਜ਼ ਕਾਲੋਨੀਆਂ ਦੇ ਹਜ਼ਾਰਾਂ ਪਲਾਟ ਮਾਲਕਾਂ ਨੂੰ ਹੋਵੇਗਾ ਫ਼ਾਇਦਾ

ਚੰਡੀਗੜ੍ਹ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲਰਾਈਜ਼ੇਸ਼ਨ (ਸੋਧ) ਬਿਲ (Punjab Apartment and Property Regulation (Amendment) Bill) ਪੰਜਾਬ ਵਿਧਾਨ ਸਭਾ ਵਿਚ ਪੇਸ਼ ਕੀਤਾ, ਜਿਸ ਦਾ ਮਕਸਦ ਗ਼ੈਰਕਾਨੂੰਨੀ ਕਾਲੋਨੀਆਂ ਵਿਚਲੀਆਂ ਜਾਇਦਾਦਾਂ ਦੀ ਰਜਿਸਟਰੀ ਕਰਾਉਣ ਲਈ ਐੱਨਓਸੀ ਦੀ ਸ਼ਰਤ ਨੂੰ ਹਟਾਉਣਾ ਹੈ।

ਇਹ ਬਿਲ ਪੰਜਾਬ ਵਿਧਾਨ ਸਭਾ ਦੇ 2 ਸਤੰਬਰ ਨੂੰ ਸ਼ੁਰੂ ਹੋਏ ਤਿੰਨ ਰੋਜ਼ਾ ਮੌਨਸੂਨ ਸੈਸ਼ਨ ਦੇ ਦੂਜੇ ਦਿਨ ਅੱਜ ਪੇਸ਼ ਕੀਤਾ ਗਿਆ।

ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਇਸ ਬਿਲ ਦਾ ਉਨ੍ਹਾਂ ਸਾਰੇ ਲੋਕਾਂ ਨੂੰ ਫ਼ਾਇਦਾ ਹੋਵੇਗਾ, ਜਿਨ੍ਹਾਂ ਨੇ ਵੀ ਜਾਂ ਤਾਂ 31 ਜੁਲਾਈ ਤੋਂ ਪਹਿਲਾਂ ਪਲਾਟ ਖ਼ਰੀਦੇ ਹਨ ਜਾਂ ਇਸ ਸਬੰਧੀ ਬਿਆਨਾ/ਪੇਸ਼ਗੀ ਰਕਮ ਅਦਾ ਕਰ ਦਿੱਤੀ ਹੈ ਅਤੇ ਨਾਲ ਹੀ ਇਹ ਸਾਬਤ ਕਰ ਸਕਦੇ ਹਨ ਕਿ ਉਨ੍ਹਾਂ ਵੱਲੋਂ ਕੀਤੀ ਗਈ ਖ਼ਰੀਦ ਵਾਜਬ ਹੈ।

ਉਨ੍ਹਾਂ ਕਿਹਾ, ''ਅਜਿਹੇ ਸਾਰੇ ਸੌਦਿਆਂ ਨੂੰ ਕਾਨੂੰਨੀ ਲੈਣ-ਦੇਣ ਮੰਨਿਆ ਜਾਵੇਗਾ ਅਤੇ ਅਜਿਹੇ ਪਲਾਟਾਂ ਦੇ ਮਾਲਕਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।'' ਦੱਸਣਯੋਗ ਹੈ ਕਿ ਪੰਜਾਬ ਵਿਚ ਕਰੀਬ 14 ਹਜ਼ਾਰ ਨਾਜਾਇਜ਼ ਕਾਲੋਨੀਆਂ ਹਨ ਅਤੇ ਇਸ ਬਿਲ ਦੇ ਕਾਨੂੰਨ ਬਣਨ ਨਾਲ ਇਨ੍ਹਾਂ ਕਾਲੋਨੀਆਂ ਦੇ ਹਜ਼ਾਰਾਂ ਪਲਾਟ ਮਾਲਕਾਂ ਨੂੰ ਫ਼ਾਇਦਾ ਹੋਵੇਗਾ। ਬਾਅਦ ਵਿਚ ਬਿਲ ਨੂੰ ਵਿਧਾਨ ਸਭਾ ਨੇ ਸਰਬ ਸੰਮਤੀ ਨਾਲ ਪਾਸ ਕਰ ਦਿੱਤਾ।

ਆਰੀਅਨ ਮਿਸ਼ਰਾ ਦੀ ਹੱਤਿਆ ਦੇ ਮੁੱਦੇ 'ਤੇ ਕਾਂਗਰਸ ਨੇ ਹਰਿਆਣਾ ਭਾਜਪਾ ਘੇਰੀ

ਨਵੀਂ ਦਿੱਲੀ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਸਨਅਤੀ ਸ਼ਹਿਰ ਫਰੀਦਾਬਾਦ ਦੇ ਨੌਜਵਾਨ ਆਰੀਅਨ ਮਿਸ਼ਰਾ ਦੇ ਕਤਲ ਦੇ ਮੁੱਦੇ 'ਤੇ ਕਾਂਗਰਸ ਨੇ ਹਰਿਆਣਾ ਦੀ ਭਾਜਪਾ ਸਰਕਾਰ ਨੂੰ ਘੇਰਿਆ ਤੇ ਇਸ ਕਤਲ ਕਾਂਡ ਨੂੰ ਹਰਿਆਣਾ ਸਰਕਾਰ ਦੇ ਦਸ ਸਾਲ ਦੇ ਰਿਪੋਰਟ ਕਾਰਡ ਵਜੋਂ ਪੇਸ਼ ਕੀਤਾ। 'ਐਕਸ' ਉਪਰ ਕਾਂਗਰਸ ਵੱਲੋਂ ਕੀਤੀ ਪੋਸਟ ਵਿਚ ਕਿਹਾ ਗਿਆ ਹੈ: ਆਰੀਅਨ ਮਿਸ਼ਰਾ ਹਰਿਆਣਾ ਦੇ ਫਰੀਦਾਬਾਦ 'ਚ ਸ਼ਾਮ ਨੂੰ ਦੋਸਤਾਂ ਨਾਲ ਘੁੰਮਣ ਗਿਆ ਸੀ। ਰਸਤੇ ਵਿੱਚ ਗਊ ਰੱਖਿਅਕਾਂ ਨੇ ਗਊ ਹੱਤਿਆ ਦੇ ਸ਼ੱਕ ਵਿੱਚ ਆਰੀਅਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ।

ਕਾਂਗਰਸ ਨੇ ਕਿਹਾ, ਇਹ ਹੈ ਹਰਿਆਣਾ ਦੀ ਭਾਜਪਾ ਸਰਕਾਰ ਦੇ 10 ਸਾਲਾਂ ਦਾ ਰਿਪੋਰਟ ਕਾਰਡ, ਜਿੱਥੇ ਦਿਨ ਦਿਹਾੜੇ ਸੜਕਾਂ 'ਤੇ ਲੋਕਾਂ ਦਾ ਕਤਲ ਕੀਤਾ ਜਾ ਰਿਹਾ ਹੈ। ਇੱਥੇ ਅਪਰਾਧੀ ਬੇਖੌਫ ਘੁੰਮ ਰਹੇ ਹਨ। ਉਨ੍ਹਾਂ ਦੇ ਮਨ ਵਿਚ ਨਾ ਤਾਂ ਸਰਕਾਰ ਦਾ ਕੋਈ ਡਰ ਹੈ ਅਤੇ ਨਾ ਹੀ ਕਾਨੂੰਨ ਦਾ।

ਪਾਰਟੀ ਨੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਉਪਰ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਇਹ ਸੱਚ ਹੈ: ਭਾਜਪਾ ਦੀ ਡਬਲ ਇੰਜਣ ਵਾਲੀ ਸਰਕਾਰ ਨੇ ਹਰਿਆਣਾ ਨੂੰ 'ਅਪਰਾਧ ਦੀ ਰਾਜਧਾਨੀ' ਬਣਾ ਕੇ ਆਮ ਲੋਕਾਂ ਦਾ ਜੀਵਨ ਬਰਬਾਦ ਕਰ ਦਿੱਤਾ ਹੈ।

ਦੱਸਣਯੋਗ ਹੈ ਕਿ ਕਰੀਬ ਦਸ ਦਿਨ ਪਹਿਲਾਂ ਮੁਲਜ਼ਮਾਂ ਨੇ ਆਰੀਅਨ ਨੂੰ ਪਸ਼ੂ ਤਸਕਰ ਸਮਝ ਕੇ ਕਰੀਬ 30 ਕਿਲੋਮੀਟਰ ਕਾਰ ਦਾ ਪਿੱਛਾ ਕਰਕੇ ਉਸ ਨੂੰ ਗੋਲੀ ਮਾਰ ਦਿੱਤੀ ਸੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤਿੰਨ-ਰੋਜ਼ਾ ਦੌਰੇ 'ਤੇ ਬਰੂਨੇਈ ਤੇ ਸਿੰਗਾਪੁਰ ਰਵਾਨਾ

ਨਵੀਂ ਦਿੱਲੀ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਨੂੰ ਨਵੀਂ ਦਿੱਲੀ ਤੋਂ ਬਰੂਨੇਈ ਦਾਰੁੱਸਲਾਮ ਲਈ ਰਵਾਨਾ ਹੋਣ ਸਮੇਂ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਗਲਵਾਰ ਨੂੰ ਦੋ ਦੱਖਣਪੂਰਬੀ ਏਸ਼ੀਆਈ ਮੁਲਕਾਂ ਬਰੂਨੇਈ ਦਾਰੁੱਸਲਾਮ ਅਤੇ ਸਿੰਗਾਪੁਰ ਦੇ ਤਿੰਨ-ਰੋਜ਼ਾ ਦੌਰੇ ਉਤੇ ਰਵਾਨਾ ਹੋ ਗਏ। ਉਹ 5 ਸਤੰਬਰ ਤੱਕ ਪਹਿਲਾਂ ਬਰੂਨੇਈ ਦਾਰੁੱਸਲਾਮ ਅਤੇ ਫਿਰ ਸਿੰਗਾਪੁਰ ਜਾਣਗੇ।

ਮੋਦੀ 4 ਸਤੰਬਰ ਨੂੰ ਸੁਲਤਾਨ ਹਾਜੀ ਹਸਨਲ ਬੋਲਕੀਆਹ ਦੇ ਸੱਦੇ ਉਤੇ ਬਰੂਨੇਈ ਦਾ ਦੌਰਾ ਕਰਨਗੇ। ਇਸ ਪਿੱਛੋਂ ਪ੍ਰਧਾਨ ਮੰਤਰੀ ਮੋਦੀ ਆਪਣੇ ਸਿੰਗਾਪੁਰੀ ਹਮਰੁਤਬਾ ਲਾਰੈਂਸ ਵੋਂਗ ਦੇ ਸੱਦੇ ਉਤੇ ਸਿੰਗਾਪੁਰ ਜਾਣਗੇ।

ਇਸ ਦੇ ਨਾਲ ਹੀ ਮੋਦੀ ਬਰੂਨੇਈ ਦੀ ਦੁਵੱਲੀ ਯਾਤਰਾ ਕਰਨ ਵਾਲੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਬਣ ਜਾਣਗੇ। ਇਸ ਯਾਤਰਾ ਨੂੰ ਦੋਵਾਂ ਮੁਲਕਾਂ ਦੇ ਰਿਸ਼ਤਿਆਂ ਦੀ ਮਜ਼ਬੂਤੀ ਪੱਖੋਂ ਇਕ ਅਹਿਮ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

ਪ੍ਰਧਾਨ ਮੰਤਰੀ ਨੇ ਆਪਣੀ ਰਵਾਨਗੀ ਤੋਂ ਪਹਿਲਾਂ ਇਕ ਬਿਆਨ ਵਿਚ ਕਿਹਾ, ''ਅੱਜ ਮੈਂ ਬਰੂਨੇਈ ਦਾਰੁੱਸਲਾਮ ਦੀ ਪਹਿਲੋਂ-ਪਹਿਲੜੀ ਦੁਵੱਲੀ ਫੇਰੀ ਉਤੇ ਜਾ ਰਿਹਾ ਹਾਂ। ਜਦੋਂ ਅਸੀਂ ਆਪਣੇ ਸਫ਼ਾਰਤੀ ਰਿਸ਼ਤਿਆਂ ਦੇ 40 ਸਾਲਾਂ ਦੇ ਜਸ਼ਨ ਮਨਾ ਰਹੇ ਹਾਂ, ਤਾਂ ਮੈਂ ਮੁਲਕ ਦੇ ਬਾਦਸ਼ਾਹ ਸੁਲਤਾਨ ਹਾਜੀ ਹਸਨਲ ਬੋਲਕੀਆਹ ਅਤੇ ਸ਼ਾਹੀ ਪਰਿਵਾਰ ਦੇ ਹੋਰਨਾਂ ਮੈਂਬਰਾਂ ਨੂੰ ਮਿਲਣ ਦੀ ਬੇਸਬਰੀ ਨਾਲ ਉਡੀਕ ਕਰ ਰਿਹਾ ਹਾਂ, ਤਾਂ ਕਿ ਦੋਵਾਂ ਮੁਲਕਾਂ ਦੇ ਇਤਿਹਾਸਕ ਰਿਸ਼ਤਿਆਂ ਨੂੰ ਨਵੀਆਂ ਬੁਲੰਦੀਆਂ ਉਤੇ ਪਹੁੰਚਾਇਆ ਜਾ ਸਕੇ।'

ਗੁਰਤਾ ਗੱਦੀ ਦਿਵਸ ਨੂੰ ਸਮਰਪਿਤ 7 ਨੂੰ ਸ੍ਰੀ ਆਨੰਦਪੁਰ ਸਾਹਿਬ ਤੋਂ ਗੋਇੰਦਵਾਲ ਤਕ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ- ਭਾਈ ਚਾਵਲਾ

ਸ੍ਰੀ ਅਨੰਦਪੁਰ ਸਾਹਿਬ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਿਮਾਣਿਆ ਦੇ ਮਾਣ ਨਿਤਾਣਿਆਂ ਦੇ ਤਾਣ ਸਾਹਿਬ ਸ੍ਰੀ ਗੁਰੂ ਅਮਰ ਦਾਸ ਜੀ ਦੇ ਜੋਤੀ ਜੋਤ ਅਤੇ ਸ੍ਰੀ ਗੁਰੂ ਰਾਮ ਦਾਸ ਜੀ ਦੀ ਗੁਰਤਾ ਗੱਦੀ ਦੇ450 ਸਾਲਾ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵਲੋਂ 7 ਸਤੰਬਰ ਨੂੰ ਇਕ ਵਿਸ਼ਾਲ ਨਗਰ ਕੀਰਤਨ ਸ੍ਰੀ ਆਨੰਦਪੁਰ ਸਾਹਿਬ ਤੋ ਗੋਇੰਦਵਾਲ ਸਾਹਿਬ ਤਕ ਸਜਾਇਆ ਜਾ ਰਿਹਾ ਹੈ।ਪ੍ਰੈਸ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਜੁਗੋ ਜੁੱਗ ਅਟਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਦੀ ਰਹਿਨਮਈ ਹੇਠ ਇਹ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਤੋ ਗੜ੍ਹਸ਼ੰਕਰ, ਫਗਵਾੜਾ, ਜਲੰਧਰ, ਕਰਤਾਰਪੁਰ,ਕਪੂਰਥਲਾ ਤੋਂ ਹੁੰਦਾ ਹੋਇਆ ਸ੍ਰੀ ਗੋਇੰਦਵਾਲ ਸਾਹਿਬ ਪੁੱਜੇਗਾ।

ਭਾਈ ਚਾਵਲਾ ਨੇ ਦੱਸਿਆ ਕਿ ਇਸ ਨਗਰ ਕੀਰਤਨ ਵਿਚ ਸ਼ਬਦੀ ਜਥੇ,ਗੱਤਕਾ ਟੀਮਾ ਅਤੇ ਬੈਂਡ ਆਦਿ ਸ਼ਾਮਿਲ ਕੀਤੇ ਜਾਣਗੇ। ਇਸ ਮੌਕੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ,ਬਾਬਾ ਜਰਨੈਲ ਸਿੰਘ,ਮੈਨੇਜਰ ਮਲਕੀਅਤ ਸਿੰਘ, ਐਡ ਹਰਦੇਵ ਸਿੰਘ,ਜਥੇਦਾਰ ਰਾਮ ਸਿੰਘ, ਜਰਨੈਲ ਸਿੰਘ ਗੁੰਬਰ, ਸਤਨਾਮ ਸਿੰਘ ਝੱਜ, ਬਾਬਾ ਅਮਨਦੀਪ ਸਿੰਘ, ਸੁਖਬੀਰ ਸਿੰਘ ਕਲਮਾ, ਦਵਿੰਦਰ ਸਿੰਘ ਢਿਲੋਂ, ਗੁਰਜੀਤ ਸਿੰਘ ਰਾਏਪੁਰ ਸਾਹਨੀ, ਦਵਿੰਦਰ ਸਿੰਘ ਰਾਣਾ,ਮਨਿੰਦਰ ਪਾਲ ਸਿੰਘ ਮਨੀ, ਭੁਪਿੰਦਰ ਸਿੰਘ, ਚਰਨਜੀਤ ਸਿੰਘ ਕਲੇਤਾ ਆਦਿ ਹਾਜਰ ਸਨ।

'ਪਾਪਰਾ ਐਕਟ 1995' ਵਿੱਚ ਸੋਧ ਨਾਲ ਸੂਬੇ ਦੀ ਆਰਥਿਕਤਾ ਨੂੰ ਹੁਲਾਰਾ ਅਤੇ ਆਮ ਲੋਕਾਂ ਨੂੰ ਰਾਹਤ ਮਿਲੇਗੀ: ਵਿੱਤ ਮੰਤਰੀ ਹਰਪਾਲ ਸਿੰਘ ਚੀਮਾ

ਚੰਡੀਗੜ੍ਹ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 (ਪਾਪਰਾ ਐਕਟ 1995) ਵਿੱਚ ਪੇਸ਼ ਕੀਤੀ ਗਈ ਸੋਧ ਨੂੰ ਪੰਜਾਬ ਦੀ ਆਰਥਿਕਤਾ ਨੂੰ ਸੁਧਾਰਨ ਅਤੇ ਆਮ ਲੋਕਾਂ ਨੂੰ ਰਾਹਤ ਪ੍ਰਦਾਨ ਵੱਲ ਇੱਕ ਅਹਿਮ ਕਦਮ ਕਰਾਰ ਦਿੰਦਿਆਂ ਇਸ ਦੀ ਸ਼ਲਾਘਾ ਕੀਤੀ।

ਪੰਜਾਬ ਵਿਧਾਨ ਸਭਾ ਵਿੱਚ ਇਸ ਸੋਧ ਦੇ ਹੱਕ ਵਿੱਚ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਸੋਧ ਪੰਜਾਬ ਦੇ ਉਨ੍ਹਾਂ ਲੋਕਾਂ ਨੂੰ ਰਾਹਤ ਪਹੁੰਚਾਉਣ ਵੱਲ ਇੱਕ ਵੱਡਾ ਕਦਮ ਹੈ, ਜਿੰਨ੍ਹਾਂ ਨੂੰ 31 ਜੁਲਾਈ, 2024 ਤੋਂ ਪਹਿਲਾਂ ਲਿਖਤੀ ਸਮਝੌਤੇ ਤਹਿਤ ਖਰੀਦੇ ਗਏ ਆਪਣੇ ਛੋਟੇ-ਛੋਟੇ ਪਲਾਟਾਂ ਲਈ ਹੁਣ ਐਨ.ਓ.ਸੀ ਦੀ ਪ੍ਰਕਿਰਿਆ ਦਾ ਬੋਝ ਨਹੀਂ ਸਹਨਾ ਪਵੇਗਾ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਆਮ ਲੋਕਾਂ ਬਾਰੇ ਸੋਚਣ ਅਤੇ ਇਹ ਸੋਧ ਲਿਆਉਣ ਲਈ ਧੰਨਵਾਦ ਕਰਦੇ ਹਨ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ 1995 ਵਿੱਚ ਬਣੇ ਪਾਪਰਾ ਐਕਟ ਦਾ ਉਦੇਸ਼ ਅਣਅਧਿਕਾਰਤ ਕਲੋਨੀਆਂ ਨੂੰ ਰੋਕਣਾ ਸੀ, ਪਰ ਕਾਂਗਰਸ ਅਤੇ ਅਕਾਲੀ-ਭਾਜਪਾ ਦੀ ਅਗਵਾਈ ਵਾਲੀਆਂ ਪਿਛਲੀਆਂ ਸਰਕਾਰਾਂ ਦੀਆਂ ਨਾਕਾਮੀਆਂ ਕਾਰਨ ਇਹ ਨਜਾਇਜ਼ ਕਲੋਨੀਆਂ ਵੱਡੇ ਪੱਧਰ 'ਤੇ ਫੈਲ ਗਈਆਂ ਜਿੰਨ੍ਹਾਂ ਵਿੱਚ ਪਾਣੀ ਦੀ ਸਪਲਾਈ, ਸੀਵਰੇਜ ਅਤੇ ਲੋੜੀਂਦੇ ਚੌੜੇ ਰਸਤਿਆਂ ਵਰਗੀਆਂ ਬੁਨਿਆਦੀ ਸਹੂਲਤਾਂ ਵੀ ਨਹੀਂ ਹਨ। ਉਨ੍ਹਾਂ ਕਿਹਾ ਕਿ ਇਹ ਕਲੋਨੀਆਂ ਧੋਖੇਬਾਜ਼ ਗਤੀਵਿਧੀਆਂ ਦਾ ਅੱਡਾ ਬਣੀਆਂ ਹੋਈਆਂ ਹਨ, ਜਿੱਥੇ ਭੋਲੇ-ਭਾਲੇ ਲੋਕਾਂ ਨੂੰ ਗੁੰਮਰਾਹ ਕਰਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ।

ਵਿੱਤ ਮੰਤਰੀ ਨੇ ਕਿਹਾ ਕਿ ਇਸ ਸੋਧ ਦੇ ਨਾਲ 500 ਗਜ਼ ਤੱਕ ਦੇ ਪਲਾਟਾਂ ਨੂੰ ਹੁਣ ਐਨ.ਓ.ਸੀ ਦੀ ਲੋੜ ਨਹੀਂ ਹੋਵੇਗੀ ਅਤੇ ਉਹ ਬਿਨਾਂ ਕਿਸੇ ਮੁਸ਼ਕਲ ਦੇ ਬਿਜਲੀ ਕੁਨੈਕਸ਼ਨ, ਸੀਵਰੇਜ ਅਤੇ ਰਜਿਸਟਰੀ ਵਰਗੀਆਂ ਬੁਨਿਆਦੀ ਲੋੜਾਂ ਪੂਰੀਆਂ ਕਰ ਸਕਣਗੇ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਸਰਕਾਰੀ ਖਜ਼ਾਨੇ ਲਈ ਮਾਲੀਆ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਸਰਕਾਰ ਵੱਲੋਂ ਇਨ੍ਹਾਂ ਕਲੋਨੀਆਂ ਵਿੱਚ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕੀਤਾ ਜਾਵੇਗਾ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਹ ਪੰਜਾਬ ਦੇ ਇਤਿਹਾਸ ਵਿੱਚ ਇੱਕ ਵੱਡਾ ਫੈਸਲਾ ਹੈ ਅਤੇ ਇਸ ਨਾਲ ਉਨ੍ਹਾਂ ਲੋਕਾਂ ਨੂੰ ਰਾਹਤ ਮਿਲੇਗੀ ਜੋ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ ਲਈ ਸੰਘਰਸ਼ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇੰਨ੍ਹਾਂ ਪਲਾਟਾਂ ਦੀਆਂ ਰਜਿਸਟਰੀਆਂ ਹੋਣ ਨਾਲ ਸੂਬੇ ਦੇ ਖਜਾਨੇ ਵਿੱਚ ਮਾਲੀਆ ਵੀ ਪ੍ਰਾਪਤ ਹੋਵੇਗਾ।

ਜੱਗੂ ਭਗਵਾਨਪੁਰੀਆ ਦਾ ਨੇੜਲਾ ਸਾਥੀ ਕਨੂੰ ਗੁੱਜਰ ਮੁਕਾਬਲੇ ਪਿੱਛੋਂ ਗ੍ਰਿਫ਼ਤਾਰ

ਜਲੰਧਰ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਅਤਿ ਨੇੜਲੇ ਸਾਥੀ ਕਨੂੰ ਗੁੱਜਰ ਨੂੰ ਮੰਗਲਵਾਰ ਨੂੰ ਜਲੰਧਰ ਪੁਲੀਸ ਨੇ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ ਹੈ।

ਪੁਲੀਸ ਪਾਰਟੀ ਦੀ ਜਵਾਬੀ ਗੋਲੀਬਾਰੀ 'ਚ ਕਨੂੰ ਗੁੱਜਰ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਿਆ।

ਪੁਲੀਸ ਨੂੰ ਸੂਚਨਾ ਮਿਲੀ ਸੀ ਕਿ ਕਨੂੰ ਗੁੱਜਰ ਸ਼ਹਿਰ 'ਚ ਮੌਜੂਦ ਹੈ ਜਿਸ ਤੋਂ ਬਾਅਦ ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਵਾਲੀ ਟੀਮ ਨੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਮੁਲਜ਼ਮ ਨੂੰ ਕਾਬੂ ਕਰ ਲਿਆ।

ਕਾਰਵਾਈ ਦੌਰਾਨ ਗੁੱਜਰ ਨੇ ਕਥਿਤ ਤੌਰ 'ਤੇ ਗੋਲੀ ਚਲਾ ਦਿੱਤੀ, ਜਿਸ ਨਾਲ ਪੁਲੀਸ ਦੀ ਜਵਾਬੀ ਕਾਰਵਾਈ ਵਿਚ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਕਨੂੰ ਗੁੱਜਰ ਕਤਲ, ਜਬਰੀ ਵਸੂਲੀ ਅਤੇ ਧੌਂਸਬਾਜ਼ੀ ਸਮੇਤ ਘਿਨਾਉਣੇ ਅਪਰਾਧਾਂ ਦੇ ਕਈ ਮਾਮਲਿਆਂ ਵਿੱਚ ਲੋੜੀਂਦਾ ਸੀ। ਮੁੱਠਭੇੜ ਦੌਰਾਨ ਦੋਵਾਂ ਪਾਸਿਆਂ ਤੋਂ ਕੁੱਲ 9 ਗੋਲੀਆਂ ਚਲਾਈਆਂ ਗਈਆਂ। ਮੌਕੇ ਤੋਂ 2 ਹਥਿਆਰ ਬਰਾਮਦ ਕੀਤੇ ਗਏ ਹਨ।

ਗੁਰੂ ਘਰ ਦੇ ਬਾਹਰ ਨੌਜਵਾਨ ਕੁੜੀ ਸਣੇ ਤਿੰਨ ਜਣਿਆਂ ਦਾ ਕਤਲ, ਇਕ ਮਹੀਨੇ ਬਾਅਦ ਸੀ ਵਿਆਹ

ਫਿਰੋਜ਼ਪੁਰ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਫਿਰੋਜ਼ਪੁਰ ਦੇ ਗੁਰਦੁਆਰਾ ਅਕਾਲਗੜ੍ਹ ਸਾਹਿਬ ਦੇ ਬਾਹਰ ਕਾਰ ਵਿਚ ਸਵਾਰ ਹੋ ਕੇ ਜਾ ਰਹੇ ਤਿੰਨ ਲੋਕਾਂ ਦਾ ਅੰਨ੍ਹੇਵਾਹ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਮਿਲੀ ਜਾਣਕਾਰੀ ਮੁਤਾਬਕ ਮੋਟਰਸਾਈਕਲ 'ਤੇ ਆਏ ਹਮਲਾਵਰਾਂ ਵਲੋਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਮ੍ਰਿਤਕਾਂ ਵਿਚ ਇਕ ਲੜਕੀ ਸ਼ਾਮਲ ਹੈ। ਮ੍ਰਿਤਕਾਂ ਦੀ ਪਛਾਣ ਕੰਬੋਜ ਨਗਰ ਦੇ ਦਿਲਪ੍ਰੀਤ ਸਿੰਘ, ਅਕਾਸ਼ਦੀਪ ਸਿੰਘ ਅਤੇ ਜਸਪ੍ਰੀਤ ਕੌਰ ਵਜੋਂ ਹੋਈ ਹੈ। ਇਸ ਵਾਰਦਾਤ ਵਿਚ ਕਾਰ ਸਵਾਰ ਦੋ ਹੋਰ ਲੋਕ ਜ਼ਖ਼ਮੀ ਹੋਏ ਹਨ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ

ਜੀਵਨ ਵਿੱਚ ਅਧਿਆਪਕ ਦਾ ਰੋਲ ਅਹਿਮ : ਹਰਚੰਦ ਸਿੰਘ ਬਰਸਟ

➢ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਨੇ ਅਧਿਆਪਕ ਦਿਵਸ ਨੂੰ ਸਮਰਪਿਤ ਡੀ.ਏ.ਵੀ. ਸਕੂਲ ਵਿਖੇ ਕਰਵਾਇਆ ਵਿਸ਼ੇਸ਼ ਪ੍ਰੋਗਰਾਮ ➢ ਅਧਿਆਪਕਾਂ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ

ਪਟਿਆਲਾ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਡੀ.ਏ.ਵੀ. ਸਕੂਲ, ਭੁਪਿੰਦਰਾ ਰੋਡ ਵਿਖੇ ਅਧਿਆਪਕ ਦਿਵਸ ਨੂੰ ਸਮਰਪਿਤ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਸਾਰੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀ ਵਧਾਈ ਦਿੱਤੀ ਅਤੇ ਵਿਦਿਆਰਥੀ ਜੀਵਨ ਵਿੱਚ ਅਧਿਆਪਕ ਦੇ ਮਹੱਤਵ ਤੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਕਿਸੇ ਵੀ ਮਨੁੱਖ ਨੂੰ ਜੀਵਨ ਵਿੱਚ ਸਹੀ ਰਾਹ ਵਿਖਾਉਣ ਵਾਲਾ ਕੇਵਲ ਅਧਿਆਪਕ ਹੀ ਹੁੰਦਾ ਹੈ। ਅਧਿਆਪਕ ਬੱਚੇ ਨੂੰ ਚੰਗੀ ਸਿੱਖਿਆ ਦੇ ਕੇ ਜੀਵਨ ਵਿੱਚ ਕਾਮਯਾਬ ਬਣਾਉਂਦੇ ਹਨ। ਸਮਾਜ ਦੇ ਕਿਸੇ ਵੀ ਖੇਤਰ ਵਿੱਚ ਚੰਗੀ ਪ੍ਰਾਪਤੀ ਕਰਨ ਮਗਰੋਂ ਜੋ ਮਾਨ ਮਹਿਸੂਸ ਹੁੰਦਾ ਹੈ, ਉਹ ਕੇਵਲ ਇੱਕ ਅਧਿਆਪਕ ਦੀ ਚੰਗੀ ਸਿੱਖਿਆ ਦਾ ਹੀ ਨਤੀਜਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜ਼ਿੰਦਗੀ ਬਹੁਤ ਛੋਟੀ ਹੈ, ਰੱਬ ਨੇ ਜਿੰਨੇ ਵੀ ਸਾਂਹ ਸਾਨੂੰ ਬਖਸ਼ੇ ਹਨ, ਉਸ ਨੂੰ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਲਗਾਉਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਵਾਤਾਵਰਨ ਵਿੱਚ ਪ੍ਰਦੂਸ਼ਨ ਦੀ ਰੋਕਥਾਮ ਅਤੇ ਪੰਜਾਬ ਰਾਜ ਵਿੱਚ ਹਰਿਆਲੀ ਵਧਾਉਣ ਦੇ ਉਦੇਸ਼ ਨਾਲ ਪੰਜਾਬ ਮੰਡੀ ਬੋਰਡ ਵੱਲੋਂ ਸ਼ਹੀਦ ਭਗਤ ਸਿੰਘ ਹਰਿਆਵਲ ਮੁਹਿੰਮ ਤਹਿਤ ਸਾਲ 2023-24 ਦੌਰਾਨ ਪੰਜਾਬ ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ 30 ਹਜਾਰ ਬੂਟੇ ਲਗਾਉਣ ਦੇ ਆਪਣੇ ਟੀਚੇ ਨੂੰ ਪਾਰ ਕਰਦਿਆਂ ਹੋਇਆ 33000 ਤੋਂ ਵੱਧ ਪੌਦੇ ਲਗਾਏ ਗਏ ਸਨ ਅਤੇ ਇਸ ਸੀਜਨ ਵਿੱਚ 35 ਹਜਾਰ ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ ਤੇ ਹੁਣ ਤੱਕ ਕਰੀਬ 50 ਹਜਾਰ ਪੌਦੇ ਲਗਾਏ ਜਾ ਚੁੱਕੇ ਹਨ। ਉਨ੍ਹਾਂ ਸਾਰਿਆਂ ਨੂੰ ਆਪਣੇ ਆਲੇ-ਦੁਆਲੇ ਪੰਜ-ਪੰਜ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਪ੍ਰੇਰਿਤ ਕੀਤਾ। ਸ. ਬਰਸਟ ਨੇ ਸੋਸਾਇਟੀ ਵੱਲੋਂ ਪੋਲੀਥੀਨ ਖਿਲਾਫ਼ ਚਲਾਏ ਅਭਿਆਨ ਦੀ ਸ਼ਲਾਘਾ ਕੀਤੀ ਅਤੇ ਸਾਰਿਆਂ ਨੂੰ ਕਾਗਜ, ਕੱਪੜੇ ਜਾਂ ਜੂਟ ਦੇ ਬਣੇ ਥੈਲੀਆਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਚੰਗੀ ਕਾਰਗੁਜਾਰੀ ਕਰਨ ਵਾਲੇ 30 ਅਧਿਆਪਕਾਂ ਅਤੇ 26 ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਵਿਜੇ ਕੁਮਾਰ ਗੋਇਲ, ਜਨਰਲ ਸਕੱਤਰ ਡਾ. ਪੁਰਸ਼ੋਤਮ ਗੋਇਲ, ਵਿੱਤ ਸਕੱਤਰ ਕਮਲ ਗੋਇਲ ਸਮੇਤ ਹੋਰ ਵੀ ਮੈਂਬਰ ਮੌਜੂਦ ਰਹੇ।

ਕਿਸੇ ਦੇ ਵਪਾਰ ਲਈ ਪਾਰਟੀ ਨੂੰ ਕੁਰਬਾਨ ਨਹੀਂ ਹੋਣ ਦਿਆਂਗੇ: ਹਰਜੀਤ ਗਰੇਵਾਲ

ਮੀਡੀਆ ਨਾਲ ਗੱਲਬਾਤ ਕਰਦੇ ਹੋਏ ਹਰਜੀਤ ਗਰੇਵਾਲ।

ਚੰਡੀਗੜ੍ਹ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਭਾਜਪਾ ਦੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕਿਸੇ ਦੇ ਵਪਾਰ ਲਈ ਪਾਰਟੀ ਨੂੰ ਕੁਰਬਾਨ ਨਹੀਂ ਹੋਣ ਦਿੱਤਾ ਜਾਵੇਗਾ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੰਗਨਾ ਰਣੌਤ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ, "ਸੰਸਦ ਮੈਂਬਰ ਬਣਨ ਨਾਲ ਕੋਈ ਆਗੂ ਨਹੀਂ ਬਣ ਜਾਂਦਾ। ਹਰ ਸੰਸਦ ਮੈਂਬਰ ਜਾਂ ਵਿਧਾਇਕ ਆਗੂ ਨਹੀਂ ਹੁੰਦਾ। ਪਾਰਟੀ ਦੀ ਵਿਚਾਰਧਾਰਾ ਨਾਲ ਇੱਕ ਦਿਨ 'ਚ ਨਹੀਂ ਜੁੜਿਆ ਜਾਂਦਾ, ਇਸ ਲਈ ਕਈ-ਕਈ ਸਾਲ ਲੱਗ ਜਾਂਦੇ ਹਨ।" ਉਨ੍ਹਾਂ ਕਿਹਾ ਕਿ ਕੰਗਨਾ ਰਣੌਤ ਦੇ ਬਿਆਨ ਦਾ ਉਹ ਪਹਿਲੇ ਦਿਨ ਤੋਂ ਵਿਰੋਧ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸੇ ਦੇ ਵਪਾਰ ਲਈ ਪਾਰਟੀ ਨੂੰ ਕੁਰਬਾਨ ਨਹੀਂ ਹੋਣ ਦਿੱਤਾ ਜਾਵੇਗਾ। ਫਿਲਮ ਬਣਾਉਣੀ ਅਦਾਕਾਰਾ ਦੇ ਹੱਥ ਜਦਕਿ ਫਿਲਮ ਪਾਸ ਕਰਨੀ ਜਾਂ ਨਹੀਂ ਕਰਨੀ ਸੈਂਸਰ ਬੋਰਡ ਦੇ ਹੱਥ ਹੈ। ਇਸ ਨਾਲ ਪਾਰਟੀ ਦਾ ਕੋਈ ਸਬੰਧ ਨਹੀਂ। ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਖਾਲਸਾ ਤੇ ਪੰਜਾਬ ਦੇ ਖ਼ਿਲਾਫ਼ ਬੋਲੇਗਾ ਭਾਜਪਾ ਵੱਲੋਂ ਉਸ ਦਾ ਵਿਰੋਧ ਜਾਰੀ ਰਹੇਗਾ।

ਗਰੇਵਾਲ ਨੇ ਕਿਹਾ ਕਿ ਭਾਜਪਾ ਹਾਈਕਮਾਂਡ ਨੇ ਕੰਗਨਾ ਨੂੰ ਫਟਕਾਰ ਲਾਈ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਸਾਨੀ ਅੰਦੋਲਨ ਬਾਰੇ ਕਿਹਾ ਕਿ ਅੰਦੋਲਨ ਖਤਮ ਹੋਣ ਤੋਂ ਪਹਿਲਾਂ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਮੰਨ ਲਈਆਂ ਗਈਆਂ ਸਨ ਪਰ ਕੁਝ ਲੋਕਾਂ ਨੇ ਅੰਦੋਲਨ ਖਤਮ ਨਹੀਂ ਹੋਣ ਦਿੱਤਾ। ਉਨ੍ਹਾਂ ਅੱਜ ਦੁਹਰਾਇਆ ਕਿ ਤਿੰਨੋਂ ਖੇਤੀ ਕਾਨੂੰਨ ਚੰਗੇ ਸਨ ਪਰ ਭਾਜਪਾ ਕਿਸਾਨਾਂ ਨੂੰ ਸਮਝਾਉਣ ਵਿੱਚ ਨਾਕਾਮ ਰਹੀ। ਇਸੇ ਕਰਕੇ ਪ੍ਰਧਾਨ ਮੰਤਰੀ ਨੇ ਤਿੰਨੋਂ ਖੇਤੀ ਕਾਨੂੰਨ ਵਾਪਸ ਲੈ ਲਏ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਕਿਸਾਨ ਇਗ ਤਿੰਨੋਂ ਖੇਤੀ ਕਾਨੂੰਨ ਲਾਗੂ ਕਰਨ ਦੀ ਮੰਗ ਜ਼ਰੂਰ ਕਰਨਗੇ। ਗਰੇਵਾਲ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਨਿੱਜੀ ਹਿੱਤਾਂ ਲਈ ਪਾਰਟੀ ਨੂੰ ਦਾਅ 'ਤੇ ਲਗਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਗਲਤੀਆਂ ਕਰਕੇ ਅੰਮ੍ਰਿਤਪਾਲ ਸਿੰਘ ਤੇ ਸਰਬਜੀਤ ਸਿੰਘ ਖਾਲਸਾ ਲੋਕ ਸਭਾ ਚੋਣ ਜਿੱਤੇ ਸਨ।

'84 ਕਤਲੇਆਮ ਦੇ ਸਾਰੇ ਦੋਸ਼ੀ ਜਲਦੀ ਸਲਾਖਾਂ ਪਿੱਛੇ ਹੋਣਗੇ: ਗਰੇਵਾਲ

ਭਾਜਪਾ ਦੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ 1984 ਕਤਲੇਆਮ ਦੇ ਅਸਲ ਦੋਸ਼ੀ ਛੇਤੀ ਹੀ ਸਲਾਖਾਂ ਪਿੱਛੇ ਹੋਣਗੇ। ਮੋਦੀ ਸਰਕਾਰ ਸਿੱਖ ਨਸਲਕੁਸ਼ੀ ਕਰਨ ਵਾਲਿਆਂ ਖ਼ਿਲਾਫ਼ ਚੁਣ-ਚੁਣ ਕੇ ਕੇਸ ਚਲਾਏਗੀ। ਉਨ੍ਹਾਂ ਕਿਹਾ ਕਿ ਕਾਂਗਰਸ 1984 ਦੇ ਦੋਸ਼ੀਆਂ ਨੂੰ ਮੰਤਰੀ ਦੇ ਅਹੁਦੇ ਦੇ ਕੇ ਸਨਮਾਨਤ ਕਰਦੀ ਰਹੀ ਹੈ ਪਰ ਮੋਦੀ ਸਰਕਾਰ ਦੋਸ਼ੀਆਂ ਨੂੰ ਸਜ਼ਾ ਦਿਵਾ ਰਹੀ ਹੈ।

ਵਿਧਾਇਕ ਗਰੇਵਾਲ ਤੇ ਚੇਅਰਮੈਨ ਭਿੰਡਰ ਵੱਲੋਂ ਡੇਅਰੀ ਕੰਪਲੈਕਸ 'ਚ ਬਣੇ ਕਮਿਊਨਿਟੀ ਸੈਂਟਰ ਦਾ ਉਦਘਾਟਨ

ਲੁਧਿਆਣਾ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਨ ਸਭਾ ਹਲਕਾ ਲੁਧਿਆਣਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਤਰਸੇਮ ਸਿੰਘ ਭਿੰਡਰ ਵੱਲੋਂ ਅੱਜ ਤਾਜਪੁਰ ਰੋਡ ਦੇ ਡੇਅਰੀ ਕੰਪਲੈਕਸ ਵਿਖੇ ਕਰੀਬ ਸਵਾ ਦੋ ਕਰੋੜ ਦੀ ਲਾਗਤ ਨਾਲ ਤਿਆਰ ਹੋਏ ਕਮਿਊਨਿਟੀ ਸੈਂਟਰ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗਰੇਵਾਲ ਅਤੇ ਚੇਅਰਮੈਨ ਭਿੰਡਰ ਨੇ ਸਾਂਝੇ ਤੌਰ 'ਤੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਟੀਚਾ ਸੂਬਾ ਵਾਸੀਆਂ ਨੂੰ ਹਰ ਤਰ੍ਹਾਂ ਦੀਆਂ ਮੁਢਲੀਆਂ ਸਹੂਲਤਾਂ ਦੇ ਨਾਲ-ਨਾਲ ਸੂਬੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਇਸੇ ਲੜੀ ਤਹਿਤ ਅੱਜ ਹਲਕਾ ਪੂਰਬੀ ਦੇ ਡੇਅਰੀ ਕੰਪਲੈਕਸ ਤਾਜਪੁਰ ਰੋਡ ਵਿਖੇ ਨਵੇਂ ਬਣੇ ਕਮਿਊਨਿਟੀ ਸੈਂਟਰ ਦਾ ਉਦਘਾਟਨ ਕੀਤਾ ਗਿਆ ਹੈ, ਜਿਸ ਦਾ ਹਲਕਾ ਵਾਸੀਆਂ ਨੂੰ ਵੱਡਾ ਲਾਹਾ ਮਿਲੇਗਾ।

ਉਨ੍ਹਾਂ ਕਿਹਾ ਕਿ ਕਮਿਊਨਿਟੀ ਸੈਂਟਰ ਦਾ ਇਹ ਪ੍ਰੋਜੈਕਟ ਮੁਕੰਮਲ ਹੋਣ ਤੋਂ ਬਾਅਦ ਹਲਕਾ ਨਿਵਾਸੀਆਂ ਨੂੰ ਸਮਰਪਿਤ ਕੀਤਾ ਗਿਆ ਹੈ। ਹਲਕਾ ਨਿਵਾਸੀ ਵਿਆਹ-ਸ਼ਾਦੀਆਂ ਅਤੇ ਆਪਣੇ ਘਰੇਲੂ ਸਮਾਗਮ ਤੋਂ ਇਲਾਵਾ ਬੈਠਕਾਂ ਵੀ ਕਰ ਸਕਦੇ ਹਨ। ਵਾਹਨਾਂ ਦੀ ਪਾਰਕਿੰਗ ਲਈ ਵੀ ਵਿਸ਼ੇਸ਼ ਸੁਵਿਧਾ ਉਪਲਬਧ ਕਰਵਾਈ ਗਈ ਹੈ।

ਗਰੇਵਾਲ ਅਤੇ ਭਿੰਡਰ ਨੇ ਸਮੂਹ ਹਲਕਾ ਨਿਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਪੂਰਬੀ ਅੰਦਰ ਹੋਰ ਕਈ ਨਵੇਂ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ.

ਇਲਾਕਾ ਨਿਵਾਸੀਆਂ ਨੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਅਤੇ ਐਲ.ਆਈ.ਟੀ. ਦੇ ਚੇਅਰਮੈਨ ਤਰਸੇਮ ਸਿੰਘ ਭਿੰਡਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਮਿਊਨਿਟੀ ਸੈਂਟਰ ਦਾ ਬਣਨਾ ਆਮ ਲੋਕਾਂ ਲਈ ਇੱਕ ਅਨਮੋਲ ਤੋਹਫਾ ਹੈ, ਕਿਉਂਕਿ ਕਮਿਊਨਿਟੀ ਸੈਂਟਰ ਵਿੱਚ ਆਮ ਲੋਕਾਂ ਨੂੰ ਵਿਆਹ ਸ਼ਾਦੀ ਜਾਂ ਹੋਰ ਪ੍ਰੋਗਰਾਮ ਕਰਵਾਉਣ ਲਈ ਜਿੱਥੇ ਘੱਟ ਪੈਸੇ ਖਰਚਣੇ ਪੈਣਗੇ ਉੱਥੇ ਹੀ ਵਧੀਆ ਸਹੂਲਤ ਵੀ ਮਿਲੇਗੀ। ਇਸ ਮੌਕੇ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ, ਨਿਧੀ ਗੁਪਤਾ, ਵਿਪਨ ਵੈਦ, ਬਿੱਟੂ ਅਰੋੜਾ, ਅਮਰ ਮਕੌੜੀ, ਸੁਰਜੀਤ ਠੇਕੇਦਾਰ, ਲਖਵਿੰਦਰ ਲੱਖਾ, ਮਹਾਵੀਰ ਕੁਮਾਰ, ਰਣਜੀਤ ਰਾਣਾ, ਕਮਲ ਮਿਗਲਾਨੀ, ਸੰਜੂ ਸ਼ਰਮਾ, ਦਰਸ਼ਨ ਚਾਵਲਾ ਅਤੇ ਵਿਧਾਇਕ ਪੀ.ਏ. ਗੁਸ਼ਰਨਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

ਹਲਕਾ ਅਮਲੋਹ ਨੂੰ ਵਿਕਾਸ ਪੱਖੋਂ ਮੋਹਰੀ ਬਣਾਵਾਂਗੇ: ਵੜਿੰਗ

ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਦੇ ਹੋਏ ਵਿਧਾਇਕ ਗੁਰਿੰਦਰ ਸਿੰਘ ਗੈਰੀ ਵੜਿੰਗ।

ਅਮਲੋਹ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਿੰਡ ਸਲਾਣਾ ਦੁੱਲਾ ਸਿੰਘ ਵਾਲਾ ਵਿੱਚ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਵੱਖ-ਵੱਖ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਹਲਕਾ ਅਮਲੋਹ ਦੇ ਪਿੰਡਾਂ ਨੂੰ ਸ਼ਹਿਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਤੇ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਬਣਾਇਆ ਜਾਵੇਗਾ। ਉਨ੍ਹਾਂ ਗੂੰਗਾ ਮਾੜੀ ਨੂੰ ਜਾਂਦੇ ਕੱਚੇ ਰਸਤੇ ਨੂੰ ਪੱਕੇ ਕਰਨ ਦਾ ਨੀਂਹ ਪੱਥਰ ਵੀ ਰੱਖਿਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਵਿੱਚ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇਗੀ।

ਇਸ ਮੌਕੇ ਟਰਾਂਸਪੋਰਟ ਵਿੰਗ ਦੇ ਸੂਬਾ ਵਾਈਸ ਪ੍ਰਧਾਨ ਸ਼ਿੰਗਾਰਾ ਸਿੰਘ ਸਲਾਣਾ, ਅਵਤਾਰ ਮੁਹੰਮਦ ਟੈਣੀ, ਤਰਸੇਮ ਕੋਟਲੀ, ਸੁਖਵਿੰਦਰ ਸਿੰਘ ਸਲਾਣਾ, ਅਮਨਦੀਪ ਸਿੰਘ ਲੱਲੋ, ਸਾਬਕਾ ਸਰਪੰਚ ਹਾਕਮ ਸਿੰਘ, ਜਸਵੰਤ ਤਗਰਾਲਾ, ਜਿੰਮੀ ਲਾਡਪੁਰ, ਰਜਿੰਦਰ ਸਿੰਘ ਟਿੱਬੀ, ਲੱਕੀ ਭਲਵਾਨ ਸਲਾਣਾ, ਪਿਆਰਾ ਸਿੰਘ ਨੰਬਰਦਾਰ, ਕੁਲਦੀਪ ਸਿੰਘ ਸਲਾਣਾ, ਰਣਜੀਤ ਸਿੰਘ ਜੀਤੂ, ਕਰਮ ਸਿੰਘ ਭਾਂਬਰੀ, ਰਫ਼ੀਕ ਮੁਹੰਮਦ, ਸਾਬਕਾ ਚੇਅਰਮੈਨ ਪ੍ਰਤਾਪ ਸਿੰਘ ਬੈਣੀ ਜੈਰ, ਪ੍ਰਦੀਪ ਸਿੰਘ ਕੰਜਾਰੀ, ਗੁਰਵਿੰਦਰ ਟਿੱਬੀ ਅਤੇ ਇੰਦਰ ਸਲਾਣਾ ਆਦਿ ਮੌਜੂਦ ਸਨ।

ਐੱਨ.ਓ.ਸੀ. ਦੀ ਛੋਟ ਤੋਂ ਬਾਅਦ ਨਾਜਾਇਜ਼ ਕਾਲੋਨੀਆਂ ਕੱਟਣ ਵਾਲਿਆਂ ਖ਼ਿਲਾਫ਼ ਐਕਸ਼ਨ ਦੀ ਤਿਆਰੀ 'ਚ ਸਰਕਾਰ

ਪਟਿਆਲਾ, 4 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਐੱਨ.ਓ.ਸੀ. ਤੋਂ ਬਿਨਾਂ ਰਜਿਸਟਰੀ ਕਰਵਾਉਣ ਵਿਚ ਆ ਰਹੀ ਸਮੱਸਿਆ ਦਾ ਹੱਲ ਕਰਨ ਲਈ ਜਿਥੇ ਨਾਜਾਇਜ਼ ਕਾਲੋਨੀਆਂ 'ਚ ਸਥਿਤ 500 ਗਜ਼ ਤੱਕ ਦੇ ਪਲਾਟਧਾਰਕਾਂ ਨੂੰ ਰਾਹਤ ਦੇਣ ਦਾ ਫੈਸਲਾ ਕੀਤਾ ਗਿਆ ਹੈ, ਉਥੇ ਆਉਣ ਵਾਲੇ ਸਮੇਂ ਦੌਰਾਨ ਨਾਜਾਇਜ਼ ਕਾਲੋਨੀ ਬਣਾਉਣ ਵਾਲੇ ਲੋਕਾਂ ਖਿਲਾਫ ਵੀ ਸਖ਼ਤੀ ਵਧਾਉਣ ਦੀ ਯੋਜਨਾ ਬਣਾਈ ਗਈ ਹੈ।

ਇਸ ਸਬੰਧ 'ਚ ਪ੍ਰਸਤਾਵ ਨਾਜਾਇਜ਼ ਕਾਲੋਨੀਆਂ 'ਚ ਸਥਿਤ 500 ਗਜ਼ ਤੱਕ ਦੇ ਪਲਾਟ ਦੀ ਰਜਿਸਟਰੀ ਕਰਵਾਉਣ ਲਈ ਐੱਨ.ਓ.ਸੀ. ਤੋਂ ਛੋਟ ਦੇਣ ਦੀ ਸਿਫਾਰਿਸ਼ ਨਾਲ ਹੀ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਪੇਸ਼ ਕੀਤਾ ਜਾਵੇਗਾ। ਇਸ ਦਾ ਏਜੰਡਾ ਮੁੱਖ ਮੰਤਰੀ ਭਗਵੰਤ ਮਾਨ ਦੇ ਸਾਈਨ ਦੇ ਨਾਲ ਜਾਰੀ ਕਰ ਦਿੱਤਾ ਗਿਆ ਹੈ, ਜਿਸ ਦੇ ਮੁਤਾਬਕ ਨਾਜਾਇਜ਼ ਕਾਲੋਨੀਆਂ ਦਾ ਨਿਰਮਾਣ ਕਰਨ ਵਾਲੇ ਵਿਅਕਤੀ ਨੂੰ 25 ਲੱਖ ਤੋਂ ਲੈ ਕੇ 5 ਕਰੋੜ ਤੱਕ ਜੁਰਮਾਨਾ ਲਗਾਇਆ ਜਾ ਸਕਦਾ ਹੈ।

ਇਸੇ ਤਰ੍ਹਾਂ ਨਾਜਾਇਜ ਕਾਲੋਨੀ ਬਣਾਉਣ ਵਾਲਿਆਂ ਨੂੰ ਘੱਟ ਤੋਂ ਘੱਟ 5 ਸਾਲ ਅਤੇ 10 ਸਾਲ ਤੱਕ ਦੀ ਸਜ਼ਾ ਦੇਣ ਦਾ ਨਿਯਮ ਰੱਖਿਆ ਜਾਵੇਗਾ, ਜਿਸ ਦੇ ਲਈ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ 'ਚ ਸੋਧ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।

31 ਜੁਲਾਈ ਤੋਂ ਪਹਿਲਾਂ ਦੇ ਦਸਤਾਵੇਜ਼ਾਂ ਨਾਲ ਸਬੰਧਤ 500 ਗਜ਼ ਤੱਕ ਦੇ ਪਲਾਟਾਂ ਨੂੰ ਹੀ ਮਿਲੇਗੀ ਰਾਹਤ

ਜਿਥੋਂ ਤੱਕ ਸਰਕਾਰ ਵੱਲੋਂ ਰਜਿਸਟਰੀ ਕਰਵਾਉਣ ਲਈ ਐੱਨ.ਓ.ਸੀ. ਤੋਂ ਛੋਟ ਦੇਣ ਦਾ ਸਵਾਲ ਹੈ, ਉਸ ਫੈਸਲੇ ਦਾ ਫਾਇਦਾ ਸਿਰਫ ਨਾਜਾਇਜ਼ ਕਾਲੋਨੀਆਂ 'ਚ ਸਥਿਤ 500 ਗਜ਼ ਤੱਕ ਦੇ ਪਲਾਟਾਂ ਨੂੰ ਹੀ ਮਿਲੇਗਾ, ਜਿਸ ਦੇ ਲਈ ਸਬੰਧਤ ਪ੍ਰਾਪਰਟੀ ਦੀ 31 ਜੁਲਾਈ ਤੋਂ ਪਹਿਲਾਂ ਕੀਤੀ ਗਈ ਰਜਿਸਟਰੀ, ਪਾਵਰ ਆਫ ਅਟਾਰਨੀ ਜਾਂ ਖਰੀਦੋ-ਫਰੋਖਤ ਦੇ ਸਬੂਤ ਦੇ ਤੌਰ 'ਤੇ ਐਗਰੀਮੈਂਟ ਹੋਣਾ ਲਾਜ਼ਮੀ ਹੈ।

ਚੋਰਾਂ ਨੇ ਬੰਦ ਘਰ ਨੂੰ ਬਣਾਇਆ ਨਿਸ਼ਾਨਾ, ਨਕਦੀ ਸਣੇ ਹੋਰ

ਪੰਜਾਬ ਦੀ ਧਰਤੀ ਦੋ ਫ਼ਸਲੀ ਹੈ, ਜਿਸ ਦਾ ਅਰਥ ਹੈ ਕਿ ਇਕ ਖੇਤ ਵਿੱਚੋਂ ਸਾਲ 'ਚ ਘੱਟੋ ਘੱਟ ਦੋ ਫ਼ਸਲਾਂ ਲਈਆਂ ਜਾਂਦੀਆਂ ਹਨ। ਕਾਸ਼ਤ ਹੇਠ ਰਕਬੇ ਦੇ ਹਿਸਾਬ ਨਾਲ ਕਣਕ ਪਹਿਲੇ ਸਥਾਨ 'ਤੇ ਹੈ, ਦੂਜਾ ਝੋਨੇ ਦਾ ਅਤੇ ਤੀਜਾ ਸਥਾਨ ਕਪਾਹ-ਨਰਮੇ ਦਾ ਹੈ। ਚੌਥੀ ਥਾਂ 'ਤੇ ਮੱਕੀ, ਪੰਜਵੀਂ 'ਤੇ ਗੰਨਾ ਅਤੇ ਛੇਵੀਂ ਥਾਂ 'ਤੇ ਬਾਜਰੇ ਦੀ ਫ਼ਸਲ ਆਉਂਦੀ ਹੈ...

ਪੰਜਾਬ ਦੀਆਂ ਮੁੱਖ ਫ਼ਸਲਾਂ 2

ਚਿੱਟੇ ਚੌਲ ਜਿਨ੍ਹਾਂ ਨੇ ਪੁੰਨ ਕੀਤੇ

• ਡਾ. ਰਣਜੀਤ ਸਿੰਘ

ਚੌਲ ਭਾਵੇਂ ਪੰਜਾਬੀਆਂ ਦੀ ਮੁੱਖ ਖ਼ੁਰਾਕ ਨਹੀਂ ਹੈ ਪਰ ਹੁਣ ਉਹ ਸਾਉਣੀ ਦੀ ਮੁੱਖ ਫ਼ਸਲ ਬਣ ਗਈ ਹੈ। ਪਿਛਲੇ ਸਾਲ 29 ਲੱਖ ਹੈਕਟੇਅਰ 'ਚ ਚੌਲਾਂ ਦੀ ਕਾਸ਼ਤ ਕੀਤੀ ਗਈ। ਝੋਨੇ ਦੀਆਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਦੇ ਆਉਣ ਤੇ ਸਿੰਚਾਈ ਸਹੂਲਤਾਂ 'ਚ ਵਾਧੇ ਕਾਰਨ ਕਿਸਾਨਾਂ ਦਾ ਰੁਝਾਨ ਝੋਨੇ ਦੀ ਕਾਸ਼ਤ ਵੱਲ ਵਧਿਆ ਹੈ। ਇਹ ਫ਼ਸਲ ਦੂਜੀਆਂ ਫ਼ਸਲਾਂ ਦੇ ਮੁਕਾਬਲੇ ਘੱਟ ਸਮੇਂ 'ਚ ਸਭ ਤੋਂ ਵੱਧ ਝਾੜ ਦਿੰਦੀ ਹੈ ਤੇ ਘੱਟੋ ਘੱਟ ਸਮਰਥਨ ਮੁੱਲ 'ਤੇ ਝੋਨੇ ਦੀ ਖ਼ਰੀਦ ਲਈ ਸਰਕਾਰ ਦੀ ਵਚਨਬੱਧਤਾ ਕਾਰਨ ਵੀ ਚੌਲਾਂ ਦੀ ਪੈਦਾਵਾਰ 'ਚ ਇਨਕਲਾਬੀ ਵਾਧਾ ਹੋਇਆ ਹੈ। ਪੰਜਾਬ 'ਚ ਪਹਿਲਾਂ ਸਿਰਫ਼ ਇਕ ਲੱਖ ਟਨ ਚੌਲ ਪੈਦਾ ਹੁੰਦੇ ਸਨ। ਹੁਣ ਇਹ ਪੈਦਾਵਾਰ 118 ਲੱਖ ਟਨ ਤੋਂ ਵੱਧ ਹੈ।

ਸੱਭਿਆਚਾਰਕ ਅਹਿਮੀਅਤ

ਆਮ ਤੌਰ 'ਤੇ ਪੰਜਾਬੀ ਘਰਾਂ ਵਿਚ ਬਾਸਮਤੀ ਚੌਲਾਂ ਦੀ ਵਰਤੋਂ ਹੀ ਵਧੇਰੇ ਕੀਤੀ ਜਾਂਦੀ ਹੈ। ਚੌਲਾਂ ਦੀ ਪੁਲਾਓ ਜਾਂ ਜਰਦੇ (ਮਿੱਠੇ ਚੌਲਾਂ) ਦੇ ਰੂਪ 'ਚ ਵਰਤੋਂ ਹੁੰਦੀ ਹੈ। ਸੱਭਿਆਚਾਰ 'ਚ ਚੌਲਾਂ ਨੂੰ ਬੇਹੱਦ ਪਵਿੱਤਰ ਮੰਨਿਆ ਗਿਆ ਹੈ। ਹਰ ਧਾਰਮਿਕ ਤੇ ਖ਼ੁਸ਼ੀ ਦੇ ਸਮਾਗਮ ਸਮੇਂ ਇਨ੍ਹਾਂ ਦੀ ਵਰਤੋਂ ਹੁੰਦੀ ਹੈ। ਚੌਲਾਂ ਨੂੰ ਖ਼ੁਸ਼ਹਾਲੀ ਤੇ ਚੰਗੇ ਭਾਗਾਂ ਦਾ ਪ੍ਰਤੀਕ ਆਖਿਆ ਜਾਂਦਾ ਹੈ। ਤੁਸੀਂ ਇਹ ਬੋਲੀ ਜ਼ਰੂਰ ਸੁਣੀ ਹੋਵੇਗੀ, 'ਚਿੱਟੇ ਚੌਲ ਜਿਨ੍ਹਾਂ ਨੇ ਪੁੰਨ ਕੀਤੇ, ਰੱਬ ਨੇ ਮਿਲਾਈਆਂ ਜੋੜੀਆਂ।'

ਬਿਜਾਈ ਦਾ ਸਮਾਂ

ਚੌਲਾਂ ਹੇਠ ਹੋਏ ਰਕਬੇ ਦੇ ਵਾਧੇ ਨੇ ਪੰਜਾਬ 'ਚ ਧਰਤੀ ਹੇਠਲੇ ਪਾਣੀ ਦੀ ਸਮੱਸਿਆ ਵੀ ਖੜ੍ਹੀ ਕੀਤੀ ਹੈ। ਇਹ ਹਰ ਸਾਲ ਹੇਠਾਂ ਜਾ ਰਿਹਾ ਹੈ, ਇਸ ਕਰਕੇ ਕੁਝ ਰਕਬੇ ਨੂੰ ਝੋਨੇ ਹੇਠੋਂ ਕੱਢ ਕੇ ਦੂਜੀਆਂ ਫ਼ਸਲਾਂ ਬੀਜਣ ਦੀ ਲੋੜ ਹੈ। ਰੇਤਲੀਆਂ ਤੇ ਉੱਚੀਆਂ ਥਾਵਾਂ 'ਤੇ ਮੱਕੀ ਜਾਂ ਦਾਲਾਂ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਪਨੀਰੀ ਦੀ ਬਿਜਾਈ ਜੇਠ ਦੀ ਸੰਗਰਾਂਦ ਤੋਂ ਪਿੱਛੋਂ ਸ਼ੁਰੂ ਕਰਨੀ ਚਾਹੀਦੀ ਹੈ ਤੇ ਖੇਤ 'ਚ ਪਨੀਰੀ ਦੀ ਲੁਆਈ ਹਾੜ ਦੀ ਸੰਗਰਾਂਦ ਪਿੱਛੋਂ ਸ਼ੁਰੂ ਕੀਤੀ ਜਾਵੇ। ਜੇ ਜੁਲਾਈ ਦੇ ਪਹਿਲੇ ਹਫ਼ਤੇ ਪਨੀਰੀ ਲਗਾਈ ਜਾਵੇ ਤਦ ਵੀ ਝਾੜ ਪੂਰਾ ਪ੍ਰਾਪਤ ਹੁੰਦਾ ਹੈ। ਅਜਿਹਾ ਕੀਤਿਆਂ ਪਾਣੀ ਦੀ ਬੱਚਤ ਵੀ ਹੁੰਦੀ ਤੇ ਫ਼ਸਲ ਉੱਪਰ ਬਿਮਾਰੀਆਂ ਤੇ ਕੀੜਿਆਂ ਦਾ ਹਮਲਾ ਵੀ ਘੱਟ ਹੁੰਦਾ ਹੈ।

ਉੱਨਤ ਕਿਸਮਾਂ

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਨੇ ਇਸ ਵਾਰ ਅਜਿਹੀ ਕਿਸਮ ਕਾਸ਼ਤ ਲਈ ਤਿਆਰ ਕੀਤੀ ਹੈ, ਜਿਹੜੀ ਸਿਰਫ਼ 123 ਦਿਨਾਂ 'ਚ ਪੱਕ ਜਾਂਦੀ ਹੈ। ਇਸ ਦਾ ਝਾੜ ਵੀ 30 ਕੁਇੰਟਲ ਪ੍ਰਤੀ ਏਕੜ ਹੈ। ਇਸ ਕਿਸਮ ਦਾ ਨਾਂ ਪੀਆਰ-126 ਹੈ। ਇਹ ਝੁਲਸ ਰੋਗ ਦਾ ਵੀ ਮੁਕਾਬਲਾ ਕਰ ਸਕਦੀ ਹੈ। ਸਭ ਤੋਂ ਵੱਧ ਝਾੜ ਦੇਣ ਵਾਲੀ ਕਿਸਮ ਪੀਆਰ-124 ਹੈ ਪਰ ਇਹ ਪੱਕਣ 'ਚ 135 ਦਿਨ ਲੈਂਦੀ ਹੈ। ਦੂਜੀਆਂ ਸਿਫਾਰਸ਼ ਕੀਤੀਆਂ ਗਈਆਂ ਕਿਸਮਾਂ ਪੀਆਰ-121, ਪੀਆਰ-122, ਪੀਆਰ-123, ਪੀਆਰ-113, ਪੀਆਰ-114 ਤੇ ਪੀਆਰ-115 ਹਨ। ਅਗੇਤੀ ਬਿਜਾਈ ਲਈ ਪੀਆਰ-121 ਤੇ ਪੀਆਰ-122, ਪੀਆਰ-124 ਕਿਸਮਾਂ ਤੇ ਪਿਛੇਤੀ ਬਿਜਾਈ ਲਈ ਪੀਆਰ-126 ਜਾਂ ਪੀਆਰ-115 ਕਿਸਮਾਂ ਦੀ ਬਿਜਾਈ ਕਰਨੀ ਚਾਹੀਦੀ ਹੈ। ਜੇ ਕੁਝ ਰਕਬੇ 'ਚ ਬਿਜਾਈ ਪਿਛੇਤੀ ਹੋ ਜਾਵੇ ਤਾਂ ਉਥੇ ਬਾਸਮਤੀ ਦੀ ਕਾਸ਼ਤ ਕਰੋ। ਬਾਸਮਤੀ ਦੀਆਂ ਇਸ ਵਾਰ ਪੰਜਾਬ ਬਾਸਮਤੀ-5 ਤੇ ਪੰਜਾਬ ਬਾਸਮਤੀ-4 ਨਵੀਆਂ ਕਿਸਮਾਂ ਦੀ ਸਿਫਾਰਸ਼ ਕੀਤੀ ਗਈ ਹੈ। ਇਨ੍ਹਾਂ ਤੋਂ ਇਲਾਵਾ ਸੀਐੱਸਆਰ-30, ਪੰਜਾਬ ਬਾਸਮਤੀ-3, ਪੰਜਾਬ ਬਾਸਮਤੀ-2, ਬਾਸਮਤੀ-370 ਅਤੇ ਬਾਸਮਤੀ-386 ਕਿਸਮਾਂ ਹਨ। ਇਕ ਏਕੜ ਦੀ ਪਨੀਰੀ ਲਈ ਅੱਠ ਕਿੱਲੋ ਬੀਜ ਚਾਹੀਦਾ ਹੈ। ਇਕ ਮਹੀਨੇ ਦੀ ਪਨੀਰੀ ਨੂੰ ਪੁੱਟ ਕੇ ਖੇਤ ਵਿਚ ਲਗਾਇਆ ਜਾ ਸਕਦਾ ਹੈ। ਝੋਨੇ ਦੀਆਂ ਵੱਧ ਝਾੜ ਦੇਣ ਵਾਲੀਆਂ ਕਿਸਮਾਂ ਵਿਕਸਤ ਦਾ ਮਾਣ ਖੇਤੀ ਵਿਗਿਆਨੀ ਡਾ. ਗੁਰਦੇਵ ਸਿੰਘ ਖ਼ੁਸ ਨੂੰ ਪ੍ਰਾਪਤ ਹੋਇਆ ਹੈ। •

ਮੋਬਾਈਲ 94170-87328

ਐੱਨਜੀਟੀ ਦੀ ਤਲਵਾਰ ਕਿਸਾਨਾਂ ਸਿਰ ਹੀ ਕਿਉਂ?

• ਦਰਬਾਰਾ ਸਿੰਘ ਕਾਹਲੋਂ

ਕਿਰਸਾਨੀ ਦਾ ਦੁਖਾਂਤ ਇਹ ਹੈ ਕਿ ਉਸ ਦੀ ਵਿੱਤੀ, ਪਰਿਵਾਰਕ ਤੇ ਮਾਨਸਿਕ ਸਥਿਤੀ ਨੂੰ ਸਮਝਣ ਲਈ ਕੋਈ ਤਿਆਰ ਨਹੀਂ। ਇਕ ਪਾਸੇ ਝੋਨੇ ਦੀ ਫ਼ਸਲ ਮੰਡੀਆਂ 'ਚ ਆਉਣੀ ਸ਼ੁਰੂ ਹੋ ਗਈ ਹੈ, ਦੂਸਰੇ ਪਾਸੇ ਰਾਸ਼ਟਰੀ ਗਰੀਨ ਟ੍ਰਿਬਿਊਨਲ (ਐੱਨਜੀਟੀ), ਕੇਂਦਰੀ ਤੇ ਸੂਬਾਈ ਪ੍ਰਸ਼ਾਸਨ ਦੀ ਤਲਵਾਰ ਕਿਸਾਨਾਂ ਸਿਰ ਲਟਕਾਈ ਜਾ ਰਹੀ ਹੈ। ਰਾਸ਼ਟਰੀ ਗਰੀਨ ਟ੍ਰਿਬਿਊਨਲ ਵਾਤਾਵਰਨ ਪ੍ਰਦੂਸ਼ਣ, ਹਵਾ 'ਚ ਫ਼ੈਲਦੀਆਂ ਮਾਰੂ ਗੈਸਾਂ ਤੇ ਧੂੰਆਂ ਰੋਕਣ ਦੇ ਬਹਾਨੇ, ਕਿਸਾਨਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੇ ਫ਼ੁਰਮਾਨ ਜਾਰੀ ਕਰ ਰਿਹਾ ਹੈ।

ਕੋਈ ਨਹੀਂ ਸਮਝ ਰਿਹਾ ਕਿਸਾਨ ਦੀ ਮਨੋਸਥਿਤੀ

ਕਿਰਸਾਨੀ ਦਾ ਗੁੰਝਲਦਾਰ ਦੁਖਾਂਤ ਇਹ ਹੈ ਕਿ ਉਸ ਦੀ ਵਿੱਤੀ, ਪਰਿਵਾਰਕ ਤੇ ਮਾਨਸਿਕ ਸਥਿਤੀ ਨੂੰ ਕੋਈ ਨਹੀਂ ਸਮਝ ਰਿਹਾ। ਕੇਂਦਰ, ਰਾਜ ਸਰਕਾਰਾਂ, ਪ੍ਰਸ਼ਾਸਨ, ਰਾਸ਼ਟਰੀ ਗਰੀਨ ਟ੍ਰਿਬਿਊਨਲ, ਕਾਰਪੋਰੇਟ ਘਰਾਣੇ, ਨਿੱਤ ਨਵੀਂ ਘਟੀਆ ਮਸ਼ੀਨਰੀ ਤਿਆਰ ਕਰਨ ਵਾਲੀਆਂ ਕੰਪਨੀਆਂ ਮਿਲ ਕੇ ਉਸ 'ਤੇ ਦਬਾਅ ਬਣਾ ਰਹੇ ਹਨ। ਕੋਈ ਨਹੀਂ ਸਮਝ ਰਿਹਾ ਕਿ ਕਿਸਾਨ ਇਸ ਸਥਿਤੀ 'ਚ ਨਹੀਂ ਹੈ ਕਿ ਉਹ ਝੋਨੇ ਤੇ ਕਣਕ ਦੇ ਵੱਢਾਂ ਨੂੰ ਖੇਤ 'ਚ ਕੁਤਰ ਕੇ ਆਪਣੀ ਜ਼ਮੀਨ ਅਗਲੀ ਫ਼ਸਲ ਲਈ ਤਿਆਰ ਕਰ ਸਕੇ। ਉਸ ਦੀ ਵਿੱਤੀ ਮੰਦਹਾਲੀ, ਗ਼ੁਰਬਤ, ਕਰਜ਼ੇ ਨਾਲ ਟੁੱਟੀ ਧੌਣ ਦੀ ਤਰਸਯੋਗ ਹਾਲਤ ਵੱਲ ਕੋਈ ਗੌਰ ਨਹੀਂ ਕਰ ਰਿਹਾ। ਪੂਰੇ ਦੇਸ਼ ਅੰਦਰ ਉਸ ਨੂੰ ਖ਼ੁਦਕੁਸ਼ੀਆਂ ਦੇ ਦੌਰ ਵੱਲ ਧੱਕਿਆ ਜਾ ਰਿਹਾ ਹੈ। ਉਸ ਦੀ ਅਗਲੀ ਪੀੜ੍ਹੀ ਨੂੰ ਘਾਟੇਵੰਦਾ ਖੇਤੀ ਧੰਦਾ ਛੱਡਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਜੇ ਉਸ ਕੋਲ ਲੋੜੀਂਦੇ ਸੰਦ ਤੇ ਧਨ ਹੋਵੇ ਤਾਂ ਕਿਹੜਾ ਕਿਸਾਨ ਆਪਣੀ ਜ਼ਮੀਨ ਨੂੰ ਅੱਗ ਹਵਾਲੇ ਕਰਨਾ ਚਾਹੁੰਦਾ ਹੈ। ਐੱਨਜੀਟੀ, ਕੇਂਦਰ ਤੇ ਰਾਜ ਸਰਕਾਰਾਂ, ਅਫ਼ਸਰਸ਼ਾਹੀ, ਕਾਰਪੋਰੇਟ ਘਰਾਣੇ ਤੇ ਏਸੀ ਕਮਰਿਆਂ 'ਚ ਬੈਠੇ ਖੇਤੀ ਮਾਹਿਰ ਵੀ ਕਿਸਾਨਾਂ ਬਾਰੇ ਕੁਝ ਨਹੀਂ ਜਾਣਦੇ।

ਕਿਸੇ ਨੇ ਨਹੀਂ ਫੜੀ ਅੰਨਦਾਤਾ ਦੀ ਬਾਂਹ

ਆਜ਼ਾਦੀ ਤੋਂ ਬਾਅਦ ਦੇਸ਼ ਅਨਾਜ ਸੰਕਟ 'ਚ ਫਸਿਆ ਸੀ। ਭਾਰਤ ਨੂੰ ਅਮਰੀਕਾ ਨਾਲ ਪੀਐੱਲ-480 ਨਾਂ ਦਾ ਮਾਰੂ ਸਮਝੌਤਾ ਕਰਨਾ ਪਿਆ। ਇਸ ਸਮਝੌਤੇ ਤਹਿਤ ਦੇਸ਼ ਨੂੰ ਅੰਨ ਦੀ ਪੂਰਤੀ ਲਈ ਅਮਰੀਕਾ ਅੱਗੇ ਹਾੜੇ ਕੱਢਣੇ ਪੈਂਦੇ ਸਨ। ਇੰਦਰਾ ਗਾਂਧੀ ਜਦੋਂ ਪ੍ਰਧਾਨ ਮੰਤਰੀ ਬਣੇ ਤਾਂ ਉਨ੍ਹਾਂ ਨੂੰ ਅਮਰੀਕਾ ਦੇ ਤਤਕਾਲੀ ਰਾਸ਼ਟਰਪਤੀ ਲਿੰਡਨ ਜੌਹਨਸਨ ਨੂੰ ਅਨਾਜ ਖ਼ਾਤਰ ਟੈਲੀਫੋਨ ਕਰਨਾ ਪਿਆ। ਲਿੰਡਨ ਦੇ ਰਵਈਏ ਤੋਂ ਉਨ੍ਹਾਂ ਆਪਣੀ ਤੇ ਆਪਣੇ ਰਾਸ਼ਟਰ ਦੀ ਬੇਇੱਜ਼ਤੀ ਮਹਿਸੂਸ ਕਰਦਿਆਂ ਟੈਲੀਫੋਨ ਰਿਸੀਵਰ ਪਟਕਾ ਕੇ ਰੱਖਦੇ ਹੋਏ ਗੁੱਸੇ 'ਚ ਕਿਹਾ, 'ਮੈਂ ਨਹੀਂ ਚਾਹਾਂਗੀ ਕਿ ਸਾਨੂੰ ਮੁੜ ਅਨਾਜ ਲਈ ਅਮਰੀਕਾ ਦੇ ਹਾੜੇ ਕੱਢਣੇ ਪੈਣ।' ਫਿਰ ਕੀ ਸੀ? ਦੇਸ਼ ਤੇ ਪ੍ਰਧਾਨ ਮੰਤਰੀ ਦੀ ਮਾਣ-ਮਰਿਆਦਾ ਲਈ ਕਿਸਾਨ ਰਾਤ-ਦਿਨ ਜੁਟ ਗਿਆ। ਖੇਤੀ ਮਾਹਿਰਾਂ ਤੇ ਮਹਿੰਦਰ ਸਿੰਘ ਰੰਧਾਵਾ ਵਰਗੇ ਪ੍ਰਸ਼ਾਸਕਾਂ ਦੀ ਦੇਖ-ਰੇਖ ਹੇਠ ਰਾਤ-ਦਿਨ ਖ਼ੂਨ-ਪਸੀਨਾ ਵਹਾ ਕੇ 'ਹਰਾ ਇਨਕਲਾਬ' ਲਿਆ ਕੇ ਦੇਸ਼ ਨੂੰ ਪੀਐੱਲ ਦੇ ਮਾਰੂ ਸਮਝੌਤੇ 'ਚੋਂ ਬਾਹਰ ਕੱਢ ਲਿਆਂਦਾ। ਹਾਲਾਂਕਿ ਦੇਸ਼, ਕੇਂਦਰ ਤੇ ਰਾਜ ਸਰਕਾਰਾਂ, ਪ੍ਰਸ਼ਾਸਨ, ਕਾਰਪੋਰੇਟ ਘਰਾਣਿਆਂ ਨੇ ਕਿਸਾਨ ਦੀ ਅਮਰੀਕਾ, ਕੈਨੇਡਾ ਜਾਂ ਕੁਝ ਹੋਰ ਪੱਛਮੀ ਦੇਸ਼ਾਂ ਵਾਂਗ ਬਾਂਹ ਨਾ ਫੜੀ। 1951 'ਚ ਖੇਤੀ ਨਾਲ ਜੁੜੇ ਹਲ-ਵਾਹਕਾਂ ਦੀ ਗਿਣਤੀ 6.99 ਕਰੋੜ ਤੇ ਖੇਤ ਮਜ਼ਦੂਰਾਂ ਦੀ ਗਿਣਤੀ 9.72 ਕਰੋੜ ਸੀ। ਖੇਤੀ ਸੈਕਟਰ ਕਰੀਬ 52 ਫ਼ੀਸਦੀ ਰਾਸ਼ਟਰੀ ਜੀਡੀਪੀ ਵਿਚ ਯੋਗਦਾਨ ਪਾਉਂਦਾ ਸੀ। 2011 ਦੀ ਮਰਦਮਸ਼ੁਮਾਰੀ ਅਨੁਸਾਰ ਅੱਜ ਹਲ-ਵਾਹਕ ਵਧ ਕੇ 11.87 ਕਰੋੜ ਤੇ ਖੇਤ ਮਜ਼ਦੂਰ 26.3 ਕਰੋੜ ਹਨ ਪਰ ਰਾਸ਼ਟਰੀ ਜੀਡੀਪੀ ਵਿਚ ਖੇਤੀ ਸੈਕਟਰ ਦਾ ਯੋਗਦਾਨ ਘਟ ਕੇ 17.9 ਫ਼ੀਸਦੀ ਰਹਿ ਗਿਆ ਹੈ। ਇਹ ਵੀ ਸੱਚ ਹੈ ਕਿ ਦੇਸ਼ ਦੀ ਆਰਥਿਕਤਾ ਅੱਜ ਵੀ ਬੁਨਿਆਦੀ ਤੌਰ 'ਤੇ ਖੇਤੀ ਆਧਾਰਿਤ ਹੈ। ਦੇਸ਼ ਦੇ 58.4 ਫ਼ੀਸਦੀ ਲੋਕ ਇਸ ਧੰਦੇ 'ਤੇ ਨਿਰਭਰ ਹਨ ਅਤੇ ਦੇਸ਼ ਦੇ ਅੱਧੇ ਬੇਰੁਜ਼ਗਾਰਾਂ ਲਈ ਕਿਰਸਾਨੀ ਦਾ ਧੰਦਾ ਹੀ ਰੁਜ਼ਗਾਰ ਦਾ ਮੁੱਖ ਸਾਧਨ ਹੈ।

ਜੁਰਮਾਨੇ ਦੀ ਦਹਿਸ਼ਤ

ਕੇਂਦਰ ਸਰਕਾਰ ਦੇ ਖੇਤੀ ਪ੍ਰਦੂਸ਼ਣ ਰੋਕਥਾਮ ਨਾਲ ਸਬੰਧਤ ਅਧਿਕਾਰੀ, ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ, ਖੇਤੀਬਾੜੀ ਤੇ ਵਾਤਾਵਰਨ ਸੰਭਾਲ ਨਾਲ ਜੁੜੇ ਅਧਿਕਾਰੀ ਪ੍ਰਸ਼ਾਸਕੀ ਫ਼ੁਰਮਾਨ, ਖ਼ਾਨਾਪੂਰਤੀ ਸੈਮੀਨਾਰਾਂ ਰਾਹੀਂ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਦੇ ਵੱਢ ਤੇ ਮੁੱਢੀਆਂ ਨਾ ਸਾੜਨ ਸਬੰਧੀ ਕਵਾਇਦ ਕਰ ਰਹੇ ਹਨ। ਕਿਸਾਨਾਂ ਨੂੰ ਸਬਸਿਡੀਆਂ 'ਤੇ ਰੋਟਾਵੇਟਰ, ਹੈਪੀਸੀਡਿਰ, ਮਲਚਰ ਆਦਿ ਸੰਦ ਮੁਹੱਈਆ ਕਰਵਾਉਣ 'ਤੇ ਜ਼ੋਰ ਪਾ ਰਹੇ ਹਨ ਤਾਂ ਕਿ ਪਰਾਲੀ, ਵੱਢ ਤੇ ਮੁੱਢ ਖੇਤ ਵਿਚ ਹੀ ਕੁਤਰ ਕੇ ਵਹਾਈ ਜਾਹੀ ਅਗਲੀ ਫ਼ਸਲ ਲਈ ਜ਼ਮੀਨ ਤਿਆਰ ਕੀਤੀ ਜਾ ਸਕੇ। ਇਸ ਨਾਲ ਕਿਸਾਨਾਂ ਨੂੰ ਡਰਾਉਣ, ਧਮਕਾਉਣ, ਪਰੇਸ਼ਾਨ ਕਰਨ ਲਈ ਪ੍ਰਤੀ ਏਕੜ 2500 ਤੋਂ 15,000 ਰੁਪਏ ਜੁਰਮਾਨਾ ਕਰਨ ਦਾ ਫ਼ੁਰਮਾਨ ਵੀ ਜਾਰੀ ਕੀਤਾ ਗਿਆ ਹੈ।

ਦੂਸਰੇ ਪ੍ਰਦੂਸ਼ਕਾਂ ਬਾਰੇ ਟ੍ਰਿਬਿਊਨਲ ਚੁੱਪ

ਰਾਜ ਸਰਕਾਰਾਂ, ਸਥਾਨਕ ਸਰਕਾਰਾਂ ਦੇ ਵਜ਼ੀਰਾਂ, ਪ੍ਰਸ਼ਾਸਨ, ਕੇਂਦਰ ਸਰਕਾਰਾਂ ਤੇ ਖ਼ਾਸਕਰ ਰਾਸ਼ਟਰੀ ਗਰੀਨ ਟ੍ਰਿਬਿਊਨਲ ਨੇ ਕਦੇ ਇਹ ਨੋਟਿਸ ਲਿਆ ਹੈ ਕਿ ਸਾਡੇ ਦਰਿਆ, ਨਦੀਆਂ, ਨਾਲੇ, ਨਹਿਰਾਂ, ਸੂਇਆਂ ਲਾਗੇ ਵਸਦੇ ਸ਼ਹਿਰਾਂ, ਪਿੰਡਾਂ ਤੇ ਕਸਬਿਆਂ ਨੇ ਸਾਰਾ ਸੀਵਰੇਜ, ਸਨਅਤਾਂ ਦਾ ਅਤਿ ਗੰਦਾ ਪਾਣੀ ਇਨ੍ਹਾਂ ਵਿਚ ਸੁੱਟ ਕੇ ਧਰਤੀ, ਵਾਤਾਵਰਨ ਤੇ ਪਾਣੀ ਗੰਧਲਾ ਕੀਤਾ ਹੋਇਆ ਹੈ। ਪੰਜਾਬ ਦੀ ਧਰਤੀ, ਹਵਾ ਤੇ ਪਾਣੀ ਇਸ ਜੁਰਮ ਨੇ ਜ਼ਹਿਰੀਲੇ ਬਣਾ ਦਿੱਤੇ ਹਨ। ਪਿਛਲੇ ਸਾਢੇ ਤਿੰਨ ਸਾਲਾਂ ਵਿਚ ਪ੍ਰਧਾਨ ਮੰਤਰੀ ਗੰਗਾ ਸਾਫ਼ ਨਹੀਂ ਕਰਵਾ ਸਕੇ। ਜਿਸ ਕਾਰਨ ਉਨ੍ਹਾਂ ਨੂੰ ਕੁਮਾਰੀ ਉਮਾ ਭਾਰਤੀ ਦੀਆਂ ਸ਼ਕਤੀਆਂ ਘਟਾਉਣੀਆਂ ਪਈਆਂ। ਪੂਰੇ ਦੇਸ਼ ਵਿਚ ਚਾਰ ਤੇ ਛੇ ਮਾਰਗੀ ਸੜਕਾਂ ਉਸਾਰਨ ਲਈ ਕਰੋੜਾਂ ਦਰੱਖ਼ਤਾਂ ਦੀ ਬਲੀ ਦੇ ਦਿੱਤੀ ਗਈ। ਕੀ ਇਨ੍ਹਾਂ ਦੀ ਥਾਂ ਹੋਰ ਦਰੱਖ਼ਤ ਲਗਾਏ ਗਏ ਹਨ? ਪੂਰੇ ਦੇਸ਼ ਅਤੇ ਖ਼ਾਸਕਰ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਅਤੇ ਹਮਦਰਦ ਚੇਤੰਨ ਲੋਕ, ਕੇਂਦਰ ਤੇ ਰਾਜ ਸਰਕਾਰਾਂ, ਪ੍ਰਸ਼ਾਸਨ ਅਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਨੂੰ ਅਪੀਲ ਹੈ ਕਿ ਝੋਨੇ, ਕਣਕ, ਕਪਾਹ ਆਦਿ ਦੇ ਖੇਤਾਂ 'ਚੋਂ ਵੱਢਾਂ ਤੇ ਮੁੱਢੀਆਂ ਦੇ ਕੁਤਰੇ ਦੀ ਸੰਭਾਲ ਦਾ ਪ੍ਰਬੰਧ ਉਹ ਖ਼ੁਦ ਕਰਨ ਜਾਂ ਕਿਸਾਨ ਨੂੰ ਪ੍ਰਤੀ ਏਕੜ ਤਿੰਨ ਹਜ਼ਾਰ ਰੁਪਏ ਨਕਦ ਦੇਣ ਦਾ ਪ੍ਰਬੰਧ ਕਰਨ ਅਤੇ ਇਹ ਹਰ ਸਾਲ ਮਹਿੰਗਾਈ ਅਨੁਸਾਰ ਵਧਣੇ ਚਾਹੀਦੇ ਹਨ। ਖੇਤੀ ਪ੍ਰਦੂਸ਼ਣ ਰੋਕਣ ਦਾ ਇਹੋ ਵਧੀਆ ਢੰਗ ਹੈ।

ਤੇਜ਼ੀ ਨਾਲ ਵਧ ਰਿਹੈ ਖੇਤੀ ਸੰਕਟ

ਕਿਸਾਨ ਦੀ ਹਾਲਤ ਬਹੁਤ ਦਰਦਨਾਕ ਹੈ। ਭਾਰਤ ਚਿੰਤਾਜਨਕ 'ਖੇਤੀ ਸੰਕਟ' ਵੱਲ ਵਧ ਰਿਹਾ ਹੈ। ਜੇ ਇਸ ਸੰਕਟ ਦਾ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਸਹੀ ਹੱਲ ਨਾ ਕੱਢਿਆ ਗਿਆ ਤਾਂ ਇਸ ਦਾ ਭਿਆਨਕ ਰੂਪ ਸੋਚ ਤੋਂ ਬਾਹਰ ਹੋਵੇਗਾ। ਵਿਸ਼ਵ ਦੀ 17.78 ਫ਼ੀਸਦੀ ਜਨਤਾ ਭਾਰਤ 'ਚ ਹੈ। ਸਾਡੇ ਕੋਲ 4.2 ਫ਼ੀਸਦੀ ਪਾਣੀ ਹੈ ਜਦਕਿ 2.3 ਫ਼ੀਸਦੀ ਧਰਤੀ। 2019 ਦੀ ਮੌਸਮ ਬਦਲੀ ਸਬੰਧੀ 10 ਨੰਬਰਾਂ ਵਾਲੀ ਸਕੇਲ 'ਚ ਅਸੀਂ ਨੌਂ ਪੁਆਇੰਟਾਂ ਨਾਲ ਖ਼ਤਰਨਾਕ ਪੜਾਅ 'ਤੇ ਹੋਵਾਂਗੇ। 2013 ਦੇ ਸਰਵੇ ਅਨੁਸਾਰ 52 ਫ਼ੀਸਦੀ ਕਿਸਾਨ ਕਰਜ਼ੇ ਹੇਠ ਹਨ। ਹਰ ਕਿਸਾਨ 47,000 ਰੁਪਏ ਦੇ ਕਰਜ਼ ਹੇਠ ਹੈ। ਪੰਜਾਬ 'ਚ ਇਹ ਕਰਜ਼ਾ ਪ੍ਰਤੀ ਕਿਸਾਨ ਚਾਰ ਤੋਂ ਪੰਜ ਲੱਖ ਰੁਪਏ ਹੈ। ਹਰ ਸਾਲ 10 ਤੋਂ 12 ਹਜ਼ਾਰ ਕਿਸਾਨ ਖ਼ੁਦਕੁਸ਼ੀਆਂ ਕਰ ਰਹੇ ਹਨ। ਰਾਸ਼ਟਰੀ ਜੁਰਮ ਰਿਕਾਰਡ ਬਿਊਰੋ ਅਨੁਸਾਰ ਕਰਜ਼ਾ ਕਿਸਾਨ ਦੇ ਗਲੇ ਦਾ ਫੰਦਾ ਬਣ ਚੁੱਕਾ ਹੈ। ਇਹ ਸਥਿਤੀ ਸ਼ਾਸਕਾਂ ਲਈ ਬੇਹੱਦ ਸ਼ਰਮਨਾਕ ਹੈ।

ਖੇਤੀ ਨੀਤੀ ਵੀ ਨਾ ਘੜ ਸਕੇ ਅਸੀਂ

70 ਸਾਲਾਂ 'ਚ ਅਸੀਂ ਕੋਈ ਖੇਤੀ ਨੀਤੀ ਨਹ

ਗੁਜਰਾਤ 'ਚ ਹੜ੍ਹਾਂ ਕਾਰਨ ਹੋਏ ਨੁਕਸਾਨ ਦੇ ਜਾਇਜਾ ਲਈ ਗ੍ਰਹਿ ਮੰਤਰਾਲੇ ਵਲੋਂ ਕੇਂਦਰੀ ਟੀਮ ਦਾ ਗਠਨ

ਏਜੰਸੀਆਂ

ਨਵੀਂ ਦਿੱਲੀ 4 ਸਤੰਬਰ। ਕੇਂਦਰੀ ਗ੍ਰਹਿ ਮੰਤਰਾਲੇ ਨੇ ਗੁਜਰਾਤ ਵਿੱਚ ਮੀਂਹ ਅਤੇ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਜਾਇਜਾ ਲੈਣ ਲਈ ਇੱਕ ਅੰਤਰ-ਮੰਤਰਾਲਾ ਟੀਮ ਦਾ ਗਠਨ ਕੀਤਾ ਹੈ। ਇੱਕ ਅਧਿਕਾਰਤ ਬਿਆਨ ਦੇ ਅਨੁਸਾਰ ਟੀਮ ਛੇਤੀ ਹੀ ਗੁਜਰਾਤ ਦੇ ਹੜ੍ਹ ਪ੍ਰਭਾਵਿਤ

ਜ਼ਿਲ੍ਹਿਆਂ ਦਾ ਦੌਰਾ ਕਰੇਗੀ, ਜਿੱਥੇ 25 ਤੋਂ 30 ਅਗਸਤ ਦਰਮਿਆਨ ਭਾਰੀ ਤੋਂ ਬਹੁਤ ਜ਼ਿਆਦਾ ਬਾਰਿਸ ਹੋਈ ਸੀ। 26 ਅਤੇ 27 ਅਗਸਤ ਨੂੰ ਰਾਜ ਭਰ ਵਿੱਚ ਮੀਂਹ ਨਾਲ ਸਬੰਧਤ ਘਟਨਾਵਾਂ ਵਿੱਚ ਘੱਟੋ-ਘੱਟ 25 ਲੋਕਾਂ ਦੀ ਮੌਤ ਹੋ ਗਈ ਸੀ। ਬਿਆਨ ਵਿੱਚ ਕਿਹਾ ਗਿਆ ਹੈ ਕਿ ਗ੍ਰਹਿ ਮੰਤਰਾਲੇ ਨੇ ਗੁਜਰਾਤ ਵਿੱਚ ਮੀਂਹ ਅਤੇ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਲਈ ਨੈਸਨਲ ਇੰਸਟੀਚਿਊਟ ਆਫ ਡਿਜਾਸਟਰ ਮੈਨੇਜਮੈਂਟ (ਐੱਨਆਈਡੀਐੱਮ) ਦੇ ਕਾਰਜਕਾਰੀ ਨਿਰਦੇਸਕ ਦੀ ਅਗਵਾਈ ਵਿੱਚ ਇੱਕ ਅੰਤਰ-ਮੰਤਰਾਲਾ ਕੇਂਦਰੀ ਟੀਮ (ਆਈਐੱਮਸੀਟੀ) ਦਾ ਗਠਨ ਕੀਤਾ ਹੈ। ਮੱਧ ਪ੍ਰਦੇਸ ਅਤੇ ਰਾਜਸਥਾਨ ਵੀ ਭਾਰੀ ਤੋਂ ਬਹੁਤ ਭਾਰੀ ਮੀਂਹ ਨਾਲ ਪ੍ਰਭਾਵਿਤ ਹੋਏ ਹਨ। ਇਸ ਸਾਲ ਹਿਮਾਚਲ ਪ੍ਰਦੇਸ ਵਿੱਚ ਭਾਰੀ ਮੀਂਹ, ਬੱਦਲ ਫਟਣ ਅਤੇ ਜਮੀਨ ਖਿਸਕਣ ਕਾਰਨ ਕਾਫੀ ਨੁਕਸਾਨ ਹੋਇਆ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਗ੍ਰਹਿ ਮੰਤਰਾਲਾ ਇਨ੍ਹਾਂ ਰਾਜਾਂ ਦੇ ਸੀਨੀਅਰ ਅਧਿਕਾਰੀਆਂ ਦੇ ਸੰਪਰਕ ਵਿੱਚ ਹੈ ਅਤੇ ਜੇਕਰ ਉਹ ਵਿਆਪਕ ਨੁਕਸਾਨ ਦੀ ਰਿਪੋਰਟ ਕਰਦੇ ਹਨ, ਤਾਂ ਆਈਐੱਮਸੀਟੀ ਉੱਥੇ ਵੀ ਭੇਜੇ ਜਾਣਗੇ। ਇਸ ਮਾਨਸੂਨ ਦੇ ਦੌਰਾਨ ਕੁਝ ਹੋਰ ਰਾਜ ਵੀ ਭਾਰੀ ਮੀਂਹ, ਹੜ੍ਹਾਂ, ਬੱਦਲ ਫਟਣ ਅਤੇ ਜਮੀਨ ਖਿਸਕਣ ਨਾਲ ਪ੍ਰਭਾਵਿਤ ਹੋਏ ਹਨ। ਬਿਆਨ ਵਿੱਚ ਕਿਹਾ ਗਿਆ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਪ੍ਰਭਾਵਿਤ ਰਾਜਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਦੁਆਰਾ ਅਗਸਤ 2019 ਵਿੱਚ ਲਏ ਗਏ ਫੈਸਲੇ ਅਨੁਸਾਰ, ਗ੍ਰਹਿ ਮੰਤਰਾਲੇ ਨੇ ਇਸ ਸਾਲ ਦਾ ਗਠਨ ਕੀਤਾ, ਜਿਸ ਨੇ ਅਸਾਮ, ਕੇਰਲ, ਮਿਜੋਰਮ ਅਤੇ ਤ੍ਰਿਪੁਰਾ ਦੇ ਹੜ੍ਹ ਅਤੇ ਜਮੀਨ ਖਿਸਕਣ ਤੋਂ ਪ੍ਰਭਾਵਿਤ ਰਾਜਾਂ ਦਾ ਦੌਰਾ ਕੀਤਾ ਅਤੇ ਉਨ੍ਹਾਂ ਦੇ ਮੈਮੋਰੈਂਡਮ ਦਾ ਮੌਕੇ 'ਤੇ ਜਾ ਤੇ ਮੁਲਾਂਕਣ ਕੀਤਾ। ਨਾਗਾਲੈਂਡ ਲਈ ਵੀ ਦਾ ਗਠਨ ਕੀਤਾ ਗਿਆ ਹੈ, ਜੋ ਜਲਦੀ ਹੀ ਰਾਜ ਦੇ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰੇਗਾ। ਬਿਆਨ ਵਿੱਚ ਕਿਹਾ ਗਿਆ ਹੈ ਕਿ ਪਹਿਲਾਂ ਰਾਜ ਸਰਕਾਰ ਤੋਂ ਮੰਗ ਪੱਤਰ ਪ੍ਰਾਪਤ ਕਰਨ ਤੋਂ ਬਾਅਦ ਹੀ ਆਫਤ ਪ੍ਰਭਾਵਿਤ ਰਾਜਾਂ ਦਾ ਦੌਰਾ ਕਰਦਾ ਸੀ।

ਸਮਾਜ ਸੇਵਾ ਦੇ ਕੰਮਾਂ 'ਚ ਉਤਸ਼ਾਹ ਨਾਲ ਲੱਗੀ ਹੋਈ ਹੈ ਨੌਜਵਾਨ ਪੀੜ੍ਹੀ : ਸ਼੍ਰੀ ਵਿਜੇ ਚੋਪੜਾ

ਸਰਦੂਲ ਸਿੰਘ

ਨਵੀਂ ਦਿੱਲੀ 4 ਸਤੰਬਰ। ਨੌਜਵਾਨ ਪੀੜ੍ਹੀ ਪੂਰੇ ਜੋਸ ਨਾਲ ਸਮਾਜ ਸੇਵਾ ਦੇ ਕੰਮ ਵਿਚ ਲੱਗੀ ਹੋਈ ਹੈ। ਨੌਜਵਾਨਾਂ ਦਾ ਸਮਾਜਿਕ ਕਾਰਜਾਂ ਵਿਚ ਸਮਰਪਣ ਉਨ੍ਹਾਂ ਨੂੰ ਸਿਖਰ 'ਤੇ ਲੈ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ 'ਪੰਜਾਬ ਕੇਸਰੀ' ਗਰੁੱਪ ਜਲੰਧਰ ਦੇ ਮੁੱਖ ਸੰਪਾਦਕ ਪਦਮਸ਼੍ਰੀ ਵਿਜੇ ਚੋਪੜਾ ਨੇ ਕੀਤਾ। ਉਹ 24ਵੇਂ ਉੱਨਤ ਭਾਰਤ ਸੇਵਾਸ਼੍ਰੀ ਐਵਾਰਡ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਹਾਜਰ ਹੋਏ ਸਨ। ਮਾਤਾ ਮਨਤਾਰੀ ਦੇਵੀ ਚੈਰੀਟੇਬਲ ਟਰੱਸਟ ਅਤੇ ਉੱਨਤ ਭਾਰਤ ਸੰਗਠਨ ਟਰੱਸਟ ਦੀ ਸਰਪ੍ਰਸਤੀ ਹੇਠ ਸਨੀਵਾਰ ਨੂੰ ਕਾਂਸਟੀਚਿਊਸਨ ਕਲੱਬ ਵਿਚ ਆਯੋਜਿਤ ਇਕ ਪ੍ਰੋਗਰਾਮ ਵਿਚ ਸ਼੍ਰੀ ਵਿਜੇ ਚੋਪੜਾ ਨੇ ਵੱਖ-ਵੱਖ ਸ਼੍ਰੇਣੀਆਂ ਵਿਚ ਚੁਣੇ ਗਏ ਲੋਕਾਂ ਨੂੰ ਐਵਾਰਡ ਦੇ ਕੇ ਸਨਮਾਨਿਤ ਕੀਤਾ। ਪ੍ਰੋਗਰਾਮ ਵਿਚ ਸਕੂਲੀ ਬੱਚਿਆਂ ਨੇ ਦੇਸ ਭਗਤੀ, ਲੋਕ ਕਲਾ ਅਤੇ ਸੱਭਿਆਚਾਰ 'ਤੇ ਆਧਾਰਿਤ ਵੱਖ-ਵੱਖ ਨਾਚ ਅਤੇ ਯੋਗਾ ਪੇਸ ਕੀਤਾ। ਇਸ ਦੌਰਾਨ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਟਰੱਸਟ ਦੇ ਪ੍ਰਧਾਨ ਡਾ. ਸੁਸਮਾ ਨਾਥ ਨੇ ਕਿਹਾ ਕਿ ਉਨ੍ਹਾਂ ਦੇ ਪਤੀ ਭਾਰਤ ਪ੍ਰੇਮ ਨੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸੰਘਰਸ ਕੀਤਾ ਅਤੇ ਉਨ੍ਹਾਂ ਨੂੰ ਸਾਕਾਰ ਕੀਤਾ। ਉਨ੍ਹਾਂ ਵੱਲੋਂ ਸ਼ੁਰੂ ਕੀਤੀ ਗਈ ਸੰਸਥਾ ਉਨ੍ਹਾਂ ਦੇ ਨਕਸੇ-ਕਦਮਾਂ 'ਤੇ ਚੱਲ ਰਹੀ ਹੈ ਅਤੇ ਦੇਸ ਦੀ ਤਰੱਕੀ ਵਿਚ ਯੋਗਦਾਨ ਪਾਉਣ ਵਾਲਿਆਂ ਨੂੰ ਸਨਮਾਨਿਤ ਕਰਦੀ ਹੈ। ਇਸ ਮੌਕੇ ਬ੍ਰਹਮਰਿਸੀ

ਗੌਰੀਸੰਕਰਾਚਾਰੀਆ ਮਹਾਰਾਜ, ਬਾਬਾ ਫਰੀਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰਾਜੀਵ ਸੂਦ, ਪ੍ਰੋਗਰਾਮ ਦੇ ਸਰਪ੍ਰਸਤ ਡਾ. ਐੱਸ. ਐੱਮ. ਰਹੇਜਾ, ਰਮੇਸ ਛਾਬੜਾ, ਜੈ ਗੋਵਿੰਦ ਪਾਂਡੇ, ਭੂਪੇਂਦਰ ਕੌਸ਼ਿਕ, ਪੰਕਜ ਕੌਸ਼ਿਕ, ਵਰਿੰਦਰ ਸਰਮਾ, ਰੀਵਾ ਸੂਦ, ਪਿਰਮਲ ਸਿੰਘ, ਐਡਵੋਕੇਟ ਅਜੇ, ਐਡਵੋਕੇਟ ਸੁਚੇਤਾ, ਪੱਤਰਕਾਰ ਗਿਰੀਸ ਚੰਦ ਸਰਮਾ, ਮੂਲਚੰਦ ਹਸਪਤਾਲ ਦੇ ਡਾਕਟਰ ਐੱਚ. ਕੇ. ਚੋਪੜਾ ਆਦਿ ਮੁੱਖ ਤੌਰ 'ਤੇ ਹਾਜਰ ਸਨ। ਪ੍ਰੋਗਰਾਮ ਦਾ ਸੰਚਾਲਨ ਭਾਰਤ ਪ੍ਰੇਮ ਦੇ ਪੁੱਤਰ ਅਤੇ ਟਰੱਸਟ ਦੇ ਯੂਥ ਪ੍ਰਧਾਨ ਅਖਿਲ ਨਾਥ ਨੇ ਕੀਤਾ। ਪ੍ਰੋਗਰਾਮ ਦੌਰਾਨ ਭਾਰਤ ਪ੍ਰੇਮ ਦੀ ਬੇਟੀ ਸੁਚੇਤਾ ਵਿਸੇਸ ਤੌਰ 'ਤੇ ਮੌਜੂਦ ਸੀ। ਟਰੱਸਟ ਨੇ ਡਾ. ਐੱਚ. ਐੱਸ. ਰਾਵਤ ਅਤੇ ਨਲਿਨੀ ਕੇ. ਮਿਸਰਾ ਨੂੰ ਸਮਾਜ ਸੇਵਾ ਦੇ ਖੇਤਰ ਵਿਚ ਉਨ੍ਹਾਂ ਦੇ ਕੰਮ ਲਈ ਲਾਈਫ ਟਾਈਮ ਅਚੀਵਮੈਂਟ ਐਵਾਰਡ ਪ੍ਰਦਾਨ ਕੀਤਾ, ਜੋ ਉਨ੍ਹਾਂ ਦੇ ਪੁੱਤਰ ਹੇਮੰਤ ਮਿਸਰਾ ਨੇ ਸਵੀਕਾਰ ਕੀਤਾ। ਰਾਜ ਸਭਾ ਵਿਚ ਸੁਰੱਖਿਆ ਵਿਭਾਗ ਨਾਲ ਜੁੜੇ ਜੋਗਿੰਦਰ ਸਿੰਘ ਸਿਮਰ ਨੂੰ ਪ੍ਰਸਾਸਨਿਕ ਰਤਨ ਐਵਾਰਡ, ਭਾਰਤੀ ਕਿਸਾਨ ਯੂਨੀਅਨ (ਯੂ. ਪੀ.) ਦੀ ਸੂਬਾ ਪ੍ਰਧਾਨ ਆਯੂਸੀ ਸਿੰਘ ਨੂੰ ਯੂਥ ਆਈਕਨ ਐਵਾਰਡ ਦਿੱਤਾ ਗਿਆ। ਪੁਣੇ ਦੀ ਮਹਿਲਾ ਉਦਯੋਗਪਤੀ ਸਪਨਾ ਕਾਕੜੇ, ਵਾਤਾਵਰਣ ਕਾਰਕੁੰਨ ਮੁਹੰਮਦ ਰਫੀਕ, ਟੀ. ਵੀ. ਐਂਕਰ ਸ਼੍ਰਿਸਟੀ ਸੁਕਲਾ ਨੂੰ ਵੀ ਐਵਾਰਡ ਦਿੱਤੇ ਗਏ। ਇਨੋਵੇਸਨ ਦੇ ਖੇਤਰ ਵਿਚ ਹਰਿਆਣਾ ਦੀ ਡਰੋਨ ਪਾਇਲਟ ਕੁਮਾਰੀ ਨਿਸਾ ਅਤੇ ਰਾਜਸਥਾਨ ਦੇ ਐੱਸ. ਈ. ਆਰ. ਐੱਲ. ਇੰਸਟੀਚਿਊਟ ਦੀ ਡਾ. ਸੁਨੀਤਾ ਮਹਾਵਰ ਨੂੰ ਐਵਾਰਡ ਦਿੱਤਾ ਗਿਆ। ਡਾ. ਸਸੀ ਬਾਲਾ, ਡਾ. ਅਸੀਸ ਕਸਯਪ ਨੂੰ ਚਿਕਿਤਸਾ ਰਤਨ ਪੁਰਸਕਾਰ, ਪੱਤਰਕਾਰੀ ਰਤਨ ਪੁਰਸਕਾਰ ਉੱਤਰਾਖੰਡ ਦੇ ਪੱਤਰਕਾਰਾਂ ਚੰਦਰਸੇਖਰ ਜੋਸੀ, ਮਹਾਵੀਰ ਮੋਦੀ, ਸੁਨੀਲ ਕੁਮਾਰ ਜਾਂਗੜਾ, ਪ੍ਰਭਾਤ ਸਰਮਾ ਨੂੰ ਦਿੱਤਾ ਗਿਆ . ਡਾ. ਰਾਹੁਲ ਮਿਸਰਾ ਤੇ ਲਵਰਾਜ ਇੱਸਰ ਨੂੰ ਸਿੱਖਿਆ ਰਤਨ ਐਵਾਰਡ ਦਿੱਤਾ ਗਿਆ। ਵਿਧੀ ਸਨਮਾਨ ਐਡਵੋਕੇਟ ਨਿਤੀਸ ਜੈਨ, ਐਡਵੋਕੇਟ ਓ. ਪੀ. ਸਰਮਾ, ਐਡਵੋਕੇਟ ਲਲਿਤ ਸਰਮਾ, ਐਡਵੋਕੇਟ ਪ੍ਰਦੀਪ ਆਰੀਆ ਨੂੰ ਦਿੱਤਾ ਗਿਆ।

ਡੇਰਾ ਬਿਆਸ ਦੇ ਨਵੇਂ ਮੁਖੀ ਦਾ ਐਲਾਨ, ਬਾਬਾ ਗੁਰਿੰਦਰ ਢਿੱਲੋਂ ਨੇ ਕੀ ਲਿਖਿਆ ਪੱਤਰ ਵਿਚ

ਅੰਮ੍ਰਿਤਸਰ 4 ਸਤੰਬਰ। ਰਾਧਾ ਸਵਾਮੀ ਸਤਿਸੰਗ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਆਪਣਾ ਉਤਰਾਅਧਿਕਾਰੀ (ਵਾਰਿਸ) ਚੁਣ ਲਿਆ ਹੈ। ਜਸਦੀਪ ਸਿੰਘ ਗਿੱਲ ਨੂੰ ਨਵਾਂ ਡੇਰਾ ਮੁਖੀ ਥਾਪਿਆ ਗਿਆ ਹੈ। ਇਹ ਐਲਾਨ ਖੁਦ ਡੇਰਾ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵਲੋਂ ਕੀਤਾ ਗਿਆ ਹੈ। ਉਨ੍ਹਾਂ ਨੂੰ ਬਤੌਰ ਗੁਰੂ ਨਾਮ ਦੇਣ ਦਾ ਵੀ ਅਧਿਕਾਰ ਹੋਵੇਗਾ। ਡੇਰਾ ਬਿਆਸ ਵੱਲੋਂ ਜਾਰੀ ਪੱਤਰ ਵਿਚ ਆਖਿਆ ਗਿਆ ਹੈ ਕਿ ਪਿਆਰੀ ਸੰਗਤ ਜੀ, ਸਤਿਗੁਰੂ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਸੁਖਦੇਵ ਸਿੰਘ ਗਿੱਲ



ਦੇ ਪੁੱਤਰ ਜਸਦੀਪ ਸਿੰਘ ਗਿੱਲ ਨੂੰ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਥਾਪ ਦਿੱਤਾ ਹੈ। ਉਹ 4 ਸਤੰਬਰ (ਅੱਜ) ਤੋਂ ਤੁਰੰਤ ਪ੍ਰਭਾਵ ਨਾਲ ਸਰਪ੍ਰਸਤ ਦੇ ਰੂਪ ਵਿਚ ਉਨ੍ਹਾਂ ਦੀ ਜਗ੍ਹਾ ਲੈਣਗੇ। ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਜਿਸ ਤਰ੍ਹਾਂ ਹਜੂਰ ਮਹਾਰਾਜ ਜੀ ਤੋਂ ਬਾਅਦ ਉਨ੍ਹਾਂ ਨੂੰ ਸੰਗਤ ਦਾ ਭਰਪੂਰ ਸਹਿਯੋਗ ਅਤੇ ਪਿਆਰ ਮਿਲਿਆ ਹੈ, ਉਸੇ ਤਰ੍ਹਾਂ ਉਨ੍ਹਾਂ (ਜਸਦੀਪ ਗਿੱਲ) ਨੂੰ ਸੰਤ ਸਤਿਗੁਰੂ ਦੇ ਰੂਪ ਵਿਚ ਉਨ੍ਹਾਂ ਦੀ ਸੇਵਾ ਨਿਭਾਉਣ ਵਿਚ ਪਿਆਰ ਅਤੇ ਸਹਿਯੋਗ ਦਿੱਤਾ ਜਾਵੇ। ਜਸਦੀਪ ਸਿੰਘ ਗਿੱਲ, ਰਾਧਾ ਸੁਆਮੀ ਸਤਿਸੰਗ ਬਿਆਸ ਸੁਸਾਇਟੀ ਦੇ ਸੰਤ ਸਤਿਗੁਰੂ ਦੇ ਰੂਪ ਵਿਚ ਬਾਬਾ ਗੁਰਿੰਦਰ ਸਿੰਘ ਢਿੱਲੋਂ ਦੀ ਜਗ੍ਹਾ ਲੈਣਗੇ ਅਤੇ ਉਨ੍ਹਾਂ ਨੂੰ ਨਾਮ ਦਾਨ ਦੇਣ ਦਾ ਅਧਿਕਾਰ ਹੋਵੇਗਾ।

ਗੁਰਦੁਆਰਾ ਚਰਨਘਾਟ ਦੇ ਬਾਬੇ ਨੇ ਕਰ 'ਤਾ ਵੱਡਾ ਕਾਰਾ, ਪੁਲਸ ਨੇ ਕੀਤਾ ਗ੍ਰਿਫਤਾਰ

ਜਗਰਾਓਂ 4 ਸਤੰਬਰ। ਜਗਰਾਓਂ ਦੇ ਨਾਲ ਅਖਾੜਾ ਨਹਿਰ ਉੱਪਰ ਸਥਿਤ ਗੁ. ਚਰਨ ਘਾਟ ਦੇ ਬਾਬਾ ਬਲਜਿੰਦਰ ਸਿੰਘ ਉੱਪਰ ਜਬਰ-ਜ਼ਿਨਾਹ ਦਾ ਕੇਸ ਦਰਜ ਕੀਤਾ ਗਿਆ ਹੈ। ਥਾਣਾ ਸਿਟੀ ਦੇ ਐੱਸ. ਐੱਚ. ਓ. ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਬੀਤੀ ਸਵੇਰ ਤੋਂ ਹੀ ਭਾਈ ਅੰਮ੍ਰਿਤਪਾਲ ਸਿੰਘ ਮਹਿਰੋ ਵਲੋਂ ਕੀਤੇ ਖੁਲਾਸੇ ਦੀ ਵੀਡੀਓ ਜੰਗਲ ਦੀ ਅੱਗ ਵਾਂਗ ਫੈਲ ਗਈ। ਭਾਈ ਅੰਮ੍ਰਿਤਪਾਲ ਸਿੰਘ ਮਹਿਰੋ ਨੇ ਦੱਸਿਆ ਕਿ ਅਖਾੜਾ ਨਹਿਰ ਪੁਲ 'ਤੇ ਸਥਿਤ ਗੁ. ਚਰਨਘਾਟ ਦੇ ਬਾਬਾ ਬਲਜਿੰਦਰ ਸਿੰਘ ਨੇ ਇਕ ਔਰਤ ਨਾਲ ਜਬਰ-ਜ਼ਿਨਾਹ ਕੀਤਾ ਹੈ ਅਤੇ ਬਾਬੇ ਨੇ ਭੋਰੇ ਵਿਚ ਹੋਰ ਔਰਤਾਂ ਨਾਲ ਵੀ ਸਰੀਰਕ ਸਬੰਧ ਬਣਾਏ ਹਨ। ਪੀੜਤਾ ਨੇ ਦੱਸਿਆ ਕਿ ਬਾਬਾ ਉਸ ਨੂੰ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਕਾਫੀ ਸਮੇਂ ਤੋਂ ਜਬਰ-ਜ਼ਿਨਾਹ ਕਰਦਾ ਆ ਰਿਹਾ ਸੀ। ਪੀੜਤਾ ਨੇ ਥਾਣਾ ਸਿਟੀ ਵਿਖੇ ਬਿਆਨ ਦੇ ਕੇ ਉਸ ਖ਼ਿਲਾਫ ਮਾਮਲਾ ਦਰਜ ਕਰਵਾਇਆ ਹੈ। ਪੁਲਸ ਨੇ ਮੁਲਜਮ ਨੂੰ ਗ੍ਰਿਫਤਾਰ ਕਰ ਲਿਆ ਹੈ। ਬਾਬੇ ਨੂੰ ਹਿਰਾਸਤ ਵਿਚ ਲੈਣ ਉਪਰੰਤ ਪੁਲਸ ਵਲੋਂ ਗੁਰਦੁਆਰੇ ਵਿਚ ਬਿਰਾਜਮਾਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਗੱਲਬਾਤ ਕੀਤੀ ਗਈ ਅਤੇ ਸ਼੍ਰੋਮਣੀ ਕਮੇਟੀ ਅਧੀਨ ਆਉਂਦੇ ਗੁਰਦੁਆਰਾ ਗੁਰੂਸਰ ਸਾਹਿਬ ਦੀ ਸਮੁੱਚੀ ਟੀਮ ਗੁ. ਚਰਨਘਾਟ ਪਹੁੰਚੀ ਤੇ ਪੁਲਸ ਅਧਿਕਾਰੀਆਂ ਦੀ ਹਾਜਰੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨੂੰ ਗੁਰ ਮਰਿਆਦਾ ਅਨੁਸਾਰ ਗੁਰਦੁਆਰਾ ਗੁਰੂਸਰ ਸਾਹਿਬ ਵਿਖੇ ਲਿਆਂਦਾ ਗਿਆ। ਇਸ ਮੌਕੇ ਦਸਮੇਸ ਤਰਨਾ ਦਲ ਦੇ ਬਾਬਾ ਸੁਖਦੇਵ ਸਿੰਘ ਲੋਪੋਂ ਨੇ ਕਿਹਾ ਕਿ ਇਹੋ ਜਿਹੇ ਬਾਬਿਆਂ ਕਰਕੇ ਹੀ ਅਸੀਂ ਬਦਨਾਮ ਹੋ ਰਹੇ ਹਾਂ। ਉਨ੍ਹਾਂ ਪੁਲਸ ਅਧਿਕਾਰੀਆਂ ਤੋਂ ਮੰਗ ਕੀਤੀ ਬਾਬਾ ਬਲਜਿੰਦਰ ਸਿੰਘ ਖ਼ਿਲਾਫ ਸਖਤ ਕਾਰਵਾਈ ਕੀਤੀ ਜਾਵੇ।

ਜਾਵੇਦ ਅੰਕਲ ਨੇ ਚਾਕੂ ਨਾਲ ਵੱਢਿਆ ਗਲਾ

ਕਿਸ਼ਨ ਪਾਲ

ਮੇਰਠ 4 ਸਤੰਬਰ। ਉੱਤਰ ਪ੍ਰਦੇਸ ਦੇ ਮੇਰਠ 'ਚ 30 ਦਸੰਬਰ 2020 ਨੂੰ ਹੋਏ ਬਿਊਟੀਸੀਅਨ ਨਰਗਿਸ ਕਤਲ ਕੇਸ ਵਿੱਚ ਇਹ ਫੈਸਲਾ ਆਇਆ ਹੈ। ਕਾਤਲ ਪ੍ਰੇਮੀ ਆਟੋ ਚਾਲਕ ਜਾਵੇਦ ਨੂੰ ਉਮਰ ਕੈਦ ਦੀ ਸਜਾ ਸੁਣਾਈ ਗਈ ਹੈ। 5 ਬੱਚਿਆਂ ਦੀ ਮਾਂ, ਨਰਗਿਸ ਦਾ ਪਤੀ ਦਿੱਲੀ 'ਚ ਕਾਰੋਬਾਰ ਕਰਦਾ ਸੀ, ਪਰ ਉਹ ਆਪਣੇ ਪਤੀ ਦੇ ਬਾਵਜੂਦ ਜਾਵੇਦ ਨਾਲ ਪਿਆਰ ਕਰਦੀ ਸੀ, ਪਰ ਉਹ ਆਪਣੇ ਤੀਜੇ ਪ੍ਰੇਮੀ ਸੋਨੂੰ ਨਾਲ ਵਿਆਹ ਕਰਨਾ ਚਾਹੁੰਦੀ ਸੀ। ਇਸ ਦਾ ਪਤਾ ਲੱਗਣ ਤੋਂ ਬਾਅਦ ਜਾਵੇਦ ਨੇ ਪੰਜ ਬੱਚਿਆਂ ਦੇ ਸਾਹਮਣੇ ਨਰਗਿਸ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ। ਬੱਚਿਆਂ ਦੀ ਗਵਾਹੀ 'ਤੇ ਕਾਤਲ ਨੂੰ ਦੋਸੀ ਠਹਿਰਾਇਆ ਗਿਆ ਹੈ। ਜ਼ਿਕਰਯੋਗ ਹੈ ਕਿ 30 ਦਸੰਬਰ 2020 ਨੂੰ ਟੈਂਪੂ ਚਾਲਕ ਜਾਵੇਦ, ਵਾਸੀ ਪਡੀਆਂ, ਕੋਤਵਾਲੀ ਨੇ ਬ੍ਰਹਮਪੁਰੀ ਹਰੀਨਗਰ ਦੀ ਰਹਿਣ ਵਾਲੀ ਬਿਊਟੀਸੀਅਨ ਨਰਗਿਸ ਦੇ ਘਰ ਦਾਖਲ ਹੋ ਕੇ ਉਸ ਦਾ ਗਲਾ ਵੱਢ ਕੇ ਕਤਲ ਕਰ ਦਿੱਤਾ ਸੀ। ਕਤਲ ਦੇ ਸਮੇਂ ਨਰਗਿਸ ਪੰਜ ਬੱਚਿਆਂ ਨਾਲ ਘਰ ਵਿੱਚ ਸੀ। ਨਰਗਿਸ ਦੇ ਭਰਾ ਗੁਲਜਾਰੇ ਇਬਰਾਹਿਮ ਬ੍ਰਹਮਪੁਰੀ, ਜੋ ਕਿ ਅਮੀਸ ਵਾਸੀ ਹੈ, ਨੇ ਜਾਵੇਦ ਖਿਲਾਫ ਕਤਲ ਅਤੇ ਆਰਮਜ

ਐਕਟ ਤਹਿਤ ਰਿਪੋਰਟ ਦਰਜ ਕਰਵਾਈ ਸੀ। ਪੁਲਸ ਨੇ ਜਾਵੇਦ ਨੂੰ ਮੌਕੇ ਤੋਂ ਗ੍ਰਿਫਤਾਰ ਕਰ ਲਿਆ। ਪੁਲਸ ਨੇ ਦੱਸਿਆ ਕਿ ਜਾਵੇਦ ਦੀ ਨਰਗਿਸ ਨਾਲ ਦੋਸਤੀ ਸੀ। ਜਾਵੇਦ ਨੇ ਉਸ ਦੇ ਘਰ ਆਉਣਾ-ਜਾਣਾ ਸੀ। ਜਾਵੇਦ ਨਰਗਿਸ ਨੂੰ ਆਪਣੇ ਨਾਲ ਰੱਖਣਾ ਚਾਹੁੰਦਾ ਸੀ। ਨਰਗਿਸ ਨੇ ਉਸ ਨਾਲ ਰਹਿਣ ਤੋਂ ਇਨਕਾਰ ਕਰ ਦਿੱਤਾ ਸੀ। ਇਸ ਮਾਮਲੇ 'ਚ ਨਰਗਿਸ ਦੇ 10 ਸਾਲਾ ਬੇਟੇ ਸਾਹ ਫੈਜਲ ਨੇ ਗਵਾਹੀ ਦਿੱਤੀ ਸੀ ਕਿ ਘਟਨਾ ਵਾਲੇ ਦਿਨ ਸਵੇਰੇ 9 ਵਜੇ ਉਹ ਅਤੇ ਉਸ ਦਾ ਭਰਾ ਅਨੀਸ, ਅਰਥ, ਅਬਦੁੱਲਾ, ਛੋਟੀ ਭੈਣ ਹਿਬਜਾ ਅਤੇ ਮਾਂ ਨਰਗਿਸ ਘਰ 'ਚ ਮੌਜੂਦ ਸਨ। ਉਸ ਦਾ ਪਿਤਾ ਕੰਮ 'ਤੇ ਗਿਆ ਹੋਇਆ ਸੀ। ਘਰ ਦਾ ਦਰਵਾਜਾ ਖੁੱਲ੍ਹਾ ਸੀ